ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 23 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੧੧ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## 'ਜੇ ਅਰਵਿੰਦ ਕੇਜਰੀਵਾਲ ਰਾਹਤ ਚਾਹੁੰਦੇ ਨੇ ਤਾਂ...', ਦਿੱਲੀ ਹਾਈਕੋਰਟ ਨੇ ਪਟੀਸ਼ਨਕਰਤਾ ਨੂੰ ਠੋਕਿਆ ਜੁਰਮਾਨਾ

**ਨਵੀਂ ਦਿੱਲੀ, 22 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਹਾਈ ਕੋਰਟ ਨੇ ਸੋਮਵਾਰ (22 ਅਪ੍ਰੈਲ) ਨੂੰ ਦਿੱਲੀ ਦੇ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਰਾਹਤ ਦੇਣ ਦੀ ਮੰਗ ਵਾਲੀ ਪਟੀਸ਼ਨ ਨੂੰ ਰੱਦ ਕਰ ਦਿੱਤਾ। ਨਾਲ ਹੀ ਦਿੱਲੀ ਹਾਈਕੋਰਟ ਨੇ ਪਟੀਸ਼ਨਕਰਤਾ 'ਤੇ 75 ਹਜ਼ਾਰ ਰੁਪਏ ਦਾ ਜੁਰਮਾਨਾ ਵੀ ਲਗਾਇਆ ਹੈ। ਹਾਈਕੋਰਟ ਨੇ ਕਿਹਾ ਕਿ ਪਟੀਸ਼ਨਰ ਦੀ ਇਸ ਮਾਮਲੇ ਵਿੱਚ ਕੋਈ ਸਿੱਧੀ ਸ਼ਮੂਲੀਅਤ ਨਹੀਂ ਹੈ। ਹਾਈਕੋਰਟ ਨੇ ਕਿਹਾ, "ਅਰਵਿੰਦ ਕੇਜਰੀਵਾਲ ਜੇਲ੍ਹ ਦੇ ਅੰਦਰ ਹਨ ਅਤੇ ਉਹ ਖੁਦ ਅਦਾਲਤ ਵਿੱਚ ਪਟੀਸ਼ਨ ਦਾਇਰ ਕਰ ਸਕਦੇ ਹਨ।" ਜੇ ਉਹ ਕਿਸੇ ਤਰ੍ਹਾਂ ਦੀ ਰਾਹਤ ਚਾਹੁੰਦਾ ਹੈ ਤਾਂ ਉਹ ਪਟੀਸ਼ਨ ਦਾਇਰ ਕਰ ਸਕਦਾ ਹੈ। ਹਾਈ ਕੋਰਟ ਵਿੱਚ ਦਾਇਰ ਜਨਹਿਤ ਪਟੀਸ਼ਨ ਰਾਹੀਂ ਅਦਾਲਤ ਤੋਂ ਮੰਗ ਕੀਤੀ ਗਈ ਸੀ ਕਿ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਉਨ੍ਹਾਂ ਦੇ ਬਾਕੀ ਰਹਿੰਦੇ ਕਾਰਜਕਾਲ ਲਈ ਵਿਸ਼ੇਸ਼ ਅੰਤਰਿਮ ਜ਼ਮਾਨਤ ਦਿੱਤੀ ਜਾਵੇ। ਪਟੀਸ਼ਨਕਰਤਾ ਨੇ 'ਵੀ ਦਿ ਪੀਪਲ ਆਫ ਇੰਡੀਆ' ਦੇ ਨਾਂਅ 'ਤੇ ਪਟੀਸ਼ਨ ਦਾਇਰ ਕੀਤੀ ਸੀ। ਉਸ ਨੇ ਦਲੀਲ ਦਿੱਤੀ ਕਿ ਉਹ ਆਪਣਾ ਨਾਂਅ ਨਹੀਂ ਵਰਤ ਰਿਹਾ ਕਿਉਂਕਿ ਉਹ ਕੋਈ ਪ੍ਰਚਾਰ ਨਹੀਂ ਚਾਹੁੰਦਾ ਸੀ। ਕੇਜਰੀਵਾਲ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਰਾਹੁਲ ਮਹਿਰਾ ਨੇ ਪਟੀਸ਼ਨ ਦਾ ਵਿਰੋਧ ਕੀਤਾ। ਉਨ੍ਹਾਂ ਕਿਹਾ ਕਿ ਇਹ ਪੂਰੀ ਤਰ੍ਹਾਂ ਅਸਵੀਕਾਰਨਯੋਗ ਹੈ। ਅਜਿਹੀ ਅਰਜ਼ੀ ਕਿਵੇਂ ਦਿੱਤੀ ਜਾ ਸਕਦੀ ਹੈ? ਇਸ ਤਰ੍ਹਾਂ ਦੇ ਮਾਮਲੇ 'ਚ ਇਹ ਵਿਅਕਤੀ ਕੌਣ ਹੈ?

# ਕਿਸਾਨਾਂ ਨੇ ਘੇਰ ਲਿਆ ਭਾਜਪਾ ਉਮੀਦਵਾਰ

# ਪੁਲਿਸ ਦੀਆਂ ਰੋਕਾਂ ਤੋੜ ਕੀਤੀ ਸਵਾਲਾਂ ਦੀ ਬੁਛਾੜ




**ਗੁਰਦਾਸਪੁਰ, 22 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਭਾਜਪਾ ਉਮੀਦਵਾਰ ਦਿਨੇਸ਼ ਸਿੰਘ ਬੱਬੂ ਨੇ ਅੱਜ ਜ਼ਿਲ੍ਹਾ ਗੁਰਦਾਸਪੁਰ ਦੇ ਕਸਬਾ ਫਤਿਹਗੜ੍ਹ ਚੂੜੀਆਂ ਵਿੱਚ ਚੋਣ ਮੀਟਿੰਗ 'ਚ ਹਿੱਸਾ ਲੈਣਾ ਸੀ। ਇਸ ਦੇ ਚੱਲਦੇ ਬੀਜੇਪੀ ਉਮੀਦਵਾਰ ਦਾ ਵਿਰੋਧ ਕਰਨ ਲਈ ਵੱਡੀ ਗਿਣਤੀ ਵਿੱਚ ਕਿਸਾਨ ਇਕੱਠੇ ਹੋ ਕੇ ਪਹੁੰਚ ਗਏ। ਉੱਥੇ ਹੀ ਪੁਲਿਸ ਪ੍ਰਸ਼ਾਸਨ ਵੱਲੋਂ ਵੀ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਪਰ ਪੁਲਿਸ ਵੱਲੋਂ ਜਦ ਕਿਸਾਨਾਂ ਨੂੰ ਰੋਕਿਆ ਗਿਆ ਤਾਂ ਉਨ੍ਹਾਂ ਨੇ ਪੁਲਿਸ ਨਾਕੇ ਤੇ ਰੋਕਾਂ ਤੋਂ ਟੱਪ ਕੇ ਭਾਜਪਾ ਦੀ ਮੀਟਿੰਗ ਵਾਲੀ ਥਾਂ ਨੂੰ ਘੇਰਾ ਪਾ ਲਿਆ। ਉੱਥੇ ਹੀ ਇਸ ਵਿਚਾਲੇ ਕਿਸਾਨਾਂ ਦਾ ਪੁਲਿਸ ਨਾਲ ਮਾਮੂਲੀ ਟਕਰਾਅ ਵੀ ਹੋਇਆ। ਭਾਜਪਾ ਉਮੀਦਵਾਰ ਦਿਨੇਸ਼ ਸਿੰਘ ਬੱਬੂ ਦੇ ਨਾਲ ਭਾਜਪਾ ਨੇਤਾ ਫ਼ਤਿਹਜੰਗ ਸਿੰਘ ਬਾਜਵਾ ਵੀ ਮੀਟਿੰਗ ਵਿੱਚ ਸ਼ਾਮਲ ਸਨ। ਜਿੱਥੇ ਮੀਟਿੰਗ ਹੋ ਰਹੀ ਸੀ, ਉਸ ਹਾਲ ਦੇ ਬਾਹਰ ਕਿਸਾਨਾਂ ਵੱਲੋਂ ਜੰਮ ਕੇ ਭਾਜਪਾ ਖਿਲਾਫ ਨਾਅਰੇਬਾਜੀ ਕੀਤੀ ਗਈ। ਭਾਜਪਾ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਨ ਤੋਂ ਬਾਅਦ ਜਦੋਂ ਦਿਨੇਸ਼ ਸਿੰਘ ਬੱਬੂ ਬਾਹਰ ਨਿਕਲੇ ਤਾਂ ਕਿਸਾਨਾਂ ਨੇ ਘੇਰ ਲਿਆ ਤੇ ਆਪਣੀਆਂ ਮੰਗਾਂ ਨੂੰ ਲੈ ਕੇ ਕਈ ਸਵਾਲ ਪੁੱਛੇ। ਭਾਜਪਾ ਉਮੀਦਵਾਰ ਨੇ ਕਈ ਸਵਾਲਾਂ ਦੇ ਜਵਾਬ ਦਿੱਤੇ ਤੇ ਕਈ ਸਵਾਲਾਂ ਦੇ ਜਵਾਬ ਦਿੱਤੇ ਬਿਨਾ ਹੀ ਉੱਥੋਂ ਚਲੇ ਗਏ। ਉੱਥੇ ਹੀ ਕਿਸਾਨਾਂ ਦਾ ਕਹਿਣਾ ਸੀ ਕਿ ਉਨ੍ਹਾਂ ਉਪਰ ਪੁਲਿਸ ਨੇ ਲਾਠੀਚਾਰਜ ਵੀ ਕੀਤਾ ਹੈ।

## ਕਿਸਾਨਾਂ ਨੂੰ ਇੱਟਾਂ ਮਾਰਨ ਵਾਲੇ ਬੀਜੇਪੀ ਵਰਕਰ ਕਸੂਤੇ ਫਸੇ ! ਪੁਲਿਸ ਨੇ ਠੋਕਿਆ ਮੁਕੱਦਮਾ

**ਅੰਮ੍ਰਿਤਸਰ, 22 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ 'ਚ ਭਾਰਤੀ ਜਨਤਾ ਪਾਰਟੀ ਦੇ ਪ੍ਰੋਗਰਾਮ ਦਾ ਵਿਰੋਧ ਕਰਨ ਆਏ ਕਿਸਾਨਾਂ 'ਤੇ ਇੱਟਾਂ-ਪੱਥਰ ਸੁੱਟਣ ਵਾਲੇ ਭਾਜਪਾ ਵਰਕਰਾਂ ਖਿਲਾਫ ਐਫਆਈਆਰ ਦਰਜ ਕੀਤੀ ਗਈ ਹੈ। ਜਦੋਂ ਇਹ ਘਟਨਾ ਵਾਪਰੀ ਸੀ ਤਾਂ ਪੁਲਿਸ ਪ੍ਰਸ਼ਾਸਨ ਵੀ ਉਥੇ ਮੌਜੂਦ ਸੀ। ਘਟਨਾ ਤੋਂ ਬਾਅਦ ਕਿਸਾਨਾਂ ਨੇ ਅਗਲੇ ਹੀ ਦਿਨ ਅੰਮ੍ਰਿਤਸਰ ਦਿਹਾਤੀ ਦੇ ਐਸਐਸਪੀ ਦਫ਼ਤਰ ਦਾ ਘਿਰਾਓ ਕੀਤਾ ਸੀ ਤੇ ਐਫਆਈਆਰ ਦਰਜ ਕਰਨ ਦੀ ਮੰਗ ਕੀਤੀ ਸੀ। ਇਸ ਪੂਰੀ ਘਟਨਾ ਵਿੱਚ ਅੱਧੀ ਦਰਜਨ ਦੇ ਕਰੀਬ ਕਿਸਾਨ ਜ਼ਖ਼ਮੀ ਹੋ ਗਏ ਸੀ। ਇਹ ਘਟਨਾ ਬੀਤੇ ਬੁੱਧਵਾਰ 17 ਅਪ੍ਰੈਲ ਦੀ ਸ਼ਾਮ ਨੂੰ ਵਾਪਰੀ ਸੀ। ਅੰਮ੍ਰਿਤਸਰ 'ਚ ਲੋਪੋਕੇ ਅਧੀਨ ਪੈਂਦੇ ਪਿੰਡ ਭੱਟੇਵਡ 'ਚ ਭਾਜਪਾ ਆਗੂ ਮੁਖਵਿੰਦਰ ਸਿੰਘ ਮਾਹਲ ਵੱਲੋਂ ਪ੍ਰੋਗਰਾਮ ਕਰਵਾਇਆ ਗਿਆ ਸੀ। ਇਸ ਸਬੰਧੀ ਸੂਚਨਾ ਮਿਲਣ 'ਤੇ ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਦੇ ਵਰਕਰ ਝੰਡੇ ਲੈ ਕੇ ਪੁੱਜ ਗਏ ਸੀ। ਇਸ ਤੋਂ ਬਾਅਦ ਪਿੰਡ ਭਿੱਟੇਵੱਡ ਦੇ ਮੁੱਖ ਭਾਜਪਾ ਪ੍ਰਚਾਰਕ ਜਗਬੀਰ ਸਿੰਘ ਤੇ ਕੇਵਲ ਸਿੰਘ ਨੇ ਕਿਸਾਨਾਂ ਨਾਲ ਬਹਿਸ ਕਰਨੀ ਸ਼ੁਰੂ ਕਰ ਦਿੱਤੀ। ਜਾਂਚ ਤੋਂ ਬਾਅਦ ਪੁਲਿਸ ਨੇ ਨਰਿੰਦਰ ਸਿੰਘ ਦੀ ਸ਼ਿਕਾਇਤ 'ਤੇ ਦੋਵਾਂ ਖ਼ਿਲਾਫ਼ ਆਈਪੀਸੀ 1860 ਦੀ ਧਾਰਾ 323, 324, 506 ਤੇ 34 ਤਹਿਤ ਮਾਮਲਾ ਦਰਜ ਕਰ ਲਿਆ ਹੈ। ਘਟਨਾ ਵਾਲੇ ਦਿਨ ਪੁਲਿਸ ਮੌਕੇ 'ਤੇ ਮੌਜੂਦ ਸੀ ਪਰ ਬਹਿਸ ਦੌਰਾਨ ਦੋਵਾਂ ਧਿਰਾਂ ਨੇ ਗਾਲ੍ਹਾਂ ਕੱਢਣੀਆਂ ਸ਼ੁਰੂ ਕਰ ਦਿੱਤੀਆਂ ਤੇ ਫਿਰ ਧੱਕਾ-ਮੁੱਕੀ ਸ਼ੁਰੂ ਹੋ ਗਈ। ਪੁਲਿਸ ਦੋਵਾਂ ਧਿਰਾਂ ਵਿਚਕਾਰ ਦੀਵਾਰ ਬਣ ਕੇ ਖੜ੍ਹੀ ਰਹੀ ਸੀ। ਇਸ ਦੌਰਾਨ ਭਾਜਪਾ ਵਰਕਰਾਂ ਨੇ ਕਿਸਾਨਾਂ 'ਤੇ ਪਥਰਾਅ ਸ਼ੁਰੂ ਕਰ ਦਿੱਤਾ ਸੀ। ਘਟਨਾ ਸਮੇਂ ਕਿਸਾਨਾਂ ਨੂੰ ਬਚਾਅ ਲਈ ਭੱਜਣਾ ਪਿਆ। ਇਸ ਘਟਨਾ ਵਿੱਚ ਗੁਰਵੇਲ ਸਿੰਘ ਢੋਲ, ਪ੍ਰਗਟ ਸਿੰਘ ਖਿਆਲ, ਬਲਕਾਰ ਸਿੰਘ ਕਾਲੇ ਘਣੂਪੁਰ ਆਦਿ ਗੰਭੀਰ ਜ਼ਖ਼ਮੀ ਹੋ ਗਏ ਸੀ। ਇਸ ਤੋਂ ਬਾਅਦ ਉਨ੍ਹਾਂ ਨੂੰ ਹਸਪਤਾਲ ਭੇਜ ਕੇ ਇਲਾਜ ਕਰਵਾਇਆ ਗਿਆ ਸੀ। ਕਿਸਾਨਾਂ ਦਾ ਦੋਸ਼ ਹੈ ਕਿ ਪੁਲਿਸ ਕਿਸਾਨਾਂ ਨੂੰ ਰੋਕਣ ਲਈ ਵਿਚਕਾਰ ਖੜ੍ਹੀ ਰਹੀ ਜਿਸ ਦਾ ਫਾਇਦਾ ਉਠਾਉਂਦਿਆਂ ਭਾਜਪਾ ਵਰਕਰਾਂ 'ਤੇ ਪਥਰਾਅ ਸ਼ੁਰੂ ਕਰ ਦਿੱਤਾ।

## ਦੇਸ਼ ਨਾਲੋਂ ਵੱਖਰਾ ਰਹਿੰਦਾ ਪੰਜਾਬੀਆਂ ਦਾ ਮੂਡ ! ਕੋਈ ਵੀ ਪਾਰਟੀ ਨਹੀਂ ਜਿੱਤ ਸਕੀ ਪੂਰਾ ਪੰਜਾਬ, ਜਾਣੋ ਹੁਣ ਤੱਕ ਦਾ ਇਤਿਹਾਸ



**ਚੰਡੀਗੜ੍ਹ, 22 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-1966 ਵਿੱਚ ਬਣੇ 'ਨਵੇਂ ਪੰਜਾਬ' ਵਿੱਚ ਸ਼ੁਰੂਆਤੀ ਦੌਰ ਵਿੱਚ ਦੋ ਪਾਰਟੀਆਂ ਵਿਚਾਲੇ ਸਿਆਸੀ ਟਸਲ ਰਹੀ ਹੈ। 1967 ਤੋਂ 2019 ਤੱਕ ਸੂਬੇ ਵਿੱਚ 14 ਵਾਰ ਲੋਕ ਸਭਾ ਚੋਣਾਂ ਹੋ ਚੁੱਕੀਆਂ ਹਨ ਜਿਸ ਵਿੱਚ ਦੋ ਵਾਰ ਕਾਂਗਰਸ ਨੇ 12 ਸੀਟਾਂ ਜਿੱਤੀਆਂ ਤੇ ਸ਼੍ਰੋਮਣੀ ਅਕਾਲੀ ਦਲ ਨੇ ਤਿੰਨ ਵਾਰ 8 ਸੀਟਾਂ ਉੱਤੇ ਜਿੱਤ ਦਰਜ ਕੀਤੀ। 1989 ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ ਵੀ ਸਾਰਿਆਂ ਨੂੰ ਹੈਰਾਨ ਕਰ ਦਿੱਤਾ ਸੀ ਤੇ ਇਸ ਤੋਂ ਬਾਅਦ 2014 ਵਿੱਚ ਆਮ ਆਦਮੀ ਪਾਰਟੀ ਦੇ ਨਤੀਜੇ ਵੀ ਹੈਰਾਨੀਜਨਕ ਸੀ ਪਰ ਹਾਲ ਦੀ ਘੜੀ ਤੱਕ ਕੋਈ ਵੀ ਸਿਆਸੀ ਪਾਰਟੀ ਪੂਰਾ ਪੰਜਾਬ ਜਿੱਤਣ ਵਿੱਚ ਸਫ਼ਲ ਨਹੀਂ ਹੋ ਸਕੀ ਹੈ।

**ਕਾਂਗਰਸ ਨੇ ਕਦੋਂ ਜਿੱਤੀਆਂ ਸੀ 12 ਸੀਟਾਂ** : 1991 ਦੀਆਂ ਲੋਕ ਸਭਾ ਚੋਣਾਂ ਵਿੱਚ ਕਾਂਗਰਸ ਨੇ 13 ਵਿੱਚੋਂ 12 ਸੀਟਾਂ ਜਿੱਤ ਕੇ ਇਤਿਹਾਸ ਰਚ ਦਿੱਤਾ ਸੀ ਤੇ ਇਨ੍ਹਾਂ ਚੋਣਾਂ ਵਿੱਚ ਬਹੁਜਨ ਸਮਾਜ ਪਾਰਟੀ ਦੇ ਹਿੱਸੇ ਵਿੱਚ ਇੱਕ ਸੀਟ ਆਈ ਸੀ। ਇਸ ਤੋਂ ਪਹਿਲਾਂ 1967 ਵਿੱਚ ਕਾਂਗਰਸ 9 ਸੀਟਾਂ ਜਿੱਤ ਕੇ ਵੱਡੀ ਪਾਰਟੀ ਵਜੋਂ ਉੱਭਰੀ ਸੀ। ਇਸ ਤੋਂ ਬਾਅਦ ਜੇ ਤਾਜ਼ਾ ਹਲਾਤਾਂ ਦੀ ਗੱਲ ਕਰੀਏ ਤਾਂ 2019 ਦੀਆਂ ਚੋਣਾਂ ਵਿੱਚ ਵੀ ਕਾਂਗਰਸ 8 ਸੀਟਾਂ ਜਿੱਤ ਕੇ ਪੰਜਾਬ ਦੀ ਸਭ ਤੋਂ ਵੱਡੀ ਧਿਰ ਬਣੀ ਸੀ।

**ਸ਼੍ਰੋਮਣੀ ਅਕਾਲੀ ਦਲ ਦਾ ਲੋਕ ਸਭਾ ਚੋਣਾਂ 'ਚ ਪ੍ਰਦਰਸ਼ਨ** : ਪੰਜਾਬ ਵਿੱਚ ਕਾਂਗਰਸ ਤੋਂ ਬਾਅਦ ਵੱਧ ਸੀਟਾਂ ਜਿੱਤਣ ਦਾ ਸਿਹਰਾ ਸ਼੍ਰੋਮਣੀ ਅਕਾਲੀ ਦਲ ਦੇ ਸਿਰ ਬੱਝਦਾ ਹੈ। ਅਕਾਲੀ ਦਲ ਨੇ 1996 ਦੀਆਂ ਚੋਣਾਂ ਵਿੱਚ 8 ਸੀਟਾਂ ਜਿੱਤੀਆਂ ਸਨ ਜਦੋਂ ਕਿ ਬਹੁਜਨ ਸਮਾਜ ਪਾਰਟੀ ਕੋਲ 3 ਤੇ ਕਾਂਗਰਸ ਦੇ ਪੱਲੇ 2 ਹੀ ਸੀਟਾਂ ਆਈਆਂ ਸਨ। ਸ਼੍ਰੋਮਣੀ ਅਕਾਲੀ ਦਲ ਨੇ 1998 ਤੇ 2004 ਦੀਆਂ ਚੋਣਾਂ ਵਿੱਚ ਵੀ ਇਹੀ ਪਿਰਤ ਜਾਰੀ ਰੱਖੀ।

**ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ ਸਾਰਿਆਂ ਨੂੰ ਕੀਤਾ ਹੈਰਾਨ** : ਜੇ ਗੱਲ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਕੀਤੀ ਜਾਵੇ ਤਾਂ 1989 ਦੀਆਂ ਚੋਣਾਂ ਵਿੱਚ ਪਾਰਟੀ ਨੇ ਸਾਰਿਆਂ ਨੂੰ ਹੈਰਾਨ ਕਰ ਦਿੱਤਾ ਸੀ। ਪਾਰਟੀ ਨੇ ਪੰਜਾਬ ਦੀਆਂ 6 ਸੀਟਾਂ ਉੱਤੇ ਜਿੱਤ ਦਰਜ ਕੀਤੀ ਸੀ। ਇਸ ਦੌਰਾਨ ਪੰਜਾਬ ਲਿੱਚ ਸਭ ਤੋਂ ਵੱਧ ਵੋਟਾਂ ਨਾਲ ਜਿੱਤਣ ਦਾ ਇਤਿਹਾਸ ਦੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦਾ ਹੈ। ਇਨ੍ਹਾਂ ਚੋਣਾਂ ਵਿੱਚ ਸਿਮਰਨਜੀਤ ਸਿੰਘ ਮਾਨ ਨੇ 4,80,417 ਵੋਟਾਂ ਦੇ ਫਰਕ ਨਾਲ ਵਿਰੋਧੀ ਨੂੰ ਹਰਾਇਆ ਸੀ।

**ਨਵੀਂ ਪਾਰਟੀ ਨੇ ਵੀ ਕੀਤੀ ਸੀ ਕਮਾਲ** : 2014 ਦੀਆਂ ਲੋਕ ਸਭਾ ਚੋਣਾਂ ਵਿੱਚ ਸਿਆਸਤ ਵਿੱਚ ਨਵੀਂ ਪਾਰਟੀ ਆਮ ਆਦਮੀ ਪਾਰਟੀ ਨੇ 4 ਲੋਕ ਸਭਾ ਸੀਟਾਂ ਉੱਤੇ ਜਿੱਤ ਦਰਜ ਕੀ ਤੀ ਸੀ। ਇਸ ਮੌਕੇ ਭਗਵੰਤ ਮਾਨ ਸਭ ਤੋਂ ਵੱਧ ਵੋਟਾਂ ਨਾਲ ਜਿੱਤ ਕੇ ਪਹਿਲੀ ਵਾਰ ਸੰਸਦ ਪਹੁੰਚੇ ਹਨ।

## ਸ਼੍ਰੋਮਣੀ ਅਕਾਲੀ ਦਲ ਨੇ ਉਮੀਦਵਾਰਾਂ ਦਾ ਕੀਤਾ ਐਲਾਨ, ਬਠਿੰਡਾ ਤੋਂ ਹੀ ਲੜੇਗੀ ਹਰਸਿਮਰਤ ਕੌਰ ਬਾਦਲ



**ਚੰਡੀਗੜ੍ਹ, 22 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ ਲਈ ਸ਼੍ਰੋਮਣੀ ਅਕਾਲੀ ਦਲ ਨੇ 6 ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕੀਤਾ ਹੈ ਜਿਸ ਵਿੱਚ ਚੰਡੀਗੜ੍ਹ ਸੀਟ ਤੋਂ ਵੀ ਉਮੀਦਵਾਰ ਦਾ ਨਾਂਅ ਸ਼ਾਮਲ ਹੈ। ਉਮੀਦਵਾਰਾਂ ਦੇ ਨਾਂਅ ਦਾ ਐਲਾਨ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਾਂਗਰਸੀ ਲੀਡਰ ਮਹਿੰਦਰ ਕੇਪੀ ਨੂੰ ਪਾਰਟੀ ਵਿੱਚ ਸ਼ਾਮਲ ਕਰਵਾਉਣ ਤੋਂ ਬਾਅਦ ਕੀਤਾ। ਇਸ ਮੌਕੇ ਮੀਡੀਆ ਦੇ ਮੁਖਾਤਬ ਹੁੰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਟਿਕਟਾਂ ਦੇ ਨਾਵਾਂ ਦਾ ਐਲਾਨ ਕੀਤਾ ਹੈ। ਬਠਿੰਡਾ ਤੋਂ ਹਰਸਿਮਰਤ ਕੌਰ ਬਾਦਲ ਨੂੰ ਉਮੀਦਵਾਰ ਬਣਾਇਆ ਗਿਆ ਹੈ। ਜਲੰਧਰ ਤੋਂ ਮਹਿੰਦਰ ਕੇਪੀ ਨੂੰ ਉਮੀਦਵਾਰ ਬਣਾਇਆ ਗਿਆ ਹੈ। ਹੁਸ਼ਿਆਰਪੁਰ ਤੋਂ ਸਾਬਕਾ ਮੰਤਰੀ ਸੋਹਣ ਸਿੰਘ ਠੰਡਲ ਨੂੰ ਬਣਾਇਆ ਗਿਆ ਹੈ। ਲੁਧਿਆਣਾ ਤੋਂ ਰਣਜੀਤ ਸਿੰਘ ਢਿੱਲੋਂ ਨੂੰ ਟਿਕਟ ਦਿੱਤੀ ਗਈ ਹੈ। ਚੰਡੀਗੜ੍ਹ ਤੋਂ ਹਰਦੀਪ ਸਿੰਘ ਬੁਟਰੇਲਾ ਨੂੰ ਟਿਕਟ ਦਿੱਤੀ ਗਈ ਹੈ। ਫਿਰੋਜ਼ਪੁਰ ਤੋਂ ਬੌਬੀ ਮਾਨ ਨੂੰ ਟਿਕਟ ਦਿੱਤੀ ਗਈਹੈ। ਕਿਹੜੇ ਉਮੀਦਵਾਰਾਂ ਦਾ ਕੀਤਾ ਗਿਆ ਐਲਾਨ

1 ਹਰਸਿਮਰਤ ਕੌਰ ਬਾਦਲ – ਬਠਿੰਡਾ
2 ਨਰਦੇਵ ਸਿੰਘ ਬੌਬੀ ਮਾਨ –ਫਿਰੋਜ਼ਪੁਰ
3 ਰਣਜੀਤ ਸਿੰਘ ਢਿੱਲੋਂ – ਲੁਧਿਆਣਾ
4 ਸੋਹਣ ਸਿੰਘ ਠੰਡਲ – ਹੁਸ਼ਿਆਰਪੁਰ
5 ਮੁਹਿੰਦਰ ਸਿੰਘ ਕੇ.ਪੀ – ਜਲੰਧਰ
6.ਹਰਦੀਪ ਸਿੰਘ ਬੁਟਰੇਲਾ – ਚੰਡੀਗੜ੍ਹ

ਆਵਾਜ਼ਿ ਕੌਮ
AWAZE QAUM
International Newspaper & WEB TV

**ਪਹਿਲਾਂ ਇਨ੍ਹਾਂ ਉਮੀਦਵਾਰਾਂ ਦਾ ਕੀਤਾ ਐਲਾਨ** : ਜ਼ਿਕਰ ਕਰ ਦਈਏ ਕਿ ਇਸ ਤੋਂ ਪਹਿਲਾਂ ਦਲਜੀਤ ਸਿੰਘ ਚੀਮਾ ਨੂੰ ਉਨ੍ਹਾਂ ਦੇ ਗ੍ਰਹਿ ਜ਼ਿਲ੍ਹਾ ਗੁਰਦਾਸਪੁਰ, ਪ੍ਰੇਮ ਸਿੰਘ ਚੰਦੂਮਾਜਰਾ ਨੂੰ ਸ੍ਰੀ ਆਨੰਦਪੁਰ ਸਾਹਿਬ ਅਤੇ ਇਕਬਾਲ ਸਿੰਘ ਝੂੰਦਾਂ ਨੂੰ ਸੰਗਰੂਰ ਤੋਂ ਟਿਕਟ ਦਿੱਤੀ ਗਈ ਹੈ। ਇਨ੍ਹਾਂ ਸੀਨੀਅਰ ਆਗੂਆਂ ਤੋਂ ਬਾਅਦ ਅਕਾਲੀ ਦਲ ਨੇ ਫ਼ਤਹਿਗੜ੍ਹ ਸਾਹਿਬ ਤੋਂ ਆਪਣੇ ਸਾਬਕਾ ਵਿਧਾਇਕ ਬਿਕਰਮਜੀਤ ਸਿੰਘ ਖ਼ਾਲਸਾ ਅਤੇ ਫ਼ਰੀਦਕੋਟ ਤੋਂ ਸਾਬਕਾ ਵਿਧਾਇਕ ਦੇ ਪੁੱਤਰ ਰਾਜਵਿੰਦਰ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਜਦਕਿ ਅੰਮ੍ਰਿਤਸਰ ਤੋਂ ਦੋ ਹਿੰਦੂ ਚਿਹਰੇ ਅਨਿਲ ਜੋਸ਼ੀ ਅਤੇ ਪਟਿਆਲਾ ਤੋਂ ਐਨਕੇ ਸ਼ਰਮਾ ਨੂੰ ਟਿਕਟ ਦਿੱਤੀ ਗਈ ਹੈ। 1996 ਵਿੱਚ ਅਕਾਲੀ ਦਲ ਅਤੇ ਭਾਜਪਾ ਦੇ ਗਠਜੋੜ ਤੋਂ ਬਾਅਦ ਇਹ ਪਹਿਲੀ ਲੋਕ ਸਭਾ ਚੋਣ ਹੈ। ਜਦੋਂ ਅਕਾਲੀ ਦਲ ਪੰਜਾਬ ਵਿੱਚ ਲੋਕ ਸਭਾ ਚੋਣਾਂ ਆਪਣੇ ਬਲਬੂਤੇ 'ਤੇ ਲੜਨ ਜਾ ਰਿਹਾ ਹੈ। ਇਸੇ ਲਈ ਪਾਰਟੀ ਆਪਣੇ ਆਪ ਨੂੰ ਧਾਰਮਿਕ ਹੋਣ ਦੇ ਨਾਲ-ਨਾਲ ਧਰਮ ਨਿਰਪੱਖ ਅਤੇ ਪੰਜਾਬ ਪੱਖੀ ਪਾਰਟੀ ਵਜੋਂ ਦਿਖਾਉਣ ਦੀ ਕੋਸ਼ਿਸ਼ ਕਰ ਰਹੀ ਹੈ। 2009 ਦੀਆਂ ਲੋਕ ਸਭਾ ਚੋਣਾਂ ਵਿੱਚ ਅਕਾਲੀ ਦਲ ਨੇ ਪੰਜਾਬ ਵਿੱਚੋਂ 33.85% ਵੋਟਾਂ ਹਾਸਲ ਕੀਤੀਆਂ ਸਨ। 2014 ਵਿੱਚ ਵੋਟ ਸ਼ੇਅਰ ਘਟ ਕੇ 26.30% ਰਹਿ ਗਿਆ। ਮੋਦੀ ਲਹਿਰ ਦੇ ਬਾਵਜੂਦ 2019 ਵਿੱਚ ਅਕਾਲੀ ਦਲ ਦਾ ਵੋਟ ਸ਼ੇਅਰ 27.76% ਹੀ ਰਿਹਾ।

## ਕਾਂਗਰਸ ਤੋਂ ਹੱਥ ਛੁਡਵਾ ਮਹਿੰਦਰ ਕੇਪੀ ਨੇ ਫੜ੍ਹੀ ਤੱਕੜੀ, ਕਿਹਾ-ਪਾਰਟੀ ਨੇ ਪਾਸੇ ਕੀਤਾ ਤਾਂ ਲਿਆ ਇਹ ਫ਼ੈਸਲਾ



**ਚੰਡੀਗੜ੍ਹ, 22 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕਾਂਗਰਸ ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਜਲੰਧਰ ਤੋਂ ਸੰਸਦ ਮੈਂਬਰ ਮਹਿੰਦਰ ਸਿੰਘ ਕੇਪੀ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਗਏ ਹਨ। ਸੋਮਵਾਰ ਨੂੰ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਉਨ੍ਹਾਂ ਨੂੰ ਪਾਰਟੀ 'ਚ ਸ਼ਾਮਲ ਕਰਵਾਉਣ ਲਈ ਉਨ੍ਹਾਂ ਦੇ ਘਰ ਪਹੁੰਚੇ। ਇਸ ਤੋਂ ਪਹਿਲਾਂ ਦੇਰ ਰਾਤ ਸਾਬਕਾ ਮੁੱਖ ਮੰਤਰੀ ਅਤੇ ਜਲੰਧਰ ਲੋਕ ਸਭਾ ਸੀਟ ਤੋਂ ਉਮੀਦਵਾਰ ਚਰਨਜੀਤ ਸਿੰਘ ਚੰਨੀ ਉਨ੍ਹਾਂ ਨੂੰ ਮਨਾਉਣ ਲਈ ਕੇਪੀ ਦੇ ਘਰ ਪਹੁੰਚੇ ਸਨ। ਮਹਿੰਦਰ ਸਿੰਘ ਕੇਪੀ ਨੇ ਕਿਹਾ- ਮੇਰਾ ਪਰਿਵਾਰ ਪਿਛਲੀਆਂ ਤਿੰਨ ਪੀੜ੍ਹੀਆਂ ਤੋਂ ਕਾਂਗਰਸ ਵਿੱਚ ਕੰਮ ਕਰ ਰਿਹਾ ਹੈ। ਮੇਰੇ ਪਰਿਵਾਰ ਨੇ ਕਾਂਗਰਸ ਦੀ ਬਹੁਤ ਸੇਵਾ ਕੀਤੀ ਹੈ। ਮੇਰੇ ਪਿਤਾ ਜੀ ਕਾਂਗਰਸ ਵਿੱਚ ਸੇਵਾ ਕਰਦੇ ਹੋਏ ਸ਼ਹੀਦ ਹੋ ਗਏ ਸਨ। ਕਾਂਗਰਸ ਸ਼ਹੀਦਾਂ ਦੇ ਪਰਿਵਾਰਾਂ ਨਾਲ ਅਜਿਹਾ ਕਰ ਰਹੀ ਹੈ। ਇਸ ਲਈ ਮੈਂ ਪਾਰਟੀ ਛੱਡ ਦਿੱਤੀ ਹੈ। ਕੇਪੀ ਨੇ ਕਿਹਾ- ਜੇ ਕਾਂਗਰਸ ਸ਼ਹੀਦਾਂ ਦੇ ਪਰਿਵਾਰਾਂ ਨਾਲ ਬੇਇਨਸਾਫੀ ਕਰੇਗੀ। ਜੇ ਉਨ੍ਹਾਂ ਨੂੰ ਉਹ ਸਨਮਾਨ ਨਹੀਂ ਮਿਲਦਾ ਜਿਸ ਦੇ ਉਹ ਹੱਕਦਾਰ ਹਨ, ਤਾਂ ਉਹ ਦੁਖੀ ਮਹਿਸੂਸ ਕਰਦੇ ਹਨ। ਕੇਪੀ ਨੇ ਕਿਹਾ- ਮੈਂ ਪਾਰਟੀ ਨਹੀਂ ਛੱਡੀ, ਪਾਰਟੀ ਦੇ ਰਵੱਈਏ ਤੋਂ ਲੱਗਦਾ ਹੈ ਕਿ ਪਾਰਟੀ ਨੇ ਸਾਨੂੰ ਕੱਢ ਦਿੱਤਾ ਹੈ। 2022 ਦੀਆਂ ਚੋਣਾਂ ਦੌਰਾਨ ਪਾਰਟੀ ਵੱਲੋਂ ਕੀਤਾ ਗਿਆ ਦੁਰਵਿਵਹਾਰ ਮੈਨੂੰ ਅੱਜ ਵੀ ਯਾਦ ਹੈ। ਮੈਨੂੰ ਯਾਦ ਹੈ ਕਿ ਮੇਰਾ ਦਿਲ ਕਿੰਨਾ ਦੁਖੀ ਸੀ। ਮਹਿੰਦਰ ਸਿੰਘ ਕੇਪੀ ਨੇ ਕਿਹਾ-ਕਾਂਗਰਸ ਅਤੇ ਅਕਾਲੀ ਦਲ ਦਾ ਇਤਿਹਾਸ 100-100 ਪੁਰਾਣਾ ਹੈ। ਕਾਂਗਰਸ ਨੇ ਕਦਰ ਨਹੀਂ ਕੀਤੀ ਪਰ ਪੰਜਾਬ ਦੇ ਮਸਲਿਆਂ ਲਈ ਜੋ ਕੰਮ ਅਕਾਲੀ ਦਲ ਨੇ ਕੀਤਾ, ਉਹ ਕਾਂਗਰਸ ਨੇ ਨਹੀਂ ਕੀਤਾ। ਕਾਂਗਰਸ ਨੇ ਮੇਰੇ ਪਰਿਵਾਰ ਦੀਆਂ ਕੁਰਬਾਨੀਆਂ ਨੂੰ ਨਜ਼ਰਅੰਦਾਜ਼ ਕੀਤਾ ਹੈ ਪਰ ਅਕਾਲੀ ਦਲ ਨੇ ਸਮਝ ਲਿਆ, ਇਸੇ ਲਈ ਅੱਜ ਅਕਾਲੀ ਦਲ ਵਿੱਚ ਸ਼ਾਮਲ ਹੋ ਰਿਹਾ ਹਾਂ। ਅੱਜ ਲੋਕ ਅਕਾਲੀ ਦਲ ਨੂੰ ਮੁੜ ਸੱਤਾ ਵਿੱਚ ਦੇਖਣਾ ਚਾਹੁੰਦੇ ਹਨ। ਜ਼ਿਕਰ ਕਰ ਦਈਏ ਕਿ ਮਹਿੰਦਰ ਸਿੰਘ ਦਾ ਕੇਪੀ ਜਲੰਧਰ ਅਤੇ ਹੁਸ਼ਿਆਰਪੁਰ ਦੇ ਦਲਿਤ ਸਮਾਜ ਵਿੱਚ ਕਾਫੀ ਪ੍ਰਭਾਵ ਹੈ। ਕਿਹਾ ਜਾ ਰਿਹਾ ਸੀ ਕਿ ਸ਼੍ਰੋਮਣੀ ਅਕਾਲੀ ਦਲ ਲਈ ਜਲੰਧਰ ਤੇ ਹੁਸ਼ਿਆਰਪੁਰ ਵਿੱਚ ਉਮੀਦਵਾਰ ਲੱਭਣੇ ਔਖੇ ਹੋ ਗਏ ਹਨ ਕਿਉਂਕਿ ਕੱਲ੍ਹ ਸੀਨੀਅਰ ਅਕਾਲੀ ਆਗੂ ਪਵਨ ਕੁਮਾਰ ਟੀਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਸਨ ਜਿਸ ਕਾਰਨ ਸ਼੍ਰੋਮਣੀ ਅਕਾਲੀ ਦਲ ਕੋਲ ਜਲੰਧਰ ਵਿੱਚ ਕੋਈ ਉਮੀਦਵਾਰ ਨਹੀਂ ਸੀ। ਹੁਣ ਪਾਰਟੀ ਮਹਿੰਦਰ ਸਿੰਘ ਕੇਪੀ ਨੂੰ ਜਲੰਧਰ ਤੋਂ ਟਿਕਟ ਦੇ ਦਿੱਤੀ ਹੈ। ਦੱਸ ਦਈਏ ਕਿ ਮਹਿੰਦਰ ਸਿੰਘ 2009 'ਚ ਕਾਂਗਰਸ ਦੀ ਟਿਕਟ 'ਤੇ ਕੇਪੀ ਜਲੰਧਰ ਲੋਕ ਸਭਾ ਸੀਟ ਤੋਂ ਸੰਸਦ ਮੈਂਬਰ ਬਣੇ ਸਨ

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜ਼ਮੀਨ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸਿੱਖਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਗਰੰਥੀ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ। ਇਸ ਤੋਂ ਇਲਾਵਾ ਇੱਕ ਵਿਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖਾਸ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਗਤੀਵਿਧੀਆਂ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ, ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿੱਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਵੱਧ ਤੋਂ ਵੱਧ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ। ਇਹ ਜਗ੍ਹਾ £650,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ ਇੱਕ ਵਾਰ ਸੇਵਾ ਦੇਣੀ ਜਾਂ ਪੂਰੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।

**ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:**

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵੇਲੇ ਜ਼ਰੂਰ ਲਿਖੋ ਜੀ। ਧੰਨਵਾਦ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

Stay Connected:
email: info@damdamitaksal.co.uk
DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

**--: ਸੰਪਰਕ ਨੰਬਰ :--**
**07877017219,**
**07400830403**
**07856786642**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net





ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

**Khehra VAISHNO DHABA**

BREAKFAST
LUNCH
DINNER

OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment


## ਪੰਜਾਬੀ

### ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੱ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net


**Learn Speak Read Write PUNJABI**






ਸ: ਗੁਰਚਰਨ ਸਿੰਘ ਜੀ ਬਨਵੈਤ ਚੇਅਰਮੈਨ ਇੰਟਰਨੈਸ਼ਨਲ ਪੰਜਾਬੀ ਫਾਊਂਡੇਸ਼ਨ ਜੋ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਇਸ ਇਤਿਹਾਸਕ ਪਲ ਨੂੰ ਯਾਦਗਾਰੀ ਬਣਾਉਣ ਲਈ ਕੈਨੇਡਾ ਤੋਂ ਸ੍ਰੀ ਕਰਤਾਰਪੁਰ ਸਾਹਿਬ ਤੱਕ ਬੱਸ ਲੈ ਕੇ ਆਏ ਸਨ। ਸ: ਬਨਵੈਤ ਹਿੰਦੋਸਤਾਨ, ਪਾਕਿਸਤਾਨ ਅਤੇ ਹੋਰ ਦੇਸ਼ਾਂ ਵਿਚ ਗੁਰਦੁਆਰਿਆਂ ਅਤੇ ਸਿੱਖ ਵਿਰਾਸਤ ਨੂੰ ਸੰਭਾਲਣ ਲਈ ਅਣਥੱਕ ਮਿਹਨਤ ਕਰ ਰਹੇ ਹਨ। ਇਸ ਦੇ ਨਾਲ ਹੀ ਉਨਾਂ ਦਾ ਅੰਤਰ ਰਾਸ਼ਟਰੀ ਪੱਧਰ ਤੇ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਸਾਹਿਤਿਕ ਰੁਚੀ ਵਿਚ ਵੀ ਬਹੁਤ ਵੱਡਾ ਯੋਗਦਾਨ ਹੈ। ਸ: ਬਨਵੈਤ ਪਿਛਲੇ ਦਿਨੀਂ ਰਾਹੋਂ ਵਿਖੇ ਗੁਰੂ ਨਾਨਕ ਮਿਸ਼ਨ ਚੈਰੀਟੇਬਲ ਡਿਸਪੈਂਸਰੀ ਦੇ ਉਦਘਾਟਨ ਮੌਕੇ ਆਏ ਅਤੇ ਸੁਸਾਇਟੀ ਦੀਆਂ ਗੁਰਮਤਿ ਅਤੇ ਸਮਾਜ ਸੇਵੀ ਗਤੀਵਿਧੀਆਂ ਬਾਰੇ ਜਾਣ ਕੇ ਬਹੁਤ ਪ੍ਰਭਾਵਿਤ ਹੋਏ ਅਤੇ ਉਨਾਂ ਵਲੋਂ ਸੁਸਾਇਟੀ ਦੀਆਂ ਸੇਵਾਵਾਂ ਲਈ ਬਹੁਤ ਵੱਡਾ ਯੋਗਦਾਨ ਪਾਇਆ ਗਿਆ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।

✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.

Boilers
Certificates
Gas Work
Cylinders
Maintenance Services

Gas Safety Inspections
Plumbing Work

Vaillant APPROVED INSTALLER
WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com
Call us now for a Free no-olbigation quote

# THE GURBANI SCHOOL

THE GURBANI SCHOOL

## ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।

## LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store




ਆਵਾਜ਼ਿ ਕੌਮ AWAZE QAUM
International Newspaper & WEB TV

**INTERACTIVE LEARNING**
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

8 **EIGHT PRAYERS AVAILABLE**
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

**AUTO SCROLL GURBANI PLAYER**
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

**MULTILINGUAL**
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH






# ਕਥਾ ਵਿਚਾਰ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ

## ਮਿਤੀ 22-23 ਅਪ੍ਰੈਲ ਦਿਨ ਸੋਮਵਾਰ ਤੇ ਮੰਗਲਵਾਰ

**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ**

ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

ਸਿੱਧਾ ਪ੍ਰਸਾਰਨ : CHARDIKLA TIME TV 'ਤੇ

ਸਮਾਂ : ਸਵੇਰੇ 7.30 ਤੋਂ 8.30 ਤੱਕ

**ਸੰਪਰਕ : 98140-13915**

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




**ਮਾਰਚ-24 — ਚੇਤ — ਅਪ੍ਰੈਲ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਅਪ੍ਰੈਲ-24 — ਵੈਸਾਖ — ਮਈ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਮਈ-24 — ਜੇਠ — ਜੂਨ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਜੂਨ-24 — ਹਾੜ — ਜੁਲਾਈ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਜੁਲਾਈ-24 — ਸਾਵਣ — ਅਗਸਤ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਅਗਸਤ-24 — ਭਾਦੋਂ — ਸਤੰਬਰ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਸਤੰਬਰ-24 — ਅੱਸੂ — ਅਕਤੂਬਰ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

**ਅਕਤੂਬਰ-24 — ਕੱਤਕ — ਨਵੰਬਰ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਨਵੰਬਰ-24 — ਮੱਘਰ — ਦਸੰਬਰ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਦਸੰਬਰ-24 — ਪੋਹ — ਜਨਵਰੀ-25**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

**ਜਨਵਰੀ-25 — ਮਾਘ — ਫਰਵਰੀ-25**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

**ਫਰਵਰੀ-25 — ਫੱਗਣ — ਮਾਰਚ-25**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

ਸੰਗਰਾਂਦ | ਮੱਸਿਆ | ਪੂਰਨਮਾਸ਼ੀ | ਗੁਰਪੁਰਬ | ਇਤਿਹਾਸਕ ਦਿਹਾੜੇ | ਸਰਕਾਰੀ ਛੁੱਟੀਆਂ | ਭਗਤ ਸਾਹਿਬਾਨ ਦੇ ਦਿਹਾੜੇ

## ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ
AWAZE QAUM
International Newspaper & WEB TV
2 ਜੂਨ ਨੂੰ ਰੋੜੇ ਪੁੱਜੋ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

# ਅੰਤਿਮ ਸੰਸਕਾਰ 24 ਅਪ੍ਰੈਲ, 12.00 ਵਜੇ

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ।
ਸਚੀ ਦਰਗਹ ਜਾਇ ਸਚਾ ਪਿੜ ਮਲਿਆ।



## ਗਿਆਨੀ ਪ੍ਰੀਤਮ ਸਿੰਘ ਜੀ ਲਿਖਾਰੀ
## Giani Pritam Singh Ji Likhari

### ਦਮਦਮੀ ਟਕਸਾਲ ਜਥਾ ਭਿੰਡਰਾਂ
Damdami Taksal Jatha Bhindran

(1934 - 15/04/2024)

## Funeral Service - Wednesday 24th April 2024

**9:15am** ਅੰਤਿਮ ਦਰਸ਼ਨ
*Arrival of Cortege at*
Sri Guru Singh Sabha Southall, Guru Nanak Road, UB2 4NP

**11:15am** ਅੰਤਿਮ ਯਾਤਰਾ
*Departure of Cortege*

**12:00pm** ਅੰਤਿਮ ਸੰਸਕਾਰ
Antim Sanskaar
South West Middlesex Crematorium, Hounslow Road, TW13 5JH

**2:00pm** ਅਲਾਹਣੀਆ ਦਾ ਪਾਠ, ਸ੍ਰੀ ਸਹਿਜ ਪਾਠ ਭੋਗ, ਅਰਦਾਸ
*Alahniya Da Paath, Sri Sehaj Paath Bhog, Ardas*
Sri Guru Singh Sabha Southall, Guru Nanak Road, UB2 4NP

Live stream on YouTube.com/DGNSounds





### ਲੋਕਾਂ ਨੂੰ ਬਰਗਲਾਉਣਾ ਹੁਣ ਸੌਖਾ ਨਹੀਂ

# ਅਸਲ ਮੁੱਦਿਆਂ ਤੇ ਜਾਗਰੂਕ ਕਰਨਗੇ ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਨੁਮਾਇੰਦੇ



ਭਾਰਤੀ ਕਿਸਾਨ ਯੂਨੀਅਨ ਪੁਆਧ ਨੇ ਅੱਜ ਗੁਰਦੁਆਰਾ ਨਾਭਾ ਸਾਹਿਬ ਜੀਰਕਪੁਰ ਵਿਖੇ ਇੱਕ ਪ੍ਰੈਸ ਕਾਨਫਰੰਸ ਕੀਤੀ । ਕਿਸਾਨ ਆਗੂਆਂ ਨੇ ਪੰਜਾਬ ਵਿੱਚ ਬਾਰਡਰਾਂ ਤੇ ਲਗੇ ਧਰਨਿਆ ਵਿੱਚ ਬੈਠੇ ਕਿਸਾਨਾਂ ਤੇ ਹੋ ਰਹੇ ਤਸੱਦਦ ਕਰਕੇ ਬੀਜੇਪੀ ਦਾ ਸਿੱਧੇ ਤੌਰ ਤੇ ਵਿਰੋਧ ਕਰਨ ਦਾ ਐਲਾਨ ਕੀਤਾ । ਇਹ ਵੀ ਗੱਲ ਦੇਖਣ ਚ ਸਾਹਮਣੇ ਆ ਰਹੀ ਹੈ ਕਿ ਪੰਜਾਬ ਦੀ ਰਾਜਨੀਤੀ ਮਿਆਰ ਜਿਹੜਾ ਉਹ ਬਿਲਕੁਲ ਬਦਲ ਚੁੱਕਿਆ । ਹੁਣ ਲੋਕ ਅੱਜ ਨੁਮਾਇੰਦੇ ਚੁਣ ਕੇ ਕੱਲ ਨੂੰ ਆਪਣੇ ਕੰਮ ਹੋਣ ਦੀ ਆਸ ਕਰਦੇ ਹਨ । ਇਸ ਦੀ ਵੱਡੀ ਮਿਸਾਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਐਮਪੀ ਦੀ ਸੀਟ ਖਾਲੀ ਹੋਣ ਤੇ ਜਿਮਨੀ ਚੋਣ ਦੇ ਸੰਗਰੂਰ ਤੋਂ ਆਏ ਨਤੀਜਿਆਂ ਨੇ ਸਾਫ ਕਰ ਦਿੱਤਾ ਸੀ । ਕਿਸਾਨ ਆਗੂਆਂ ਨੇ ਸਪਸ਼ਟ ਕੀਤਾ ਕਿ ਅਸੀਂ ਬੀਜੇਪੀ ਤੋਂ 11 ਸਵਾਲ ਪੁੱਛਣੇ ਹਨ । ਕਿਸਾਨ ਆਗੂਆਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਵੀਡੀਓ ਦਿਖਾਈ ਜਿਸ ਵਿੱਚ ਮੋਦੀ ਜੀ ਕਹਿ ਰਹੇ ਸਨ ਕਿ ਸਰਕਾਰ ਬਣਨਦੀ ਸਾਰ ਮੈਂ ਕਿਸਾਨਾਂ ਦੇ ਕਰਜੇ ਮਾਫੀ ਕੰਮ ਕਰ ਦਿਆਂਗਾ । ਪਿਛਲੇ ਧਰਨੇ ਦੀ ਸਮਾਪਤੀ ਵੇਲੇ ਸਰਕਾਰ ਨੇ ਕਿਸਾਨਾਂ ਨਾਲ ਵਾਅਦਾ ਕੀਤਾ ਸੀ ਕਿ ਐਮਐਸਪੀ ਦਾ ਗਰੰਟੀ ਕਾਨੂੰਨ ਬਣਾਵਾਂਗੇ । ਇਹਨਾਂ ਸਾਰੀਆਂ ਗੱਲਾਂ ਤੋਂ ਨਰਾਜ਼ ਚੱਲ ਰਹੀਆਂ ਕਿਸਾਨ ਜਥੇਬੰਦੀਆਂ ਲਗਾਤਾਰ ਪੰਜਾਬ ਦੇ ਬਹੁਤ ਸਾਰੇ ਹਲਕਿਆਂ ਵਿੱਚ ਬੀਜੇਪੀ ਦੇ ਲੀਡਰਾਂ ਦਾ ਵਿਰੋਧ ਕਰ ਰਹੀਆਂ ਹਨ । ਕਿਸਾਨ ਲੀਡਰ ਇੱਕ ਸਭ ਤੋਂ ਵੱਡੀ ਗੱਲ ਹੋਰ ਕੀਤੀ ਕਿ ਰਾਜਨੀਤਿਕ ਪਾਰਟੀਆਂ ਵੱਲੋਂ ਜਾਰੀ ਕੀਤੇ ਜਾਣ ਵਾਲੇ ਚੋਣ ਮੈਨੀਫੈਸਟੋ ਨੂੰ ਕਿਊ ਨਾ ਕਾਨੂੰਨ ਬਣਾਇਆ ਜਾਵੇ । ਉਦਾਹਰਨਾਂ ਦਾ ਹਵਾਲਾ ਦਿੰਦੇ ਹੋਏ ਕਿਸਾਨ ਲੀਡਰਾਂ ਨੇ ਆਖਿਆ ਕਿਉਂ ਨਾ ਰਾਜਨੀਤਿਕ ਲੀਡਰਾਂ ਤੇ ਵਾਅਦੇ ਪੂਰੇ ਨਾ ਹੋਣ ਤੇ ਕਿਸੇ ਮਾਨਹਾਨੀ ਦਾ ਪ੍ਰਾਵਧਾਨ ਹੋਵੇ । ਜਦੋਂ ਉਹਨਾਂ ਨੂੰ ਸਵਾਲ ਕੀਤਾ ਗਿਆ ਕਿ ਇਹ ਗੱਲ ਬਿੱਲੀ ਦੇ ਗਲ ਵਿੱਚ ਟੱਲੀ ਬੰਨਣ ਵਾਲੀ ਹੈ । ਕਿਸ ਪੋਲਸੀ ਨਾਲ ਇਸ ਨੂੰ ਲਾਗੂ ਕੀਤਾ ਜਾ ਸਕਦਾ , ਤਾਂ ਉਹਨਾਂ ਨੇ ਸਿੱਧੇ ਤੌਰ ਤੇ ਕਿਹਾ ਕਿ ਲੋਕ ਜਾਗਰੂਕ ਹੋ ਕੇ ਏਕਤਾ ਨਾਲ ਸਭ ਕੁਝ ਕਰ ਸਕਦੇ ਹਨ ।

**-ਪਰਗਟ ਸਿੰਘ ਬਲ਼ਬੇੜ੍ਹਾ, 9022000070**

# ਹੁਸ਼ਿਆਰਪੁਰ ਦੇ ਈ ਐਸ ਆਈ ਹਸਪਤਾਲ ਦੇ ਐਸ ਐਮ ਓ ਨਾਲ਼ ਹੋਈ ਬਦਸਲੂਕੀ ਦੇ ਰੋਸ਼ ਵੱਜੋਂ ਰੋਸ ਪ੍ਰਦਰਸ਼ਨ ਕੀਤਾ ਗਿਆ




**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 21 ਅਪ੍ਰੈਲ ਕੁਲਜੀਤ ਸਿੰਘ ਖੋਖਰ** -ਅੱਜ ਸਿਵਲ ਹਸਪਤਾਲ ਬਟਾਲਾ ਵਿਖੇ ਸਮੂਹ ਡਾਕਟਰ ਸਾਹਿਬਾਨ ਵਲੋਂ ਹੁਸ਼ਿਆਰਪੁਰ ਦੇ ( ਈ ਐਸ ਆਈ) ਹਸਪਤਾਲ ਦੇ ਐਸ ਐਮ ਓ ਡਾਕਟਰ ਸੁਨੀਲ ਭਗਤ ਨਾਲ ਹੋਈ ਬਦਸਲੂਕੀ ਦੇ ਰੋਸ ਵੱਜੋ ਬਟਾਲਾ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ


ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਐਸ ਐਮ ਓ ਸਿਵਲ ਹਸਪਤਾਲ ਬਟਾਲਾ ਡਾ. ਰਵਿੰਦਰ ਸਿੰਘ ਨੇ ਹਸਪਤਾਲ ਦੇ ਹੋਰ ਡਾਕਟਰਾਂ ਨਾਲ ਮਿਲ ਕੇ ਗੇਟ ਮਾਰਚ ਕੀਤਾ ਅਤੇ ਦੱਸਿਆ ਕਿ ਸਾਨੂੰ ਸਭ ਨੂੰ ਡਾਕਟਰ ਸੁਨੀਲ ਭਗਤ ਨਾਲ ਹੋਈ ਮੰਦਭਾਗੀ ਘਟਨਾ ਦਾ ਬਹੁਤ ਅਫਸੋਸ ਹੈ। ਉਹਨਾਂ ਦੱਸਿਆ ਕਿ ਅੱਜ ਦੇ ਮਾਰਚ ਕੱਢਣ ਦਾ ਮੰਤਵ ਇਹ ਹੈ ਕਿ ਡਾਕਟਰ ਖਿਲਾਫ ਹੋ ਰਹੀਆਂ ਹਿੰਸਕ ਘਟਨਾਵਾਂ ਘੱਟ ਹੋਣ ਅਤੇ ਸਰਕਾਰ ਰਾਜ ਦੇ ਸਾਰੇ ਜਨਤਕ ਸਿਹਤ ਕੇਂਦਰਾਂ ’ਤੇ ਸੁਰੱਖਿਆ ਦੇ ਢੁਕਵੇਂ ਪ੍ਰਬੰਧਾਂ ਦਾ ਇੰਤਜ਼ਾਮ ਕੀਤੇ ਜਾਣ, ਅਜਿਹਾ ਨਾ ਕਰਨ ’ਤੇ ਪੀ.ਸੀ.ਐੱਮ.ਐੱਸ.ਏ. ਆਦਰਸ਼ ਚੋਣ ਜ਼ਾਬਤੇ ਤੋਂ ਬਾਅਦ, ਸਖ਼ਤ ਕਾਰਵਾਈ ਦਾ ਰਾਹ ਅਪਣਾਉਣ ਲਈ ਮਜ਼ਬੂਰ ਹੋਵੇਗੀ।

ਇੰਗਲੈਂਡ ਦੇ ਸ਼ਹਿਰ ਵੁਲਵਰਹੈਪਟਨ ਵਿਖੇ ਖਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ

# ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ

## ☛ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨੇ ਭਰੀ ਹਾਜ਼ਰੀ ☛ ਨਗਰ ਕੀਰਤਨ ਦੌਰਾਨ ਰਾਜ ਕਰੇਗਾ ਖਾਲਸਾ, ਖ਼ਾਲਿਸਤਾਨ ਜਿੰਦਾਬਾਦ ਦੇ ਲੱਗੇ ਨਾਹਰੇ














21 ਅਪ੍ਰੈਲ 2024 ਦਿਨ ਐਤਵਾਰ ਨੂੰ ਇੰਗਲੈਂਡ ਦੇ ਸ਼ਹਿਰ ਵੁਲਵਰਹੈਪਟਨ ਵਿਖੇ ਖਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨੇ ਭਰੀ ਹਾਜ਼ਰੀ ਨਗਰ ਕੀਰਤਨ ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਟਰੀਟ ਤੋਂ ਆਰੰਭ ਹੋਇਆ ਅਤੇ ਗੁਰੂ ਰਵਿਦਾਸ ਗੁਰਦੁਆਰਾ ਡਡਲੀ ਰੋਡ ਅਤੇ ਗੁਰੂ ਤੇਗ ਬਹਾਦਰ ਗੁਰਦੁਆਰਾ ਸਾਹਿਬ ਤੋਂ ਹੁੰਦਾ ਹੋਇਆ ਵਾਪਿਸ ਸੈਜਲੀ ਸਟ੍ਰੀਟ ਗੁਰੂ ਘਰ ਵਿਖੇ ਪੂਜਾ ਨਗਰ ਕੀਰਤਨ ਦੌਰਾਨ ਰਾਜ ਕਰੇਗਾ ਖਾਲਸਾ ,ਖ਼ਾਲਿਸਤਾਨ ਜਿੰਦਾਬਾਦ ਦੇ ਲੱਗੇ ਨਾਹਰੇ ਇਸ ਮੌਕੇ ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਟ੍ਰੀਟ ਦੇ ਮੀਤ ਪ੍ਰਧਾਨ ਜਸਪਾਲ ਸਿੰਘ ਨਿੱਝਰ,ਸਿੱਖ ਫੈਡਰੇਸ਼ਨ ਯੂ ਕੇ ਦੇ ਸੀਨੀਅਰ ਆਗੂ ਹਰਦੀਸ਼ ਸਿੰਘ ਪੱਤੜ, ਭਾਈ ਕੁਲਵੰਤ ਸਿੰਘ ਮੁਠੱਡਾ, ਬਲਵਿੰਦਰ ਸਿੰਘ ਢਿੱਲੋ ਅਤੇ ਹੋਰ ਬਹੁਤ ਸਾਰੇ ਆਗੂਆਂ ਨੇ ਹਾਜ਼ਰੀ ਭਰੀ ਅਤੇ ਸੰਗਤਾਂ ਨੂੰ ਖਾਲਸਾ ਸਾਜਨਾ ਦਿਵਸ ਦੀ ਵਧਾਈ ਦਿੱਤੀ।



ਆਵਾਜ਼ਿ ਕੌਮ
AWAZE QAUM
International Newspaper & WEB TV

### ਪੀੜੀ ਦਾ ਖ਼ਾਤਮਾ ਕਰ ਰਹੇ ਨਸ਼ੇ ਦੇ ਸੌਦਾਗਰਾਂ ਨੂੰ

# ਕਿਸੇ ਵੀ ਹਾਲ 'ਚ ਬਖ਼ਿਸ਼ਆ ਨਹੀਂ ਜਾਵੇਗਾ - ਤਰਨਜੀਤ ਸੰਧੂ ਸਮੁੰਦਰੀ



**ਅੰਮ੍ਰਿਤਸਰ, 22 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਨਸ਼ੇ ਦੇ ਸੌਦਾਗਰਾਂ ਨੂੰ ਕਿਸੇ ਵੀ ਹਾਲਤ 'ਚ ਬਖ਼ਿਸ਼ਆ ਨਹੀਂ ਜਾਵੇਗਾ, ਜੋ ਪੀੜੀ ਨੂੰ ਖ਼ਤਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੈਂ ਰਾਜਨੀਤੀ ਕਰਨ ਨਹੀਂ ਆਇਆ, ਮੇਰਾ ਮਕਸਦ ਆਪਣੇ ਹਲਕੇ ਨੂੰ ਦੇਸ਼ ਭਰ ਵਿੱਚ ਮੋਹਰੀ ਬਣਾ ਕੇ ਵਿਸ਼ਵ ਪੱਧਰ ਦਾ ਬਣਾਉਣਾ ਹੈ। ਆਪਣੇ ਮਕਸਦ ਨੂੰ ਹਕੀਕਤ ਵਿੱਚ ਬਦਲਣ ਲਈ ਮੈਂ ਦਿਨ ਰਾਤ ਇੱਕ ਕਰ ਦੇਵਾਂਗਾ। ਸੰਧੂ ਸਮੁੰਦਰੀ ਅੱਜ ਹਲਕੇ ਦੇ ਪਿੰਡ ਨੌਸ਼ਹਿਰਾ ਵਿਖੇ ਦੇਰ ਸ਼ਾਮ ਤਕ ਡੋਰ ਟੂ ਡੋਰ ਜਾ ਕੇ ਵੋਟਾਂ ਲਈ ਅਪੀਲ ਕਰ ਰਹੇ ਸਨ। ਇਸ ਮੌਕੇ ਤਰਨਜੀਤ ਸਿੰਘ ਸੰਧੂ ਸਮੁੰਦਰੀ ਦਾ ਫੁੱਲਾਂ ਦੇ ਹਾਰ ਅਤੇ ਸਿਰੋਪਾਉ ਨਾਲ ਥਾਂ ਥਾਂ ਲੋਕਾਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਉਨ੍ਹਾਂ 'ਤੇ ਫੁੱਲਾਂ ਦੀ ਵਰਖਾ ਕੀਤੀ ਗਈ। ਲੋਕਾਂ ਨੇ ਸੰਧੂ ਨਾਲ ਗਲਵੱਕੜੀਆਂ ਪਾਈਆਂ ਅਤੇ ਸੈਲਫੀਆਂ ਲਈਆਂ। ਭਾਵੇਂ ਕਿ ਦੇਰ ਸ਼ਾਮ ਦਾ ਵੇਲਾ ਸੀ ਫਿਰ ਵੀ ਲੋਕਾਂ ਦਾ ਉਤਸ਼ਾਹ ਦੇਖਿਆਂ ਹੀ ਬਣਦਾ ਸੀ। ਇਸ ਮੌਕੇ ਇਲਾਕਾ ਨਿਵਾਸੀਆਂ ਨੇ ਸੰਧੂ ਨੂੰ ਭਾਰੀ ਗਿਣਤੀ ਵੋਟਾਂ ਨਾਲ ਜਿਤਾ ਕੇ ਪਾਰਲੀਮੈਂਟ 'ਚ ਭੇਜਣ ਦਾ ਭਰੋਸਾ ਦਿੱਤਾ। ਸੰਧੂ ਨੇ ਲੋਕਾਂ ਤੋਂ ਇਕ ਜੂਨ ਨੂੰ ਕਮਲ ਦੇ ਫੁੱਲ ਦਾ ਬਟਨ ਦਬਾ ਕੇ ਵੋਟਾਂ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਨਾ ਕੇ ਡੀ ਭੰਡਾਰੀ, ਹਰਵਿੰਦਰ ਸਿੰਘ ਸੰਧੂ, ਸੁਖਮਿੰਦਰ ਸਿੰਘ ਪਿੰਟੂ, ਮੰਡਲ ਪ੍ਰਧਾਨ ਸੁਖਦੇਵ ਸਿੰਘ ਹਨੇਰੀਆਂ, ਅਨਿਲ ਕੁਮਾਰ, ਤੀਰਥ ਸਿੰਘ, ਸੁਦਰਸ਼ਨ ਛੋਟੂ, ਸ੍ਰੀਮਤੀ ਸੁਨੀਤਾ, ਲਾਡੀ, ਅਮਿਤ ਕੁਮਾਰ ਸਮੇਤ ਭਾਰੀ ਗਿਣਤੀ 'ਚ ਸਮਰਥਕ ਮੌਜੂਦ ਸਨ। ਸੰਧੂ ਸਮੁੰਦਰੀ ਨੇ ਚੋਣ ਮਨੋਰਥ ਪੱਤਰ ਅਤੇ ਹਲਕੇ ਦੇ ਪੇਂਡੂ ਏਰੀਏ, ਕਿਸਾਨਾਂ ਮਜ਼ਦੂਰਾਂ ਬਾਰੇ ਆਪਣੀਆਂ ਭਵਿੱਖੀ ਯੋਜਨਾਵਾਂ, ਵੀਜ਼ਨ ਅਤੇ ਮੋਦੀ ਜੀ ਦੇ ਸੰਕਲਪ ਪੱਤਰ ਬਾਰੇ ਵਿਚਾਰ ਚਰਚਾ ਕੀਤੀ। ਸੰਧੂ ਸਮੁੰਦਰੀ ਨੇ ਇਸ ਵਕਤ ਪਿੰਡ 'ਚ ਨਸ਼ਿਆਂ ਦਾ ਪ੍ਰਕੋਪ ਦੇਖਿਆ, ਜਿੱਥੇ ਕਈ ਘਰਾਂ ਵਿਚ ਨਿੱਕੇ ਨਿੱਕੇ ਬਚਿਆਂ ਦੇ ਨੌਜਵਾਨ ਮਾਪਿਆਂ ਦੀ ਨਸ਼ਿਆਂ ਕਾਰਨ ਮੌਤਾਂ ਹੋ ਚੁੱਕੀਆਂ ਸਨ। ਉਨ੍ਹਾਂ ਕਿਹਾ ਕਿ ਹੈਰਾਨੀ ਦੀ ਗਲ ਹੈ ਕਿ ਪਿਛਲੇ ਕਈ ਸਾਲਾਂ ਤੋਂ ਨੌਜਵਾਨ ਨਸ਼ਿਆਂ ਦਾ ਸ਼ਿਕਾਰ ਹੋ ਰਹੇ ਹਨ, ਪਰ ਸਰਕਾਰ ਅਤੇ ਚੁਣੇ ਹੋਏ ਨੁਮਾਇੰਦੇ ਆਰਾਮ ਨਾਲ ਆਪਣੇ ਹੀ ਲੋਕਾਂ ਦਾ ਤਮਾਸ਼ਾ ਦੇਖ ਰਹੇ ਹਨ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਬਾਅਦ ਉਹ ਮੈਂਬਰ ਪਾਰਲੀਮੈਂਟ ਬਣਦੇ ਹਨ ਤਾਂ ਅੰਮ੍ਰਿਤਸਰ ਵਿਚੋਂ ਨਸ਼ਿਆਂ ਨੂੰ ਹਰ ਹਾਲ ਵਿਚ ਜੜੋ ਖ਼ਤਮ ਕੀਤਾ ਜਾਵੇਗਾ। ਨਸ਼ੇ 'ਚ ਲੱਗੇ ਨੌਜਵਾਨਾਂ ਨੂੰ ਮੁਫ਼ਤ ਇਲਾਜ ਦੀ ਸਹੂਲਤ ਅਤੇ ਰੁਜ਼ਗਾਰ ਜੁੱਟਾਂ ਕੇ ਉਨ੍ਹਾਂ ਦਾ ਮੁੜ ਵਸੇਬਾ ਕੀਤਾ ਜਾਵੇਗਾ। ਨਸ਼ਿਆਂ ਦੇ ਖ਼ਾਤਮੇ ਲਈ ਪੁਲੀਸ ਦੀ ਜ਼ਿੰਮੇਵਾਰੀ ਤੈਅ ਹੋਵੇਗੀ। ਔਰਤਾਂ ਦੇ ਸਨਮਾਨ ਅਤੇ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇਗਾ। ਭਾਜਪਾ ਦਾ ਮੁੱਖ ਉਦੇਸ਼ ਸ਼ਹਿਰ ਵਿੱਚ ਕਾਨੂੰਨ ਵਿਵਸਥਾ ਨੂੰ ਇਸ ਹੱਦ ਤੱਕ ਸੁਧਾਰਨਾ ਹੋਵੇਗਾ ਕਿ ਔਰਤਾਂ ਨੂੰ ਦੇਰ ਰਾਤ ਕੰਮ ਤੋਂ ਘਰ ਪਹੁੰਚਣ 'ਤੇ ਕਿਸੇ ਡਰ ਦਾ ਸਾਹਮਣਾ ਨਾ ਕਰਨਾ ਪਵੇ। ਇਸੇ ਦੌਰਾਨ ਪਿੰਡ ਨੌਸ਼ਹਿਰਾ ਦੇ ਲੋਕਾਂ ਨੇ ਸੰਧੂ ਨੂੰ ਦੱਸਿਆ ਕਿ ਕਦੇ ਵੀ ਕਿਸੇ ਚੁਣੇ ਹੋਏ ਨੁਮਾਇੰਦੇ ਨੇ ਉਨ੍ਹਾਂ ਦੀ ਸਾਰ ਨਹੀਂ ਲਈ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਇੱਥੇ ਨਸ਼ਿਆਂ ਦੀ ਭਰਮਾਰ ਤੋਂ ਇਲਾਵਾ ਖ਼ਰਾਬ ਹਾਲਤ ਸੜਕਾਂ, ਸੀਵਰੇਜ, ਪੀਣ ਵਾਲੇ ਸਾਫ਼ ਪਾਣੀ, ਸਟਰੀਟ ਲਾਈਟਾਂ ਦਾ ਕੋਈ ਵਧੀਆ ਪ੍ਰਬੰਧ ਨਾ ਹੋਣ ਤੋਂ ਇਲਾਵਾ ਯੋਗ ਲਾਭ ਪਾਤਰੀਆਂ ਦੇ ਅਨੇਕਾਂ ਨੀਲੇ ਕਾਰਡ ਕੱਟੇ ਗਏ ਹਨ। ਡੀਪੂਆਂ ਤੋਂ ਕੇਂਦਰ ਵੱਲੋਂ ਦਿੱਤੀ ਜਾਂਦੀ ਮੁਫ਼ਤ ਰਾਸ਼ਨ ਅਤੇ ਕਣਕ ਲੋਕਾਂ ਤਕ ਨਹੀਂ ਪਹੁੰਚ ਰਿਹਾ ਹੈ ਕੱਚੇ ਮਕਾਨ ਪੱਕੇ ਨਹੀਂ ਕੀਤੇ ਜਾ ਰਹੇ ਹਨ। ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਜੋ ਲੋਕ ਅਤੇ ਅਧਿਕਾਰੀ ਕੇਂਦਰੀ ਸਕੀਮਾਂ ਵਿਚ ਇਮਾਨਦਾਰੀ ਨਹੀਂ ਦਿਖਾ ਰਹੇ ਹਨ ਉਨ੍ਹਾਂ ਦੀ ਜਵਾਬਦੇਹੀ ਹੋਵੇਗੀ ਅਤੇ ਉਨ੍ਹਾਂ ਨੂੰ ਸਖ਼ਤ ਕਾਰਵਾਈ. ਦਾ ਸਾਹਮਣਾ ਕਰਨਾ ਪਵੇਗਾ। ਅੰਮ੍ਰਿਤਸਰ ਵਿੱਚ ਸੀਵਰੇਜ ਦੇ ਗੰਦੇ ਪਾਣੀ ਨਾਲ ਹੋਣ ਵਾਲੇ ਪ੍ਰਦੂਸ਼ਣ ਨੂੰ ਹੱਲ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਇਸ ਦੇ ਹੱਲ ਲਈ ਆਧੁਨਿਕ ਤਕਨੀਕ ਦੀ ਵਰਤੋਂ ਕੀਤੀ ਜਾਵੇਗੀ। ਉਨ੍ਹਾਂ ਕਿਹਾ, ਮੈਂ ਸਿਰਫ਼ ਇਹੀ ਕਹਾਂਗਾ ਕਿ ਜਦੋਂ ਸੰਸਦੀ ਚੋਣਾਂ ਹੋਣਗੀਆਂ ਤਾਂ ਸੋਚ ਸਮਝ ਕੇ ਵੋਟ ਕਰੋ ਅਤੇ ਜਦੋਂ ਤੁਸੀਂ ਮੈਨੂੰ ਇੱਥੋਂ ਸੰਸਦ ਮੈਂਬਰ ਬਣਾ ਕੇ ਭੇਜੋਗੇ ਤਾਂ ਮੈਂ ਭਾਰਤ ਸਰਕਾਰ ਅਤੇ ਵਿਦੇਸ਼ੀ ਤਕਨੀਕ ਦੀ ਮਦਦ ਨਾਲ ਸਮੱਸਿਆਵਾਂ ਦਾ ਹੱਲ ਕਰਾਂਗਾ।

**ਸੰਧੂ ਸਮੁੰਦਰੀ ਨੇ ਪਿੰਡ ਨੌਸ਼ਹਿਰਾ ਵਿਖੇ ਡੋਰ ਟੂ ਡੋਰ ਜਾ ਕੇ ਇਕ ਜੂਨ ਨੂੰ ਕਮਲ ਦੇ ਫੁੱਲ ਦਾ ਬਟਨ ਦਬਾ ਕੇ ਵੋਟਾਂ ਪਾਉਣ ਦੀ ਲੋਕਾਂ ਨੂੰ ਅਪੀਲ ਕੀਤੀ**

### ਅਕਾਲ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਤੇ ਇੰਜਨੀਅਰਿੰਗ ਵਿਭਾਗ ਵੱਲੋਂ

# ਲਾਇਆ ਗਿਆ ਵਿਦਿਅਕ ਟੂਰ





**ਤਲਵੰਡੀ ਸਾਬੋ, 22 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਅਕਾਲ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਅਤੇ ਇੰਜਨੀਅਰਿੰਗ ਵਿਭਾਗ ਨੇ ਹਾਲ ਹੀ ਵਿੱਚ ਆਨੰਦਪੁਰ ਸਾਹਿਬ ਲਈ ਇੱਕ ਵਿਦਿਅਕ ਟੂਰ ਦਾ ਆਯੋਜਨ ਕੀਤਾ। ਅਧਿਆਤਮਿਕ ਗਿਆਨ ਅਤੇ ਅਕਾਦਮਿਕ ਵਿਕਾਸ ਨੂੰ ਉਤਸ਼ਾਹਿਤ ਕਰਨਾ ਇਸ ਟੂਰ ਦਾ ਮੁੱਖ ਉਦੇਸ਼ ਸੀ। 50 ਉਤਸ਼ਾਹੀ ਵਿਦਿਆਰਥੀ ਟੂਰ ਦਾ ਹਿੱਸਾ ਬਣੇ। ਸ਼੍ਰੀਮਤੀ ਆਂਚਲ ਸ਼ਰਮਾ, ਸ਼੍ਰੀਮਤੀ ਸੰਦੀਪ ਕੌਰ, ਸ਼੍ਰੀ ਪ੍ਰਵੀਨ ਕੁਮਾਰ ਅਤੇ ਸ਼੍ਰੀ ਐਜਾਜ਼ ਅਹਿਮਦ ਸਮੇਤ ਸਮਰਪਿਤ ਫੈਕਲਟੀ ਮੈਂਬਰਾਂ ਦੀ ਇੱਕ ਟੀਮ ਦੇ ਮਾਰਗਦਰਸ਼ਨ ਵਿੱਚ ਇਹ ਟੂਰ ਲਿਜਾਇਆ ਗਿਆ। ਦੋ ਦਿਨਾਂ ਦੀ ਯਾਤਰਾ ਦੌਰਾਨ ਭਾਗੀਦਾਰਾਂ ਨੂੰ ਪਰਮੇਸ਼ਰ ਦੁਆਰ, ਅਨੰਦਪੁਰ ਸਾਹਿਬ, ਵਿਰਾਸਤ-ਏ-ਖਾਲਸਾ, ਕੀਰਤਪੁਰ ਸਾਹਿਬ ਅਤੇ ਨੈਣਾ ਦੇਵੀ ਵਰਗੇ ਸਤਿਕਾਰਯੋਗ ਸਥਾਨਾਂ ਦੀ ਯਾਤਰਾ ਕਰਨ ਦਾ ਸੁਭਾਗ ਮਿਲਿਆ, ਜਿਸ ਨਾਲ ਉਨ੍ਹਾਂ ਦੀ ਇਤਿਹਾਸਕ ਅਤੇ ਅਧਿਆਤਮਿਕ ਜਾਣਕਾਰੀ ਵਿਚ ਵਾਧਾ ਕੀਤਾ ਗਿਆ। ਇਸ ਯਾਰਤਾ ਦੇ ਕੀਮਤੀ ਅਨੁਭਵਾਂ ਨੇ ਬਿਨਾਂ ਸ਼ੱਕ ਉਨ੍ਹਾਂ ਸਾਰਿਆਂ ਉੱਤੇ ਇੱਕ ਅਮਿੱਟ ਛਾਪ ਛੱਡੀ ਜੋ ਇਸ ਗਿਆਨ ਭਰਪੂਰ ਤੀਰਥ ਯਾਤਰਾ 'ਤੇ ਗਏ ਸਨ। ਕੰਪਿਊਟਰ ਸਾਇੰਸ ਅਤੇ ਇੰਜਨੀਅਰਿੰਗ ਵਿਭਾਗ ਦੇ ਮੁਖੀ ਡਾ. ਉਪਿੰਦਰ ਕੌਰ ਨੇ ਟੂਰ ਦੀ ਸਫਲਤਾ ਲਈ ਵਿਦਿਆਰਥੀਆਂ ਤੇ ਸਾਥੀ ਅਧਿਆਪਕਾਂ ਦੇ ਮਿਹਨਤੀ ਯਤਨਾਂ ਲਈ ਸ਼ਲਾਘਾ ਕੀਤੀ।

# ਬੀ, ਜੀ, ਐਸ਼ ਪਬਲਿਕ ਸਕੂਲ ਤਰਸਿੱਕਾ ਦਾ ਦਸਵੀਂ ਜਮਾਤ ਨਤੀਜਾ 100% ਰਿਹਾ



**ਚੌਕ ਮਹਿਤਾ, 22 ਅਪਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)-**ਇਲਾਕੇ ਦੀ ਨਾਮਵਰ ਸੰਸਥਾ ਬੀ, ਜੀ, ਐਸ਼ ਪਬਲਿਕ ਸਕੂਲ ਤਰਸਿੱਕਾ ਦਾ ਦੱਸਵੀਂ ਜਮਾਤ ਦਾ ਨਤੀਜਾ 100%ਰਿਹਾ। ਸਕੂਲ ਦੇ ਵਿਦਿਆਰਥੀ ਅਕਾਸ਼ਦੀਪ ਨੇ 88%ਸੁਖਮਨਜੀਤ ਕੌਰ ਨੇ 87%ਅਤੇ ਕੋਮਲਦੀਪ ਕੌਰ 86% ਨੰਬਰ ਪ੍ਰਾਪਤ ਕਰਕੇ ਪਹਿਲਾਂ, ਦੂਜਾ ਅਤੇ ਤੀਸਰਾ ਸਥਾਨ ਹਾਸਿਲ ਕੀਤਾ। ਸਕੂਲ ਦੇ ਪ੍ਰਿੰਸੀਪਲ ਮੈਡਮ ਸ੍ਰੀ ਮਤੀ ਕਵਲਜੀਤ ਕੌਰ ਕਲਰਕ ਰਾਜਵਿੰਦਰ ਕੌਰ, ਇੰਚਾਰਜ ਹਰਪ੍ਰੀਤ ਕੌਰ, ਅਤੇ ਸਮੂਹ ਸਟਾਫ ਨੇ ਚੰਗੇ ਨੰਬਰ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ ਪਿਤਾ ਨੂੰ ਵਧਾਈਆਂ ਦਿੱਤੀਆਂ। ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ। ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ

# ਘਰੋ ਸਕੂਲ ਚ ਦਾਖਲਾ ਕਰਵਾਉਣ ਗਈ ਮਾ ਬੱਚਿਆਂ ਸਮੇਤ ਲਾਪਤਾ



**ਚੌਕ ਮਹਿਤਾ, 22 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ )-**ਹਲਕਾ ਕੇਂਦਰੀ ਅਧੀਨ ਆਉਂਦੇ ਇਲਾਕੇ ਭਰਾੜੀਵਾਲ ਨੇੜੇ ਗੈਸ ਸਿਲੰਡਰ ਏਜੰਸੀ ਦੇ ਵਸਨੀਕ ਦਿਲਬਾਗ ਸਿੰਘ ਨੇ ਦੱਸਿਆ ਕਿ ਉਹ ਲੇਬਰ ਦਾ ਕੰਮ ਕਰਦਾ ਹੈ ਉਸਦੀ ਪਤਨੀ ਮਨਪ੍ਰੀਤ ਕੌਰ 22 ਸਾਲ 20 ਅਪ੍ਰੈਲ ਨੂੰ ਦੁਪਿਹਰ ਇੱਕ ਵਜੇ ਦੋ ਲੜਕੀਆਂ ਉਮਰ 6 ਸਾਲ ਅਤੇ 2 ਸਾਲ ਨੂੰ ਖਾਲਸਾ ਕਾਲਜ ਸਕੂਲ ਛੇਹਰਟਾ ਰੋਡ ਵਿਖੇ ਦਾਖਿਲ ਕਰਵਾਉਣ ਲਈ ਗਈ ਸੀ ਦਿਲਬਾਗ ਸਿੰਘ ਨੇ ਦੱਸਿਆ ਕਿ ਜਦੋਂ ਮੈ ਆਪਣੀ ਪਤਨੀ ਮਨਪ੍ਰੀਤ ਕੌਰ ਨੂੰ ਕੁਝ ਸਮੇਂ ਬਾਅਦ ਫੋਨ ਕੀਤਾ ਤਾਂ ਉਸ ਦਾ ਫੋਨ ਬੰਦ ਆਇਆ ਦੇਰ ਰਾਤ ਤੱਕ ਮਨਪ੍ਰੀਤ ਕੌਰ ਨਾਲ ਸੰਪਰਕ ਨਹੀਂ ਹੋ ਸਕਿਆ ਜਿਸ ਦੇ ਚਲਦਿਆਂ ਉਹਨਾਂ ਵਲੋ ਮਨਪ੍ਰੀਤ ਕੌਰ ਅਤੇ ਦੋਵੇਂ ਬੱਚੀਆਂ ਦੇ ਲਾਪਤਾ ਹੋਣ ਦੀ ਸ਼ਿਕਾਇਤ ਪੁਲਿਸ ਚੌਕੀ ਅੰਨਗੜ੍ਹ ਵਿਖੇ ਦਰਜ ਕਰਵਾਈ ਗਈ ਇਸ ਬਾਰੇ ਜਦੋਂ ਅੰਨਗੜ ਪੁਲਿਸ ਚੌਕੀ ਦੇ ਇੰਚਾਰਜ ਸ੍ਰੀ ਅਸ਼ਵਨੀ ਕੁਮਾਰ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਲੜਕੀ ਅਤੇ ਦੋਵਾਂ ਬੱਚੀਆ ਦੀ ਭਾਲ ਜਾਰੀ ਹੈ ।।

# ਸੱਤਿਆ ਐਲੀਮੈਂਟਰੀ ਸਕੂਲ ਚੰਨਣ ਕੇ ਵਿਖੇ ਧਰਤੀ ਦਿਵਸ ਮਨਾਇਆ ਗਿਆ



**ਚੌਕ ਮਹਿਤਾ 22 ਅਪਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)** ਇਲਾਕੇ ਨਾਮਵਰ ਸੰਸਥਾ ਸੱਤਿਆ ਐਲੀਮੈਂਟਰੀ ਸਕੂਲ ਚੰਨਣਕੇ ਵਿੱਚ ਧਰਤੀ ਦਿਵਸ ਮਨਾਇਆ ਗਿਆ ਇਸ ਦੌਰਾਨ ਵਿਦਿਆਰਥੀਆਂ ਵੱਲੋਂ ਪ੍ਰੋਗਰਾਮਾਂ ਵਿੱਚ ਵੀ ਹਿੱਸਾ ਲਿਆ ਗਿਆ ਇਸ ਮੌਕੇ ਤੇ ਵਿਦਿਆਰਥੀਆਂ ਵੱਲੋਂ ਪਿੰਡ ਵਿੱਚ ਧਰਤੀ ਨਾਲ ਸੰਬੰਧਿਤ ਰੈਲੀ ਵੀ ਕੱਢੀ ਤੇ ਪਿੰਡ ਦੇ ਲੋਕਾਂ ਨੂੰ ਦੱਸਿਆ ਕਿ ਸਾਨੂੰ ਧਰਤੀ ਅਤੇ ਰੁੱਖਾਂ ਦੀ ਸਾਂਭ ਸੰਭਾਲ ਕਰਨੀ ਚਾਹੀਦੀ ਹੈ। ਸਾਨੂੰ ਰੁੱਖ ਨਹੀਂ ਵੱਢਣੇ ਚਾਹੀਦੇ ਸਗੋਂ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਇਸ ਵਿੱਚ ਸਕੂਲ ਦੇ ਮੁਖੀ ਸ੍ਰੀਮਤੀ ਨਵਨੀਤ ਕੌਰ ਗੁਰਮੀਤ ਕੌਰ ਮਨਦੀਪ ਕੌਰ ਜਸਪ੍ਰੀਤ ਕੌਰ ਸਹਿਜਦੀਪ ਕੌਰ ਸੰਦੀਪ ਕੌਰ ਪਵਨਦੀਪ ਕੌਰ ਕਰਮਜੀਤ ਕੌਰ ਸਪਨੋਤ ਕੌਰ ਲਵਦੀਪ ਕੌਰ ਆਦਿ ਸ਼ਾਮਿਲ ਰਹੇ !

ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਵੱਲੋਂ

# ਖੰਡੇਧਾਰ ਗਤਕਾ ਅਖਾੜਾ ਦੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ





ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਜੋ ਪਿਛਲੇ ਦਿਨੀ ਪੰਜਾਬ ਸਰਕਾਰ ਵੱਲੋਂ ਤਰਨ ਤਰਨ ਸਾਹਿਬ ਦੀ ਧਰਤੀ ਤੇ ਗਤਕੇ ਦੀਆਂ ਟੀਮਾਂ ਦੇ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਖੰਡੇਧਾਰ ਗਤਕਾ ਅਖਾੜਾ ਦੇ ਮੁੱਖ ਸੇਵਾਦਾਰ ਬਾਬਾ ਗੁਰਸੇਵਕ ਸਿੰਘ ਜੀ ਚੂਸਲੇਵੜ ਦੇ ਵਿਦਿਆਰਥੀਆਂ ਵੱਲੋਂ ਵੱਡੀਆਂ ਮੱਲਾਂ ਮਾਰੀਆਂ ਵਿਦਿਆਰਥੀਆਂ ਨੇ ਪਹਿਲੇ ਸਥਾਨ ਪ੍ਰਾਪਤ ਕੀਤੇ। ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਵੱਲੋਂ ਚੂਸਲੇਵੜ ਵਿਖੇ ਸੰਤ ਬਾਬਾ ਈਸ਼ਰ ਸਿੰਘ ਜੀ ਅਤੇ ਸੰਤ ਬਾਬਾ ਬੂਟਾ ਸਿੰਘ ਜੀ ਦੇ ਅਸਥਾਨ ਤੇ ਪਹੁੰਚ ਕੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ। ਨਾਲ ਹੀ ਬੋਲਦਿਆਂ ਦੱਸਿਆ ਕਿ ਜੋ ਖੰਡੇਧਾਰ ਗਤਕਾ ਅਖਾੜਾ ਦੇ ਬਾਬਾ ਗੁਰਸੇਵਕ ਸਿੰਘ ਜੀ ਦੇ ਵਿਦਿਆਰਥੀਆਂ ਨੇ ਤਰਨ ਤਾਰਨ ਸਾਹਿਬ ਵਿਖੇ ਮੁਕਾਬਲੇ ਵਿੱਚ ਵੱਡੀਆਂ ਮੱਲਾਂ ਮਾਰ ਕੇ ਪਹਿਲੇ ਸਥਾਨ ਪ੍ਰਾਪਤ ਕੀਤੇ ਹਨ ਉਹਨਾਂ ਵਿਦਿਆਰਥੀਆਂ ਨੂੰ ਲੱਖ ਲੱਖ ਵਧਾਈਆਂ। ਇਹ ਬਾਬਾ ਗੁਰਸੇਵਕ ਸਿੰਘ ਜੀ ਦਾ ਬਹੁਤ ਵਧੀਆ ਉਪਰਾਲਾ ਹੈ ਜੋ ਵੱਖ-ਵੱਖ ਪਿੰਡਾਂ ਵਿੱਚ ਗਤਕੇ ਦੇ ਕੈਂਪ ਲਗਾਉਂਦੇ ਹਨ ਅਤੇ ਬੱਚਿਆਂ ਨੂੰ ਗਤਕਾ ਸ਼ਸਤਰ ਦੀ ਸਿਖਲਾਈ ਦਿੰਦੇ ਹਨ। ਨਾਲ ਹੀ ਜੋ 2 ਜੂਨ ਨੂੰ ਪਿੰਡ ਰੋੜੇ ਵਿਖੇ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦਾ ਜਨਮ ਦਿਹਾੜਾ ਉੱਚ ਪੱਧਰ ਤੇ ਮਨਾਇਆ ਜਾ ਰਿਹਾ ਹੈ ਉੱਥੇ ਵੱਧ ਤੋਂ ਵੱਧ ਸੰਗਤਾਂ ਨੂੰ ਪਹੁੰਚਣ ਲਈ ਬੇਨਤੀ ਕੀਤੀ। ਜੋ ਸੰਗਤਾਂ ਵੱਲੋਂ ਵਿਸ਼ਵਾਸ ਦਵਾਇਆ ਕਿ ਵੱਧ ਤੋਂ ਵੱਧ ਸੰਗਤਾਂ 2 ਜੂਨ ਨੂੰ ਨਗਰ ਰੋੜੇ ਵਿਖੇ ਪਹੁੰਚਣਗੀਆਂ। ਜੇਤੂ ਵਿਦਿਆਰਥੀਆਂ ਵਿੱਚੋਂ ਗਤਕਾ ਪ੍ਰਦਰਸ਼ਨੀ ਅਤੇ ਫੈਡ ਮੁਕਾਬਲਾ ਵਿੱਚ ਪਹਿਲੇ ਨੰਬਰ ਤੇ ਬੀਬੀ ਸੁਖਜੀਤ ਕੌਰ ਸਪੁੱਤਰੀ ਬਾਬਾ ਗੁਰਸੇਵਕ ਸਿੰਘ ਜੀ ਚੂਸਲੇਵੜ , ਜੋਧਵੀਰ ਸਿੰਘ ਤੀਜੇ ਨੰਬਰ ਤੇ, ਗੁਰਭੇਜ ਸਿੰਘ ਤੀਜੇ ਨੰਬਰ ਤੇ ਸ਼ਰਨਦੀਪ ਕੌਰ ਦਿਆਲਪੁਰ ਤੋਂ ਦੂਜੇ ਨੰਬਰ ਤੇ, ਗੁਰਲੀਨ ਕੌਰ ਦੂਜੇ ਨੰਬਰ ਤੇ, ਨਵਨੀਤ ਕੌਰ ਤੀਜੇ ਨੰਬਰ ਤੇ ਹਾਸਲ ਪ੍ਰਾਪਤ ਕੀਤੇ। ਬਾਬਾ ਗੁਰਸੇਵਕ ਸਿੰਘ ਜੀ ਚੂਸਲੇਵੜ ਅਤੇ ਸਮੂਹ ਪਤਵੰਤਿਆਂ ਵੱਲੋਂ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦਾ ਸਨਮਾਨ ਕੀਤਾ ਗਿਆ। ਜੀ ਆਇਆ ਕਿਹਾ ਤੇ ਧੰਨਵਾਦ ਕੀਤਾਇਸ ਮੌਕੇ ਸ੍ਰ ਮਹਿੰਦਰਪਾਲ ਸਿੰਘ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ, ਭਾਈ ਅਮਰਜੀਤ ਸਿੰਘ, ਭਾਈ ਗੁਰਮੀਤ ਸਿੰਘ , ਭਾਈ ਤਰਸੇਮ ਸਿੰਘ ਪੱਟੀ ਵਾਲੇ , ਭਾਈ ਸੁਖਵਿੰਦਰ ਸਿੰਘ, ਡਾਕਟਰ ਸਰਦਾਰਾ ਸਿੰਘ ,ਭਾਈ ਭਗਵੰਤ ਸਿੰਘ ਹਾਜ਼ਰ ਸਨ।

**2 ਜੂਨ ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਤੇ ਪਿੰਡ ਰੋੜੇ ਵਿਖੇ ਪਹੁੰਚਣ ਦੀ ਸੰਗਤਾਂ ਨੂੰ ਪੁਰਜੋਰ ਅਪੀਲ ਕੀਤੀ**

ਆਵਾਜ਼ਿ ਕੌਮ AWAZE QAUM International Newspaper & WEB TV

# ਇੰਪਲਾਈਜ ਵੈਲ.ਫ਼ੇਅਰ ਐਸੋਸੀਏਸ਼ਨ ਵਲੋਂ ਸਿਵਲ ਸਰਜਨ ਡਾ ਵਿਜੈ ਕੁਮਾਰ ਹੋਣਗੇ ਸਨਮਾਨਿਤ



ਚੌਕ ਮਹਿਤਾ, 22 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )-ਸਿਵਲ ਸਰਜਨ ਡਾਕਟਰ ਅੰਮ੍ਰਿਤਸਰ ਡਾ .ਵਿਜੇ ਕੁਮਾਰ 30 ਅਪ੍ਰੈਲ, 2024 ਮੰਗਲਵਾਰ ਨੂੰ ਸਰਕਾਰੀ ਸੇਵਾਵਾਂ ਤੋਂ ਭਾਰ ਮੁਕਤ ਹੋ ਰਹੇ ਹਨ। ਆਪਣੇ ਨਿੱਘੇ ਸੁਭਾਅ ਅਤੇ ਇਮਾਨਦਾਰੀ ਨਾਲ ਜਾਣੇਂ ਜਾਂਦੇ ਡਾਕਟਰ ਵਿਜੇ ਕੁਮਾਰ, ਸਿਵਲ ਸਰਜਨ ਅੰਮ੍ਰਿਤਸਰ ਨੂੰ ਰਿਟਾਇਰਮੈਂਟ ਦੇ ਮੌਕੇ ਤੇ ਇੰਪਲਾਈਜ ਵੈਲ.ਫ਼ੇਅਰ ਐਸੋਸੀਏਸ਼ਨ ਪੰਜਾਬ ਵੱਲੋਂ ਉਨ੍ਹਾਂ ਨੂੰ ਚੰਗੀਆਂ, ਵਧੀਆ ਸੇਵਾਵਾਂ ਦੇਣ ਲਈ ਅਤੇ ਇਮਾਨਦਾਰੀ ਨਾਲ ਆਪਣੀ ਡਿਊਟੀ ਨਿਭਾਉਣ ਹਿੱਤ ਉਚੇਚੇ ਤੌਰ ਸਨਮਾਨਿਤ ਕਰਨ ਹਿੱਤ ਵਿਦਾਇਗੀ ਪਾਰਟੀ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਮਿਤੀ 29/04/2024 ਦਿਨ ਸੋਮਵਾਰ ਨੂੰ ਦੁਪਹਿਰ 01-35 ਸ਼ਾਮ 'ਤੇ ਰੱਖੀ ਗਈ ਹੈ। ਇਸ ਮੌਕੇ ਤੇ ਇੰਪਲਾਈਜ ਵੈਲ.ਫ਼ੇਅਰ ਐਸੋਸੀਏਸ਼ਨ ਦੇ ਚੇਅਰਮੈਨ ਡਾਕਟਰ ਰਾਕੇਸ਼ ਸ਼ਰਮਾ, ਸੀਨੀਅਰ ਮੈਡੀਕਲ ਅ.ਫ਼ਸਰ ਇੰਚਾਰਜ਼ ਡਾਕਟਰ ਮਦਨ ਮੋਹਨ, ਸੀਨੀਅਰ ਮੈਡੀਕਲ ਅ.ਫ਼ਸਰ ਇੰਚਾਰਜ਼ ਡਾਕਟਰ ਸਵਰਨਜੀਤ ਧਵਨ, ਮੇਟਰਨ ਕਮਲਜੀਤ ਕੌਰ ਸੀਨੀਅਰ ਵਾਈਸ ਪ੍ਰਧਾਨ, ਡਾਕਟਰ ਸੰਜੀਵ ਆਨੰਦ ਜਰਨਲ ਸੈਕਟਰੀ, ਫ਼ੂਡ ਕਮਿਸ਼ਨਰ ਰਜਿੰਦਰ ਪਾਲ ਸਿੰਘ, ਸ੍ਰੀਮਤੀ ਜਸਬੀਰ ਕੌਰ (ਸ) ਸੀਨੀਅਰ ਵਾਈਸ ਪ੍ਰਧਾਨ ਅਤੇ ਰਘੂ ਤਲਵਾਰ ਜ਼ਿਲ੍ਹਾ ਪ੍ਰਧਾਨ , ਰਾਜੇਸ਼ ਸ਼ਰਮਾ, ਉਚੇਚੇ ਤੌਰ ਤੇ ਮੌਜੂਦ ਰਹਿਦਿਆਂ ਹੋਇਆਂ ਸਿਵਲ ਸਰਜਨ ਡਾਕਟਰ ਵਿਜੇ ਕੁਮਾਰ ਨੂੰ ਸਨਮਾਨਿਤ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਸਰਬਲੋਹ ਬੁੰਗਾ ਨੰਗਲੀ ਵਿਖੇ ਛੇਵੇਂ ਪਾਤਸ਼ਾਹਿ ਦਾ ਆਗਮਨ ਪੁਰਬ ਭਲਕੇ

ਚੌਕ ਮਹਿਤਾ, 22 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)-ਸ੍ਰੀ ਮਿਸਲ ਸ਼ਹੀਦਾਂ ਤਰਨਾ ਦਲ ਸ੍ਰੀ ਬਾਬਾ ਬਕਾਲਾ ਸਾਹਿਬ ਦੀ ਰਹਿਨੁਮਾਈ ਅਤੇ ਦਸ਼ਮੇਸ਼ ਪਾਤਿਸ਼ਾਹ ਤੋਂ ਵਰੋਸਾਏ ਜਥਾ ਭਾਈ ਨੰਦ ਲਾਲ ਜੀ ਦੀ ਯੋਗ ਅਗਵਾਈ ਹੇਠ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਆਗਮਨ ਪੁਰਬ ਅਤੇ ਭਾਈ ਨੰਦ ਲਾਲ ਜੀ ਦਾ ਗੁਰ ਚਰਨ ਪਰਸਨ ਦਿਵਸ 23 ਅਪ੍ਰੈਲ ਨੂੰ ਗੁ: ਹਰਿਗੋਬਿੰਦਪੁਰੀ ਸਾਹਿਬ ਸ੍ਰੀ ਸਰਬਲੋਹ ਬੁੰਗਾ ਨੰਗਲੀ ਵਿਖੇ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ। ਅੱਜ ਇਥੇ ਆਪ ਪਾਰਟੀ ਦੇ ਮੀਡੀਆ ਸਲਾਹਕਾਰ ਬੂਟਾ ਸਿੰਘ ਜਲਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਦੌਰਾਨ ਆਦਿ ਦਸਮ ਗੁਰੂ ਗ੍ਰੰਥ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਭਾਰੀ ਧਾਰਮਿਕ ਦੀਵਾਨ ਸੱਜਣਗੇ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਤਰਨਾ ਦਲ ਮਹਿਤਾ ਚੌਂਕ ਦੀਆਂ ਫੌਜਾਂ ਵੱਲੋਂ ਮਹੱਲੇ ਸਜਾਏ ਜਾਣਗੇ। ਇਥੇ ਵਿਸ਼ੇਸ਼ 100 ਫੁੱਟ ਉੱਚਾ ਨਿਸ਼ਾਨ ਸਾਹਿਬ ਝੁੱਲੇਗਾ। ਉਨ੍ਹਾਂ ਆਖਿਆ ਕਿ ਇਸ ਸਮੇਂ ਅੰਮ੍ਰਿਤ ਸੰਚਾਰ ਵੀ ਹੋਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅਪਣੇ ਹੱਕ ਲੈਣ ਲਈ ਪੰਜਾਬੀਆਂ ਨੂੰ ਅਕਾਲੀ ਦਲ ਵਿਚ

# ਇਕ ਵੱਡਾ 'ਤੇ ਖ਼ਾਲਸ ਪਲੇਟ ਫ਼ਾਰਮ : ਸ: ਗੁਰਜੰਟ ਸਿੰਘ ਖਾਲਸਾ

ਭਾਰਤੀ ਜਨਤਾ ਪਾਰਟੀ ਲੰਮੇ ਸਮੇਂ ਤੋਂ ਵੱਡੀ ਮੱਛੀ ਬਣ ਕੇ ਸੂਬਿਆਂ ਦੀਆਂ ਖੇਤਰੀ ਪਾਰਟੀਆਂ ਨੂੰ ਖਾਂਦੀ ਆ ਰਹੀ ਹੈ। ਮਹਾਰਾਸ਼ਟਰ ਵਿਚ ਸ਼ਿਵ ਸੈਨਾ, ਬਿਹਾਰ ਵਿਚ ਜਨਤਾ (ਯੂ), ਜੰਮੂ-ਕਸ਼ਮੀਰ ਵਿਚ ਪੀ.ਡੀ.ਪੀ. ਅਤੇ ਕਰਨਾਟਕ ਵਿਚ ਜੇ.ਡੀ. (ਐਸ) ਵਰਗੀਆਂ ਪਾਰਟੀਆਂ ਨੂੰ ਬੀਜੇਪੀ ਨੇ ਹੌਲੀ-ਹੌਲੀ ਕਮਜ਼ੋਰ ਕਰਕੇ ਅਪਣੇ ਪੈਰਾਂ ਵਿਚ ਬਿਠਾ ਲਿਆ ਹੈ। ਇਹ ਪਾਰਟੀਆਂ ਖੇਰੂੰ-ਖੇਰੂੰ ਹੋ ਚੁੱਕੀਆਂ ਹਨ ਅਤੇ ਬੀਜੇਪੀ ਦੇ ਰਹਿਮੋ-ਕਰਮ ਉਤੇ ਹਨ। ਇਹੀ ਗੇਮ ਹੁਣ ਪੰਜਾਬ ਵਿਚ ਸ਼੍ਰੋਮਣੀ ਅਕਾਲੀ

ਦਲ ਉਪਰ ਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ। ਕੈਪਟਨ ਅਮਰਿੰਦਰ ਸਿੰਘ, ਸੁਨੀਲ ਜਾਖੜ, ਰਵਨੀਤ ਸਿੰਘ ਬਿੱਟੂ ਅਤੇ ਅਜਿਹੇ ਹੀ ਕੁੱਝ ਹੋਰ ਕਾਂਗਰਸੀ ਲੀਡਰਾਂ ਨੂੰ ਅਪਣੇ ਪਾਲੇ ਵਿਚ ਲਿਆ ਕੇ, ਬੀਜੇਪੀ ਸ. ਸੁਖਬੀਰ ਸਿੰਘ ਬਾਦਲ ਨੂੰ ਡਰਾਉਣ ਦੀ ਕੋਸ਼ਿਸ਼ ਕਰ ਰਹੀ ਜਾਪਦੀ ਸੀ। ਮੌਕਾ-ਪ੍ਰਸਤ, ਵਿਚਾਰਧਾਰਾ ਤੇ ਸਿਧਾਂਤਾਂ ਤੋਂ ਵਿਹੂਣੇ ਲੀਡਰਾਂ ਨੂੰ ਈ.ਡੀ. ਅਤੇ ਹੋਰ ਕੇਂਦਰੀ ਏਜੰਸੀਆਂ ਤੋਂ ਡਰਾ ਕੇ ਬੀਜੇਪੀ ਸਮਝਦੀ ਹੈ ਕਿ ਉਹ ਇਕੱਲਿਆਂ ਚੋਣਾਂ ਲੜ ਕੇ ਬਹੁਤ ਕੁੱਝ ਹਾਸਲ ਕਰ ਲਵੇਗੀ। ਦੂਜੇ ਪਾਸੇ, ਸ਼੍ਰੋਮਣੀ ਅਕਾਲੀ ਦਲ ਦੇ ਕੁਰਸੀ ਨਾਲੋਂ ਸਿਧਾਂਤ ਤੇ ਅਸੂਲ ਪਿਆਰੇ ਦੇ ਨਾਹਰੇ ਨੇ ਅਕਾਲੀ ਦਲ ਨੂੰ ਪੰਜਾਬ ਵਿਚ ਹੀ ਨਹੀਂ ਬਲਕਿ ਵਿਦੇਸ਼ਾਂ ਵਿਚ ਬੈਠੇ ਪ੍ਰਵਾਸੀ ਪੰਜਾਬੀਆਂ ਨੂੰ ਵੀ ਹੈਰਾਨ ਕੀਤਾ ਹੈ। ਪ੍ਰਵਾਸੀ ਪੰਜਾਬੀ ਅਕਾਲੀ ਦਲ ਨੂੰ ਇਸੇ ਰੂਪ ਵਿਚ ਵੇਖਣਾ ਚਾਹੁੰਦੇ ਹਨ। ਪ੍ਰਵਾਸੀਆਂ ਨੇ ਹਮੇਸ਼ਾ ਉਸ ਪਾਰਟੀ ਦਾ ਸਾਥ ਦਿਤਾ ਹੈ ਜਿਸ ਨੇ ਪੰਜਾਬ ਦੇ ਹੱਕ ਵਿਚ ਨਾਹਰਾ ਮਾਰਿਆ ਹੈ। ਪੰਜਾਬ ਦੇ ਲੋਕ ਖ਼ਾਸ ਤੌਰ ਤੇ ਨੌਜੁਆਨ ਚਾਹੁੰਦੇ ਹਨ ਕਿ ਪੰਜਾਬੀਆਂ ਦੀ ਨਿਰੋਲ ਅਪਣੀ ਪਾਰਟੀ ਹੋਣੀ ਚਾਹੀਦੀ ਹੈ ਜਿਸ ਦੀ ਡੋਰ ਸੰਪੂਰਨ ਰੂਪ ਵਿਚ ਪੰਜਾਬੀਆਂ ਦੇ ਹੱਥ ਵਿਚ ਹੀ ਹੋਵੇ। ਜੇ ਬੀਜੇਪੀ ਪੰਜਾਬੀਆਂ ਦੀ ਕੋਈ ਮੰਗ ਹੀ ਨਹੀਂ ਮੰਨਣਾ ਚਾਹੁੰਦੀ ਤਾਂ ਉਸ ਨਾਲ ਗਠਜੋੜ ਕਰਨ ਦਾ ਵੀ ਕੀ ਲਾਭ ? ਇਹ ਜਾਖੜ, ਕੈਪਟਨ ਅਤੇ ਬਿੱਟੂ ਵਰਗੇ ਵੀ ਬੀਜੇਪੀ ਦੀ ਗੋਦੀ ਵਿਚ ਬੈਕ ਕੇ ਕੁੱਝ ਨਹੀਂ ਖੱਟ ਸਕਣਗੇ। ਭਾਰਤੀ ਜਨਤਾ ਪਾਰਟੀ ਦੀ ਵਿਚਾਰਧਾਰਕ ਕੈਦ ਵਿਚ ਇਨ੍ਹਾਂ ਲੀਡਰਾਂ ਦਾ ਦਮ ਕੁੱਝ ਹੀ ਦਿਨਾਂ ਵਿਚ ਘੁਟ ਜਾਵੇਗਾ। ਬੀਜੇਪੀ ਦੇ ਅੜੀਅਲ ਤੇ ਹਮਲਾਵਰ ਰੁਖ਼ ਨੇ ਵੈਸੇ ਵੀ ਇਨ੍ਹਾਂ ਲੀਡਰਾਂ ਨੂੰ ਸਿਫ਼ਰ ਕਰ ਦਿਤਾ ਹੈ। ਜਾਖੜ, ਕੈਪਟਨ ਅਤੇ ਬਿੱਟੂ ਦੀ ਵੋਟ ਦਾ ਮੁੱਲ ਇਕ ਹੀ ਹੈ, ਇਨ੍ਹਾਂ ਤਿੰਨਾਂ ਦੀਆਂ ਵੋਟਾਂ ਨਾਲ ਬੀਜੇਪੀ ਜਿੱਤ ਦਾ ਝੰਡਾ ਨਹੀਂ ਗੱਢ ਸਕੇਗੀ। ਵੋਟ ਲੋਕਾਂ ਨੇ ਦੇਣੀ ਹੁੰਦੀ ਹੈ ਅਤੇ ਬੀਜੇਪੀ ਤੋਂ ਲੋਕ ਕਿੰਨੇ ਦੁਖੀ ਹਨ, ਇਹ ਹਰ ਪੰਜਾਬੀ ਭਲੀਭਾਂਤ ਜਾਣਦਾ ਹੈ।

ਜਾਖੜ ਪੰਜਾਬ ਪੱਖੀ ਅਤੇ ਪੰਜਾਬੀਆਂ ਦੀ ਗੱਲ ਕਰਨ ਵਾਲਾ ਨੇਤਾ ਮੰਨਿਆ ਜਾਂਦਾ ਰਿਹਾ ਹੈ ਪਰ ਬੀਜੇਪੀ ਨੇ ਉਸ ਦੀ ਪੰਜਾਬੀਅਤ ਉਪਰ ਵੀ ਸਵਾਲੀਆ ਨਿਸ਼ਾਨ ਲਗਾ ਦਿਤਾ। 10 ਮਾਰਚ ਨੂੰ ਮਰਹੂਮ ਬਾਦਲ ਸਾਹਿਬ ਦੀ ਬਰਸੀ ਮੌਕੇ ਜਾਖੜ ਨੇ ਐਲਾਨੀਆ ਕਿਹਾ ਸੀ ਕਿ ਪੰਜਾਬ ਤੇ ਪੰਥ ਦੀ ਭਲਾਈ ਲਈ ਅਕਾਲੀ ਦਲ ਦਾ ਮਜ਼ਬੂਤ ਹੋਣਾ ਬਹੁਤ ਜ਼ਰੂਰੀ ਹੈ। ਹੁਣ ਉਹੀ ਜਾਖੜ ਸਾਹਿਬ ਆਖ ਰਹੇ ਹਨ ਕਿ ਪੰਜਾਬ ਦੇ ਭਲੇ ਲਈ ਬੀਜੇਪੀ ਦਾ ਇਕੱਲਿਆਂ ਚੋਣ ਲੜਨਾ ਜ਼ਰੂਰੀ ਹੈ। ਉਨ੍ਹਾਂ ਨੂੰ ਹੁਣ ਬੀਜੇਪੀ ਹੀ ਮਸੀਹਾ ਨਜ਼ਰ ਆਉਣ ਲੱਗ ਪਈ ਹੈ। ਉਨ੍ਹਾਂ ਨੂੰ ਬੀਜੇਪੀ ਕਿਸਾਨ ਹਿਤੈਸ਼ੀ ਜਾਪ ਰਹੀ ਹੈ। ਭਾਈਚਾਰਕ ਸਾਂਝ ਦੀ ਮੁੱਦਈ ਲਗਦੀ ਹੈ। ਜਾਖੜ ਸਾਹਿਬ ਨੂੰ ਕੁੱਝ ਦਿਨ ਪਹਿਲਾਂ ਹੋਲੀ ਦੇ ਤਿਓਹਾਰ ਮੌਕੇ ਬੀਜੇਪੀ ਕਾਰਕੁਨਾਂ ਵਲੋਂ ਨਿਰਦੋਸ਼ ਮੁਸਲਮਾਨਾਂ ਉਪਰ ਜ਼ਬਰਦਸਤੀ ਰੰਗ ਸੁੱਟਣ ਦੀਆਂ ਘਟਨਾਵਾਂ ਨਜ਼ਰ ਨਹੀਂ ਆਈਆਂ। ਜਾਖੜ ਦੇ ਇਸ ਯੂ-ਟਰਨ ਨੇ ਪੰਜਾਬੀ ਵਿਚ ਉਨ੍ਹਾਂ ਦਾ ਕਿਰਦਾਰ ਬਹੁਤ ਨੀਵਾਂ ਕੀਤਾ ਹੈ। ਇਸ ਯੂ-ਟਰਨ ਨੇ ਗਿਰਗਟ ਨੂੰ ਵੀ ਮਾਤ ਦਿਤੀ ਹੈ। ਬੀਜੇਪੀ ਨਾਲ ਰਲ ਕੇ ਸ਼੍ਰੋਮਣੀ ਅਕਾਲੀ ਦਲ ਦੇ ਹਮੇਸ਼ਾ ਅਪਣੇ ਵੋਟ ਬੈਂਕ ਨੂੰ ਖੋਰਾ ਹੀ ਲਾਇਆ ਹੈ ਅਤੇ ਕਈ ਪੰਥਕ ਧਿਰਾਂ ਦੀ ਨਾਰਾਜ਼ਗੀ ਮੁਲ ਲਈ ਹੈ। ਹੁਣ ਇਹ ਪੰਥਕ ਧਿਰਾਂ ਵੀ ਅਕਾਲੀ ਦਲ ਨੂੰ ਅਪਣੇ ਸਿਰ ਦਾ ਤਾਜ ਬਣਾਉਣਗੀਆਂ। ਅਕਾਲੀ ਦਲ ਨੂੰ ਬੀਜੇਪੀ ਦੀ ਨੇੜਤਾ ਦਾ ਜਿੰਨਾ ਕੁ ਫ਼ਾਇਦਾ ਸੀ, ਉਸ ਤੋਂ ਕਈ ਗੁਣਾ ਜ਼ਿਆਦਾ ਫ਼ਾਇਦਾ ਉਨ੍ਹਾਂ ਸਿੱਖਾਂ ਦੇ ਕਰੀਬ ਆ ਜਾਣ ਕਾਰਨ ਹੋ ਜਾਣਾ ਹੈ ਜਿਹੜੇ ਅਕਾਲੀ ਦਲ, ਪੰਥ ਅਤੇ ਪੰਜਾਬ ਨੂੰ ਖ਼ੁਦਮੁਖ਼ਾਰ ਅਕਾਲੀ ਦਲ ਵਜੋਂ ਵੇਖਣਾ ਚਾਹੁੰਦੇ ਹਨ। ਬੀਜੇਪੀ ਤੋਂ ਦੂਰ ਹੋ ਕੇ ਅਕਾਲੀ ਦਲ ਚੜ੍ਹਦੀਕਲਾ ਵੱਲ ਹੀ ਜਾਏਗਾ। ਅਕਾਲੀ ਦਲ ਸਮੁੱਚੇ ਪੰਜਾਬੀਆਂ ਲਈ ਸਹੀ ਅਰਥਾਂ ਵਿਚ ਇਕ ਅਜਿਹਾ ਪਲੇਟ-ਫ਼ਾਰਮ ਬਣੇਗਾ ਜਿਥੇ ਖੇਤਰਵਾਦ ਅਤੇ ਪੰਜਾਬੀਆਂ ਦੀ ਅਣਖ-ਗ਼ੈਰਤ ਦੀ ਗੱਲ ਕਰਨ ਦੀ ਖੁੱਲ੍ਹ ਹੋਵੇਗੀ। ਕੁੱਝ ਵੀ ਹੋਵੇ, ਪੰਜਾਬੀਆਂ ਅੰਦਰ ਇਸ ਗੱਲ ਦੀ ਖ਼ੁਸ਼ੀ ਹੈ ਕਿ ਅਕਾਲੀ ਦਲ ਨੇ ਚਾਹੇ ਦੇਰ ਨਾਲ ਹੀ ਸਹੀ, ਪਰ ਅਪਣੇ ਸੂਬੇ ਅਤੇ ਕੌਮ ਦੀ ਤਰਜਮਾਨੀ ਕੀਤੀ ਹੈ। ਲੋਕ ਵੀ ਅਕਾਲੀ ਦਲ ਦਾ ਸਾਥ ਦੇਣ ਨੂੰ ਤਿਆਰ ਹੋਣਗੇ ਕਿਉਂਕਿ ਪੰਜਾਬੀਆਂ ਦੀ ਪ੍ਰਾਕਿਰਤੀ ਸੰਘਰਸ਼ ਕਰਨ ਦੀ ਹੈ, ਉਹ ਸੰਘਰਸ਼ ਚਾਹੇ ਫਿਰ ਦੁਨੀਆਂ ਦੀ ਸਭ ਤੋਂ ਵੱਡੀ ਪਾਰਟੀ ਨਾਲ ਹੀ ਕਿਉਂ ਨਾ ਹੋਵੇ। ਪੰਜਾਬ ਨੇ ਇੰਦਰਾ ਗਾਂਧੀ ਦੀ ਤਾਨਾਸ਼ਾਹੀ ਨੂੰ ਧੂੜ ਚਟਾ ਦਿਤੀ ਸੀ, ਜੇ ਹੁਣ ਮੋਦੀ ਦੇ ਰੂਪ ਵਿਚ ਨਵੀਂ ਕਿਸਮ ਦੀ ਇੰਦਰਾ ਗਾਂਧੀ ਆ ਖੜੀ ਹੋਈ ਹੈ ਤਾਂ ਪੰਜਾਬੀ ਉਸ ਨੂੰ ਵੇਖ ਲੈਣਗੇ। ਅਕਾਲੀ ਦਲ ਰਾਹੀਂ ਸਿੱਖਾਂ ਦੀਆਂ ਮੰਗਾਂ ਨਾ ਮੰਨ ਕੇ ਬੀਜੇਪੀ ਨੇ ਬਹੁਗਿਣਤੀ ਸਿੱਖਾਂ ਨੂੰ ਨਾਰਾਜ਼ ਕਰ ਲਿਆ ਹੈ। ਈਸਾਈਆਂ ਤੇ ਮੁਸਲਮਾਨਾਂ ਸਮੇਤ ਸਮੁੱਚੇ ਪੰਜਾਬੀ ਵੈਸੇ ਹੀ ਸੂਬੇ ਨਾਲ ਵਿਤਕਰਿਆਂ ਕਾਰਨ ਬੀਜੇਪੀ ਤੋਂ ਨਾਰਾਜ਼ ਚੱਲੇ ਆ ਰਹੇ ਹਨ। ਬੀਜੇਪੀ ਨੂੰ ਪੰਜਾਬ ਵਿਚ ਇਕੱਲਿਆਂ ਉਤਰਨਾ ਕਾਫ਼ੀ ਮਹਿੰਗਾ ਪੈਣ ਦੀ ਸੰਭਾਵਨਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM

### ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਵਾਹਗਾ ਬਾਰਡਰ ਤੇ ਪਹੁੰਚ ਕੇ

# ਪਾਕਿਸਤਾਨ ਨਾਲ ਵਪਾਰਕ ਸਾਂਝਾਂ ਦੇ ਵਾਧੇ ਲਈ ਅਰਦਾਸ



**ਅੰਮ੍ਰਿਤਸਰ, 22 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੱਜ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਅੰਮ੍ਰਿਤਸਰ ਲੋਕ ਸਭਾ ਉਮੀਦਵਾਰ ਸ੍ਰ ਈਮਾਨ ਸਿੰਘ ਜੀ ਮਾਨ, ਹਲਕਾ ਖ਼ਡੂਰ ਸਾਹਿਬ ਤੋਂ ਲੋਕ ਸਭਾ ਉਮੀਦਵਾਰ ਤੇ ਜਰਨਲ ਸਕੱਤਰ ਸ੍ਰ ਹਰਪਾਲ ਸਿੰਘ ਜੀ ਬਲੇਰ ਅਤੇ ਜਰਨਲ ਸਕੱਤਰ ਸ੍ਰ ਉਪਕਾਰ ਸਿੰਘ ਜੀ ਸੰਧੂ ਦੀ ਅਗਵਾਈ ਵਿੱਚ ਅੰਮ੍ਰਿਤਸਰ ਅਤੇ ਤਰਨਤਾਰਨ ਦੀ ਸਮੁੱਚੀ ਟੀਮ ਵੱਲੋਂ ਵਾਹਗਾ ਬਾਰਡਰ ਤੇ ਲੱਗਦੀ ਭਾਰਤ ਪਾਕਿਸਤਾਨ ਸਰਹੱਦ ਤੇ ਪਹੁੰਚਕੇ ਪਾਕਿਸਤਾਨ ਨਾਲ ਵਪਾਰਕ ਰਿਸ਼ਤੇ ਤੇ ਆਪਸੀ ਇਤਿਫ਼ਾਕ ਵਧਾਉਣ ਦੇ ਨਜ਼ਰੀਏ ਨਾਲ ਅਰਦਾਸ

ਆਵਾਜ਼ਿ ਕੌਮ AWAZE QAUM International Newspaper & WEB TV

ਬੇਨਤੀ ਕੀਤੀ ਗਈ, ਇਸ ਸਮੇ ਉਪਰੋਕਤ ਸੀਨੀਅਰ ਆਗੂਆਂ ਤੋਂ ਇਲਾਵਾਂ ਸ੍ਰ ਅਮਰੀਕ ਸਿੰਘ ਨੰਗਲ ਜਥੇਬੰਦਕ ਸਕੱਤਰ ਮਾਝਾ ਜੋਨ, ਸ੍ਰ ਜਸਬੀਰ ਸਿੰਘ ਜੀ ਬਚੜੇ ਜਥੇਬੰਦਕ ਸਕੱਤਰ ਮਾਝਾ ਜੋਨ, ਬਾਬਾ ਲਹਿਣਾ ਸਿੰਘ ਜੀ, ਸ੍ਰ ਜਸਬੀਰ ਸਿੰਘ ਵਡਾਲੀ, ਸ੍ਰ ਕੁਲਵੰਤ ਸਿੰਘ ਸਰਪੰਚ, ਸ੍ਰ ਸੁਖਦੇਵ ਸਿੰਘ ਸਰਪੰਚ, ਸ੍ਰ ਸ਼ਮਸ਼ੇਰ ਸਿੰਘ ਜੀ ਬਰਾੜ ਜਿਲ੍ਹਾ ਪ੍ਰਧਾਨ ਅੰਮ੍ਰਿਤਸਰ ਦਿਹਾਤੀ, ਸ੍ਰ ਦਵਿੰਦਰ ਸਿੰਘ ਜੀ ਫਤਾਹਪੁਰ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਅੰਮ੍ਰਿਤਸਰ, ਸ੍ਰ ਰਵੀਸ਼ੇਰ ਸਿੰਘ ਜੀ ਯੂਥ ਵਿੰਗ,ਰਾਜਵਿੰਦਰ ਸਿੰਘ ਹਲਕਾ ਇੰਚਾਰਜ ਦੱਖਣੀ, ਸ੍ਰ ਹਰਸਿਮਰਨਜੀਤ ਸਿੰਘ ਵਾਰਡ ਇੰਚਾਰਜ 43, ਸ੍ਰ ਦਵਿੰਦਰ ਸਿੰਘ, ਸ੍ਰ ਹਰਵੰਤ ਸਿੰਘ ਨੰਗਲ ਸਰਕਲ ਪ੍ਰਧਾਨ ਜੀ ਅਜਨਾਲਾ, ਸ੍ਰ ਕੁਲਦੀਪ ਸਿੰਘ ਠੇਕੇਦਾਰ, ਸ੍ਰ ਹਰਭਜਨ ਸਿੰਘ ਸ਼ਹੀਦ ਸਿੰਘ ਨਰਾਇਣਗੜ੍ਹ, ਸ੍ਰ ਕੁਲਵੰਤ ਸਿੰਘ ਕੋਟਲਾ ਗੁਜਰਾ ਹਲਕਾ ਪ੍ਰਧਾਨ ਮਜੀਠਾ , ਕੁਲਵੰਤ ਸਿੰਘ ਮਜੀਠਾ ਪ੍ਰਧਾਨ ਬਟਾਲਾ, ਸ੍ਰ ਤੀਰ ਸਿੰਘ ਜੀ ਪ੍ਰਧਾਨ ਡੇਰਾ ਬਾਬਾ ਨਾਨਕ, ਸ੍ਰ ਸੁਰਿੰਦਰ ਸਿੰਘ, ਸ੍ਰ ਹਰਮਿੰਦਰ ਸਿੰਘ, ਬਾਬਾ ਅਮਰ ਸਿੰਘ ਜੀ, ਸ੍ਰ ਸਲਿੰਦਰ ਸਿੰਘ ਮੈਂਬਰ ਪੰਚਾਇਤ, ਸਾਹਿਬ ਸਿੰਘ ਦੋਧੀ, ਸ੍ਰ ਸਤਪਾਲ ਸਿੰਘ ਪ੍ਰਧਾਨ ਕਿਸਾਨ ਯੂਨੀਅਨ, ਸ੍ਰ ਮਹਿੰਦਰ ਪਾਲ ਸਿੰਘ ਮਹਿਤਾ, ਸ੍ਰ ਬਲਜਿੰਦਰ ਸਿੰਘ ਅਟਾਰੀ, ਸ੍ਰ ਰਣਜੀਤ ਸਿੰਘ ਜੀ, ਸ੍ਰ ਸਲਵਿੰਦਰ ਸਿੰਘ ਜੀ, ਸ੍ਰ ਕਰਮਜੀਤ ਸਿੰਘ ਜੀ, ਸ੍ਰ ਹਰਸ਼ਦੀਪ ਸਿੰਘ ਜੀ, ਸ੍ਰ ਬਲਜਿੰਦਰ ਸਿੰਘ ਢਿੱਲੋ ਸੀਨੀਅਰ ਮੀਤ ਪ੍ਰਧਾਨ ਦਿਹਾਤੀ ਅਟਾਰੀ ਅਤੇ ਜਸਕਰਨ ਸਿੰਘ ਨੰਗਲ ਯੂਥ ਪ੍ਰਧਾਨ ਵੀ ਹਾਜਰ ਸਨ। ਇਸ ਮੌਕੇ ਤੇ ਟਰੈਕਟਰਾਂ ਟਰਾਲੀਆਂ ਨਾਲ ਵਾਹਗਾ ਬਾਰਡਰ ਪਹੁੰਚ ਕੇ ਸਿੱਖ ਪ੍ਰੰਪਰਾਵਾਂ ਅਨੁਸਾਰ ਅਰਦਾਸ ਬੇਨਤੀ ਕਰਨ ਉਪਰੰਤ ਸ੍ਰ ਈਮਾਨ ਸਿੰਘ ਜੀ ਮਾਨ ਨੇ ਕਿਹਾ ਕਿ ਭਾਰਤ ਤੇ ਪਾਕਿਸਤਾਨ ਦੋਨੋਂ ਇਕੋ ਕੁੱਖ ਦੇ ਜਾਏ ਹਨ ਪਰੰਤੂ ਸਾਡੇ ਦੇਸ਼ ਦੀਆਂ ਫਿਰਕਾਪ੍ਰਸਤ ਸਰਕਾਰਾਂ ਨੇ ਆਪਣੇ ਸੌੜੇ ਸਿਆਸੀ ਹਿੱਤਾਂ ਖਾਤਰ ਦੋਵਾਂ ਦੇਸ਼ਾਂ ਵਿਚਾਲੇ ਕੰਡਿਆਲੀ ਤਾਰ ਤੋਂ ਇਲਾਵਾ ਨਫ਼ਰਤ ਦੀ ਇਕ ਬਹੁਤ ਵੱਡੀ ਦੀਵਾਰ ਖੜੀ ਕਰ ਦਿੱਤੀ ਹੈ ਜਿਸ ਦਾ ਖ਼ਿਮਆਜਾ ਦੋਵਾਂ ਦੇਸ਼ਾਂ ਦੀ ਮਖ਼ਲੂਕ ਨੂੰ ਝੱਲਣਾਂ ਪੈ ਰਿਹਾ। ਉਹਨਾਂ ਕਿਹਾ ਕਿ ਵੈਸੇ ਤਾਂ ਪਾਕਿਸਤਾਨ ਕੋਈ ਵੱਖਰਾ ਮੁਲਕ ਨਹੀਂ ਹੈ ਇਹ ਸਾਡਾ ਹੀ ਹਿੱਸਾ ਹੈ ਪ੍ਰੰਤੂ ਭਾਰਤ ਦੇ ਹੁਕਮਰਾਨਾਂ ਦੀ ਛੋਟੀ ਸੋਚ ਨੇ ਇਹ ਦੂਰੀ ਵਿੱਚ ਬਹੁਤ ਵਾਧਾ ਕਰ ਦਿੱਤਾ ਹੈ ਜਦੋਂ ਕਿ ਇਸ ਤਰਾਂ ਕਰਨ ਦੀ ਬਜਾਏ ਭਾਰਤ ਨੂੰ ਇਹ ਸਰਹੱਦਾਂ ਖੋਲਕੇ ਗੁਆਂਡੀ ਮੁਲਕ ਹੋਣ ਨਾਤੇ ਵਪਾਰਕ ਸਬੰਧਾਂ ਨੂੰ ਵਧਾਉਣਾਂ ਚਾਹੀਦਾ ਹੈ। ਸੋ ਇਸ ਕਰਕੇ ਅੱਜ ਅਸੀਂ ਸਮੁੱਚੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਸੀਨੀਅਰ ਲੀਡਰਸ਼ਿਪ ਅਤੇ ਸਮੁੱਚੀ ਟੀਮ ਗੁਰੂ ਮਹਾਰਾਜ ਅੱਗੇ ਇਹੋ ਅਰਦਾਸ ਕਰਦੇ ਹਾਂ ਕਿ ਵਾਹਿਗੁਰੂ ਕਰੇ ਇਹ ਸਰਹੱਦਾਂ ਖੁੱਲਣ ਤਾਂ ਜੋ ਆਪਸੀ ਨੇੜਤਾ ਦੇ ਨਾਲ ਨਾਲ ਵਪਾਰਕ ਸਾਂਝ ਵੀ ਵਧੇ। ਇਸ ਮੌਕੇ ਤੇ ਸ੍ਰ ਹਰਪਾਲ ਸਿੰਘ ਬਲੇਰ ਅਤੇ ਸ੍ਰ ਉਪਕਾਰ ਸਿੰਘ ਸੰਧੂ ਨੇ ਸਰਕਾਰ ਤੋਂ ਮੰਗ ਕੀਤੀ ਕੇਂਦਰ ਸਰਕਾਰ ਇਸ ਸਰਹੱਦ ਤੋਂ ਕੜਵਾਹਟ ਭਰੀ ਨਜ਼ਰ ਹਟਾਕੇ ਇਸਨੂੰ ਦੋਹਾਂ ਮੁਲਕਾਂ ਦੀ ਤਰੱਕੀ ਵਾਸਤੇ ਵਰਤਣ ਲਈ ਖੋਲੇ।



**ਭਾਰਤ ਪਾਕਿਸਤਾਨ ਇਕੋ ਕੁੱਖ ਦੇ ਜਾਏ, ਵਪਾਰਕ ਸਾਂਝ ਤੇ ਆਪਸੀ ਇਤਿਫ਼ਾਕ ਹੀ ਤਰੱਕੀ ਦੇ ਰਸਤੇ**

### ਬਿਜਲੀ ਦੇ ਮੀਟਰ ਨਾ ਲੱਗਣ ਕਰਕੇ ਲੋਕਾਂ ਨੇ ਕੀਤਾ ਰੋਸ ਪ੍ਰਦਰਸ਼ਨ

# ਪੰਜਾਬ ਸਰਕਾਰ ਵੱਲੋਂ ਮੀਟਰ ਲਈ ਐਨਓਸੀ ਦੀ ਸ਼ਰਤ ਰੱਖੀ ਗਈ ਸੀ



**ਚੌਕ ਮਹਿਤਾ, 22 ਅਪਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਅੰਮ੍ਰਿਤਸਰ ਦੇ ਹਕੀਮਾ ਗੇਟ ਨਜ਼ਦੀਕ ਫਤਹ ਸਿੰਘ ਕਲੋਨੀ ਵਿੱਚ ਅੱਜ ਕੁਝ ਪਰਿਵਾਰਾਂ ਵੱਲੋਂ ਪੰਜਾਬ ਸਰਕਾਰ ਦੇ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ ਇਸ

ਆਵਾਜ਼ਿ ਕੌਮ AWAZE QAUM International Newspaper & WEB TV

ਮੌਕੇ ਤੇ ਉਹਨਾਂ ਨੇ ਦੱਸਿਆ ਕਿ ਉਹਨਾਂ ਨੇ ਘਰ ਤਾਂ ਬਣਾ ਲਏ ਹਨ ਪਰ ਉਹਨਾਂ ਵਿੱਚ ਬਿਜਲੀ ਦੇ ਮੀਟਰ ਨਹੀਂ ਲੱਗ ਰਹੇ ਬਿਜਲੀ ਬੋਰਡ ਵੱਲੋਂ ਘਰਾ ਦੀ ਐਨ ਓਸੀ ਮੰਗੀ ਜਾ ਰਹੀ ਹੈ ਜੋ ਕਿ ਪੰਜਾਬ ਸਰਕਾਰ ਵੱਲੋਂ ਸ਼ਰਤ ਰੱਖੀ ਗਈ ਸੀ। ਕੁਝ ਚਿਰ ਪਹਿਲਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵੀ ਐਨਓਸੀ ਸ਼ਰਤ ਨੂੰ ਖਤਮ ਕਰਨ ਦਾ ਐਲਾਨ ਕੀਤਾ ਸੀ ਪਰ ਬਿਜਲੀ ਬੋਰਡ ਦੇ ਅਧਿਕਾਰੀਆਂ ਵੱਲੋਂ ਕਿਹਾ ਜਾਂਦਾ ਹੈ ਕਿ ਅਜੇ ਕੋਈ ਕਾਗਜੀ ਨੋਟੀਫਿਕੇਸ਼ਨ ਨਹੀਂ ਆਇਆ। ਲੋਕਾਂ ਨੇ ਦੱਸਿਆ ਕਿ ਅਸੀਂ ਆਪਣਾ ਘਰ ਬਣਾ ਲਿਆ ਤੇ ਕਾਫੀ ਸਮੇਂ ਤੋਂ ਕਿਰਾਏ ਦੇ ਮਕਾਨਾਂ ਵਿੱਚ ਦੁਗਣੇ ਕਰਾਏ ਭਰ ਕੇ ਰਹਿ ਰਹੇ ਹਾਂ ਸੋ ਸਾਨੂੰ ਬਹੁਤ ਹੀ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਿਵੇਂ ਹੀ ਗਰਮੀ ਦਾ ਮੌਸਮ ਆਉਂਦਾ ਹੈ ਤਾਂ ਘਰਾਂ ਵਿੱਚ ਬਿਜਲੀ ਦੀ ਆਮਦ ਵਧ ਜਾਂਦੀ ਹੈ। ਇਸ ਮੌਕੇ ਤੇ ਭਾਜਪਾ ਆਗੂ ਹਰਪਾਲ ਸਿੰਘ ਪੰਨੂ ਨੇ ਕਿਹਾ ਕਿ ਗਰੀਬ ਲੋਕਾਂ ਨੂੰ ਇਸ ਸਮੇਂ ਬਹੁਤ ਹੀ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਉਹਨਾਂ ਦੇ ਘਰਾਂ ਦੇ ਮੀਟਰ ਨਹੀਂ ਲੱਗ ਰਹੇ। ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਇਸ ਦਾ ਹੱਲ ਕੱਢ ਕੇ ਗਰੀਬ ਲੋਕਾਂ ਨੂੰ ਰਾਹਤ ਦਿੱਤੀ ਜਾਵੇ।

**☛ ਬਿਜਲੀ ਬੋਰਡ ਵੱਲੋਂ ਮੀਟਰ ਅਪਲਾਈ ਕਰਨ ਤੋਂ ਪਹਿਲਾਂ ਮੰਗੀ ਜਾਂਦੀ ਹੈ ਐਨਓਸੀ ☛ ਗਰੀਬ ਪਰਿਵਾਰ ਆਪਣਾ ਘਰ ਬਣਾ ਕੇ ਵੀ ਰਹਿ ਰਹੇ ਨੇ ਕਿਰਾਏ ਦੇ ਮਕਾਨਾਂ ਵਿੱਚ**

## ਵਿਸਾਖੀ ਦਿਵਸ ਨੂੰ ਸਮਰਪਿਤ ਕਰਵਾਏ ਗਏ ਲੜੀਵਾਰ ਗੁਰਮਤਿ ਸਮਾਗਮ, 26 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਬਣੇ ਗੁਰੂ ਵਾਲੇ: ਜਤਿੰਦਰ ਸਿੰਘ ਸੋਨੂੰ



**ਨਵੀਂ ਦਿੱਲੀ 22 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**: ਸਾਹਿਬ ਫਾਉਂਡੇਸ਼ਨ ਅਤੇ ਸ. ਜਤਿੰਦਰ ਸਿੰਘ ਸੋਨੂੰ ਮੈਂਬਰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਧਰਮ ਪ੍ਰਚਾਰ ਦੇ ਖੇਤਰ ਵਿੱਚ ਕਈ ਵਰਿਆਂ ਤੋਂ ਉਪਰਾਲੇ ਕੀਤੇ ਜਾ ਰਹੇ ਹਨ । ਗੁਰਦੁਆਰਾ 12 ਬਲਾਕ ਵਿਖੇ ਧਰਮ ਪ੍ਰਚਾਰ ਦੀ ਇਸ ਕੜੀ ਵਿਚ ਅੰਮ੍ਰਿਤ ਸੰਚਾਰ ਸਮਾਗਮ ਜਤਿੰਦਰ ਸਿੰਘ ਸੋਨੂੰ ਅਤੇ ਉਸਦੇ ਸਹਿਯੋਗੀਆਂ ਵਲੋਂ ਪਿਛਲੇ ਦੱਸ ਸਾਲਾਂ ਤੋਂ ਕਰਵਾਇਆ ਜਾ ਰਿਹਾ ਹੈ । ਇਸ ਸਮਾਗਮ ਵਿਚ 26 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਗੁਰੂ ਵਾਲੇ ਬਣੇ ।ਮੀਡੀਆ ਨਾਲ ਗੱਲਬਾਤ ਕਰਦਿਆਂ ਜਤਿੰਦਰ ਸਿੰਘ ਸੋਨੂੰ ਨੇ ਦਸਿਆ ਕਿ ਖਾਲਸਾ ਜੀ ਦੇ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ 13 ਅਪ੍ਰੈਲ ਤੋਂ 21 ਅਪ੍ਰੈਲ ਤਕ ਲਗਾਤਾਰ ਲੜੀਵਾਰ ਗੁਰਮਤਿ ਸਮਾਗਮ ਕਰਵਾਏ ਗਏ ਸਨ ਜਿਨ੍ਹਾਂ ਅੰਦਰ ਪੰਥ ਦੇ ਪ੍ਰਸਿੱਧ ਰਾਗੀ ਜੱਥੇ ਅਤੇ ਕਥਾਵਾਚਕਾਂ ਨੇ ਸੰਗਤ ਨੂੰ ਗੁਰਬਾਣੀ ਦੇ ਇਲਾਹੀ ਕੀਰਤਨ ਨਾਲ ਜੋੜਿਆ ਅਤੇ ਕਥਾ ਰਾਹੀਂ ਖਾਲਸਾ ਜੀ ਦੇ ਜਨਮ ਬਾਰੇ ਵਿਸਥਾਰ ਨਾਲ ਦੱਸ ਕੇ ਵੱਡੀ ਗਿਣਤੀ ਅੰਦਰ ਸੰਗਤ ਨੂੰ ਗੁਰੂ ਵਾਲੇ ਬਣਨ ਲਈ ਪ੍ਰੇਰਿਤ ਕੀਤਾ । ਉਨ੍ਹਾਂ ਦਸਿਆ ਕਿ ਸਾਡਾ ਟੀਚਾ ਸਮੂਹ ਸਿੱਖਾਂ ਨੂੰ ਬਾਣੀ ਬਾਣੇ ਨਾਲ ਜੋੜਨਾ ਹੈ ਜਿਸ ਲਈ ਅਸੀ ਇਸ ਤਰ੍ਹਾਂ ਦੇ ਹੋਰ ਗੁਰਮਤਿ ਸਮਾਗਮ ਸ਼੍ਰੋਮਣੀ ਕਮੇਟੀ ਅੰਮ੍ਰਿਤਸਰ ਸਾਹਿਬ ਦੇ ਸਹਿਯੋਗ ਨਾਲ ਦਿੱਲੀ ਦੇ ਵੱਖ ਵੱਖ ਇਲਾਕਿਆ ਅੰਦਰ ਕਰਾਂਗੇ ।ਅੰਤ ਵਿਚ ਉਨ੍ਹਾਂ ਨੇ ਇਸ ਸਮਾਗਮ ਨੂੰ ਸਫਲਾ ਬਣਾਉਣ ਲਈ ਸਹਿਯੋਗ ਕਰਣ ਵਾਲੇ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ 12 ਬਲਾਕ ਤਿਲਕ ਨਗਰ ਦੀ ਸਮੂਹ ਕਮੇਟੀ ਹਨ । ਉਹਨਾਂ ਵਲੋਂ ਸਮੂਹ ਵੀਰਾਂ ਭੈਣਾਂ ਅਤੇ ਜਥੇਬੰਦੀਆਂ ਦਾ ਧੰਨਵਾਦ ਕਰਦਿਆਂ ਅੱਗੇ ਵੀਂ ਇਸੇ ਤਰ੍ਹਾਂ ਸਹਿਯੋਗ ਮਿਲਣ ਦੀ ਉਮੀਦ ਜਤਾਈ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

## ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ 21-ਸਰਕਾਰੀ ਐਲੀਮੈਂਟਰੀ ਸਕੂਲ, ਪੁਰੀਆਂ ਖ਼ੁਰਦ ਦੇ ਪੋਲਿੰਗ ਸਟੇਸ਼ਨ ਨੂੰ 21-ਸਰਕਾਰੀ ਪ੍ਰਾਇਮਰੀ ਸਕੂਲ ਨੱਤ (ਵੈਸਟ ਸਾਈਡ) ਵਿਖੇ ਤਬਦੀਲ ਕੀਤਾ ਏ ਡੀ ਸੀ

### ਭਾਰਤ ਚੋਣ ਕਮਿਸ਼ਨ ਵੱਲੋਂ ਪੋਲਿੰਗ ਸਟੇਸ਼ਨ ਦੀ ਤਬਦੀਲੀ ਕਰਨ ਸਬੰਧੀ ਪ੍ਰਵਾਨਗੀ ਜਾਰੀ

**ਸ੍ਰੀ ਹਰਗੋਬਿੰਦਪੁਰ ਸਾਹਿਬ 22 ਅਪ੍ਰੈਲ (ਕੁਲਜੀਤ ਸਿੰਘ ਖੋਖਰ)**-ਵਿਧਾਨ ਸਭਾ ਹਲਕਾ 08-ਸ੍ਰੀ ਹਰਗੋਬਿੰਦਪੁਰ ਸਾਹਿਬ (ਅ.ਜ਼.) ਦੇ ਪੋਲਿੰਗ ਸਟੇਸ਼ਨ 21-ਸਰਕਾਰੀ ਐਲੀਮੈਂਟਰੀ ਸਕੂਲ, ਪੁਰੀਆਂ ਖ਼ੁਰਦ ਦੀ ਤਬਦੀਲੀ ਨੂੰ ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਵੱਲੋਂ ਪ੍ਰਵਾਨ ਕਰ ਲਿਆ ਗਿਆ ਹੈ, ਜਿਸ ਤਹਿਤ ਹੁਣ ਇਹ ਨਵਾਂ ਪੋਲਿੰਗ ਸਟੇਸ਼ਨ 21-ਸਰਕਾਰੀ ਪ੍ਰਾਇਮਰੀ ਸਕੂਲ ਨੱਤ (ਵੈਸਟ ਸਾਈਡ) ਵਿਖੇ ਹੋਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਧੀਕ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਵਧੀਕ ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਸੁਭਾਸ਼ ਚੰਦਰ ਨੇ ਦੱਸਿਆ ਕਿ ਸਰਕਾਰੀ ਐਲੀਮੈਂਟਰੀ ਸਕੂਲ, ਪੁਰੀਆਂ ਖ਼ੁਰਦ ਦੀ ਅਸੁਰੱਖਿਅਤ ਇਮਾਰਤ ਢਾਹੇ ਜਾਣ ਕਾਰਨ ਇੱਥੇ ਬਣਨ ਵਾਲੇ ਪੋਲਿੰਗ ਸਟੇਸ਼ਨ ਨੂੰ ਬਦਲਣ ਦੀ ਬੇਨਤੀ ਮਾਣਯੋਗ ਚੋਣ ਕਮਿਸ਼ਨ ਨੂੰ ਕੀਤੀ ਗਈ ਸੀ ਜਿਸ ਨੂੰ ਚੋਣ ਕਮਿਸ਼ਨ ਵੱਲੋਂ ਪ੍ਰਵਾਨ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਭਾਰਤ ਚੋਣ ਕਮਿਸ਼ਨ ਵੱਲੋਂ 21-ਸਰਕਾਰੀ ਐਲੀਮੈਂਟਰੀ ਸਕੂਲ, ਪੁਰੀਆਂ ਖ਼ੁਰਦ ਦੇ ਪੋਲਿੰਗ ਸਟੇਸ਼ਨ ਨੂੰ ਤਬਦੀਲ ਕਰਕੇ ਨਵਾਂ ਪੋਲਿੰਗ ਸਟੇਸ਼ਨ 21-ਸਰਕਾਰੀ ਪ੍ਰਾਇਮਰੀ ਸਕੂਲ ਨੱਤ (ਵੈਸਟ ਸਾਈਡ) ਵਿਖੇ ਸਥਾਪਤ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਪੋਲਿੰਗ ਸਟੇਸ਼ਨ ਦੀ ਤਬਦੀਲੀ ਬਾਰੇ ਰਾਜਸੀ ਪਾਰਟੀਆਂ ਨੂੰ ਜਾਣੂ ਕਰਵਾਉਣ ਦੇ ਨਾਲ ਸਬੰਧਿਤ ਇਲਾਕੇ ਦੇ ਵੋਟਰਾਂ ਅਤੇ ਆਮ ਜਨਤਾ ਨੂੰ ਵੀ ਜਾਗਰੂਕ ਕੀਤਾ ਜਾ ਰਿਹਾ ਹੈ



ਆਵਾਜ਼ਿ ਕੌਮ AWAZE QAUM International Newspaper & WEB TV

## ਜਨਮ ਦਿਨ ਮੁਬਾਰਕ







**ਅਭੈਪ੍ਰਤਾਪ ਸਿੰਘ ਦੇ ਜਨਮਦਿਨ ਮੌਕੇ ਪਿਤਾ ਜਸਵਿੰਦਰ ਸਿੰਘ ਪਿੰਡ ਚੰਨਣਕੇ ਅੰਮ੍ਰਿਤਸਰ ਅਤੇ ਸਮੂਹ ਰਿਸ਼ਤੇਦਾਰਾਂ ਨੂੰ ਲੱਖ-ਲੱਖ ਵਧਾਈਆਂ।**

ਆਵਾਜ਼ਿ ਕੌਮ AWAZE QAUM International Newspaper & WEB TV

### ਤਰਨਜੀਤ ਸਿੰਘ ਸੰਧੂ ਦਾ ਆਪਣੇ ਵਿਰੋਧੀਆਂ 'ਤੇ ਜ਼ੁਬਾਨੀ ਹਮਲਾ

# ਸੰਧੂ 'ਤੇ ਚਿੱਕੜ ਸੁੱਟਣ ਨਾਲ ਕੋਈ ਫਾਇਦਾ ਨਹੀਂ ਹੋਵੇਗਾ - ਤਰਨਜੀਤ ਸਿੰਘ ਸੰਧੂ ਸਮੁੰਦਰੀ

**ਅੰਮ੍ਰਿਤਸਰ 22 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੰਮ੍ਰਿਤਸਰ ਦੇ ਲੋਕ ਜਾਗ ਚੁੱਕੇ ਹਨ। ਤਰੱਕੀ ਅਤੇ ਵਿਕਾਸ ਵੱਲ ਦੇਖ ਰਹੇ ਹਾਂ। ਮੈਨੂੰ ਖੁਸ਼ੀ ਹੈ ਕਿ ਮੇਰੇ ਭੈਣ-ਭਰਾ ਅੰਮ੍ਰਿਤਸਰ ਦੇ ਵਿਕਾਸ ਬਾਰੇ ਸੋਚ ਰਹੇ ਹਨ। ਅੱਜ ਅੰਮ੍ਰਿਤਸਰ ਵਿੱਚ ਨਸ਼ੇ ਦਾ ਬੋਲਬਾਲਾ ਹੈ, ਅਮਨ ਕਾਨੂੰਨ ਦੀ ਸਥਿਤੀ ਬਹੁਤ ਖਰਾਬ ਹੈ, ਇਨ੍ਹਾਂ ਦਾ ਹੱਲ ਹੋਣਾ ਚਾਹੀਦਾ ਹੈ। ਸਾਨੂੰ ਵਪਾਰ, ਉਦਯੋਗ, ਖੇਤੀਬਾੜੀ ਅਤੇ ਸੈਰ-ਸਪਾਟੇ ਵਿੱਚ ਆਈ ਗਿਰਾਵਟ ਬਾਰੇ ਸੋਚਣ ਦੀ ਲੋੜ ਹੈ। ਭਾਰਤ ਦੇ ਕਈ ਸ਼ਹਿਰਾਂ ਵਿੱਚ ਸੀਵਰੇਜ ਦੀ ਸਮੱਸਿਆ ਹੱਲ ਹੋ ਚੁੱਕੀ ਹੈ, ਫਿਰ ਅੰਮ੍ਰਿਤਸਰ ਵਿੱਚ ਅਜੇ ਵੀ ਸੀਵਰੇਜ ਦੀ ਸਮੱਸਿਆ ਕਿਉਂ ਹੈ? ਅੰਮ੍ਰਿਤਸਰ ਦੇਸ਼ ਦੇ ਚੋਟੀ ਦੇ 10 ਸ਼ਹਿਰਾਂ ਵਿੱਚ ਗਿਣਿਆ ਜਾਂਦਾ ਸੀ, ਅੱਜ ਲੋਕ ਇਸ ਨੂੰ ਛੱਡ ਰਹੇ ਹਨ। ਕਈ ਬੱਚੇ ਨਸ਼ਿਆਂ ਦਾ ਸ਼ਿਕਾਰ ਹੋ ਚੁੱਕੇ ਹਨ ਅਤੇ ਕਿਸੇ ਨੂੰ ਇਸ ਦੀ ਪ੍ਰਵਾਹ ਨਹੀਂ ਹੈ। ਕੁਝ ਦਿਨ ਪਹਿਲਾਂ ਮੌਜੂਦਾ ਵਿਧਾਇਕ ਨੇ ਆਪਣੀ ਹੀ ਪਾਰਟੀ ਦੇ ਸੰਸਦ ਮੈਂਬਰ 'ਤੇ ਨਸ਼ੇ ਦੇ ਸੌਦਾਗਰਾਂ ਨਾਲ ਸਬੰਧ ਹੋਣ ਦਾ ਦੋਸ਼ ਲਗਾਇਆ ਸੀ, ਸਰਕਾਰ ਨੇ ਕੋਈ ਕਾਰਵਾਈ ਕਿਉਂ ਨਹੀਂ ਕੀਤੀ? ਕੀਤੇ ਵਾਅਦੇ ਵੀ ਪੂਰੇ ਹੋਣੇ ਚਾਹੀਦੇ ਹਨ, ਇਕੱਲੇ ਸੰਧੂ 'ਤੇ ਚਿੱਕੜ ਸੁੱਟਣ ਨਾਲ ਕੋਈ ਫਾਇਦਾ ਨਹੀਂ ਹੋਵੇਗਾ। ਮੈਂ ਪੁੱਛਣਾ ਚਾਹੁੰਦਾ ਹਾਂ ਕਿ ਦੋ ਸਾਲਾਂ ਦੀ ਸਰਕਾਰ ਵਿੱਚ ਅੱਜ ਤੱਕ ਇੱਕ ਉਮੀਦਵਾਰ ਜੋ ਮੰਤਰੀ ਵੀ ਹੈ, ਕੀ ਕੀਤਾ ਹੈ? ਅੰਮ੍ਰਿਤਸਰ ਦੇ ਨੌਜਵਾਨ ਅਤੇ ਭੈਣਾਂ ਇਸ ਵਾਰ ਕੁਰਾਹੇ ਨਹੀਂ ਪੈਣਗੀਆਂ। ਸਾਡੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ। ਉਹ ਲੋਕ ਹੀ ਦੱਸਣਗੇ ਕਿ ਉਹ ਕਿਸ ਦੇ ਹੱਕ ਵਿਚ ਫੈਸਲਾ ਦਿੰਦੇ ਹਨ। ਲੋਕਾਂ ਨੂੰ ਪੁੱਛੋ ਕਿ ਸਮੱਸਿਆਵਾਂ ਦੇ ਹੱਲ ਕੀ ਹਨ? ਉਹ ਤੁਹਾਨੂੰ ਦੱਸ ਦੇਣਗੇ। ਕਿਸਾਨਾਂ ਦੀ ਘੇਰਾਬੰਦੀ ਬਾਰੇ ਪੁੱਛੇ ਜਾਣ 'ਤੇ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਕੋਈ ਘੇਰਾਬੰਦੀ ਜਾਂ ਕੋਈ ਚੀਜ਼ ਸਾਨੂੰ ਰੋਕ ਨਹੀਂ ਸਕਦੀ। ਇਹ ਸਾਡਾ ਜਮਹੂਰੀ ਹੱਕ ਹੈ, ਸਾਨੂੰ ਰੋਕਣ ਵਾਲੇ ਲੋਕ ਅਤੇ ਲੋਕਤੰਤਰ ਦੇ ਦੁਸ਼ਮਣ ਹਨ। ਅੰਮ੍ਰਿਤਸਰ 'ਚ ਸੈਰ ਸਪਾਟਾ ਘਟ ਰਿਹਾ ਹੈ, ਰਾਹ ਰੋਕਣ ਵਾਲਿਆਂ ਤੋਂ ਪੁੱਛਿਆ ਜਾਣਾ ਚਾਹੀਦਾ ਹੈ। ਮੈਂ ਚਾਹੁੰਦਾ ਹਾਂ ਕਿ ਕਿਸਾਨਾਂ ਦੀ ਆਮਦਨ ਵਧੇ, ਮੈਂ ਫਜ਼ੂਲ ਦੀ ਗੱਲ ਨਹੀਂ ਕਰਦਾ। ਮੈਂ ਫਜ਼ੂਲ ਦੀ ਗੱਲ ਨਹੀਂ ਕੀਤੀ, ਮੈਂ ਚਾਹੁੰਦਾ ਹਾਂ ਕਿ ਕਿਸਾਨਾਂ ਦੀ ਆਮਦਨ ਵਧੇ। ਇੱਥੇ ਫਲ ਅਤੇ ਸਬਜ਼ੀਆਂ ਕਾਰਗੋ ਰਾਹੀਂ ਬਾਹਰ ਜਾਣ ਹਨ। ਅਟਾਰੀ ਬਾਰਡਰ ਤੋਂ ਵਪਾਰ ਹੋਣਾ ਚਾਹੀਦਾ ਹੈ। ਕੀ ਇਹ ਚੰਗਾ ਨਹੀਂ ਜੇਕਰ ਅੰਮ੍ਰਿਤਸਰ ਤੋਂ ਗੁਜਰਾਤ ਰਾਹੀਂ ਖਾੜੀ ਦੇਸ਼ਾਂ ਅਤੇ ਯੂਰਪ ਨਾਲ ਵਪਾਰ ਹੋਵੇ? ਇਨ੍ਹਾਂ ਲੋਕਾਂ ਨੂੰ ਪੁੱਛੋ ਕਿ ਉਹ 25 ਕਿਲੋਮੀਟਰ ਪੱਟੀ-ਮੱਖੂ ਰੇਲਵੇ ਟਰੈਕ ਬਣਾਉਣ ਵਿਚ ਕਾਮਯਾਬ ਕਿਉਂ ਨਹੀਂ ਹੋਏ। ਰਸਤੇ ਵਿੱਚ ਇਹ ਫਲਾਈਓਵਰ ਕਿਉਂ ਨਹੀਂ ਬਣਾਏ ਜਾ ਰਹੇ? ਸੰਸਦ ਨੂੰ ਪੁੱਛਿਆ ਜਾਵੇ ਕਿ ਉਨ੍ਹਾਂ ਦੇ ਘਰ ਦੇ ਬਾਹਰ ਗੰਦਾ ਨਾਲਾ ਅਜੇ ਤੱਕ ਖੁੱਲ੍ਹਾ ਕਿਉਂ ਹੈ? ਉਨ੍ਹਾਂ ਨੇ ਹੁਣ ਤੱਕ ਇਸ ਪਾਸੇ ਧਿਆਨ ਕਿਉਂ ਨਹੀਂ ਦਿੱਤਾ? ਜੇਕਰ ਸੱਤ ਸਾਲ ਸਰਕਾਰ ਨਹੀਂ ਬਣੀ ਤਾਂ ਅਗਲੇ ਪੰਜ ਸਾਲ ਕਾਂਗਰਸ ਦੀ ਸਰਕਾਰ ਨਹੀਂ ਆਵੇਗੀ ਤਾਂ ਚੋਣਾਂ ਲੜਨ ਤੋਂ ਪਰੇ ਹੋਣਾ ਚਾਹੀਦਾ ਹੈ। ਵੈਸੇ ਜੇਕਰ ਪੰਜ ਸਾਲ ਕਾਂਗਰਸ ਦੀ ਸਰਕਾਰ ਰਹੀ ਸੀ ਤਾਂ ਪਾਰਲੀਮੈਂਟ ਨੇ ਅੰਮ੍ਰਿਤਸਰ ਲਈ ਕੁਝ ਚੰਗਾ ਕਿਉਂ ਨਹੀਂ ਕੀਤਾ? ਪੁੱਛਣਾ ਚਾਹੀਦਾ ਹੈ। ਇਹ ਬਹਾਨੇ ਬੰਦ ਹੋਣੇ ਚਾਹੀਦੇ ਹਨ, ਹੋਰ ਵਿਕਾਸ ਦੀਆਂ ਗੱਲਾਂ ਹੋਣੀਆਂ ਚਾਹੀਦੀਆਂ ਹਨ, ਸਿਰਫ਼ ਮੇਰੇ 'ਤੇ ਚਿੱਕੜ ਸੁੱਟਣ ਨਾਲ ਕੁਝ ਹਾਸਲ ਨਹੀਂ ਹੋਵੇਗਾ। ਇਸ ਵਾਰ ਅੰਮ੍ਰਿਤਸਰ ਦੇ ਲੋਕਾਂ ਨੇ ਫੈਸਲਾ ਕੀਤਾ ਹੈ ਕਿ ਅੰਮ੍ਰਿਤਸਰ ਤੋਂ ਭਾਜਪਾ ਦੇ ਉਮੀਦਵਾਰ ਨੂੰ ਚੁਣ ਕੇ ਸੰਸਦ ਵਿੱਚ ਭੇਜਣਾ ਹੈ। ਇੱਥੇ ਲੋਕਾਂ ਨੂੰ ਨੀਲੇ ਕਾਰਡ, ਸੂਰਜੀਊਰਜਾ, ਕਣਕ ਅਤੇ ਹੋਰ ਬੀਮਾ ਯੋਜਨਾਵਾਂ ਵਰਗੀਆਂ ਪ੍ਰਧਾਨ ਮੰਤਰੀ ਯੋਜਨਾਵਾਂ ਨਹੀਂ ਮਿਲ ਰਹੀਆਂ, ਅਸੀਂ ਇਹ ਯਕੀਨੀ ਬਣਾਵਾਂਗੇ ਕਿ ਇਹ ਸਹੂਲਤਾਂ ਲੋਕਾਂ ਨੂੰ ਮਿਲਣ।



> ☛ ਵਿਕਾਸ ਦੀ ਗੱਲ ਹੋਣੀ ਚਾਹੀਦੀ ਹੈ ਸਿਰਫ ਮੇਰੇ 'ਤੇ ਚਿੱਕੜ ਸੁੱਟਣ ਨਾਲ ਕੁਝ ਹਾਸਲ ਨਹੀਂ ਹੋਵੇਗਾ ☛ ਇਸ ਵਾਰ ਅੰਮ੍ਰਿਤਸਰ ਦੇ ਲੋਕਾਂ ਨੇ ਫੈਸਲਾ ਕੀਤਾ ਹੈ ਕਿ ਅੰਮ੍ਰਿਤਸਰ ਤੋਂ ਭਾਜਪਾ ਦੇ ਉਮੀਦਵਾਰ ਨੂੰ ਚੁਣ ਕੇ ਸੰਸਦ ਵਿੱਚ ਭੇਜਣਾ ਹੈ।

### ਲੋਕ ਸਭਾ ਹੀ ਨਹੀਂ ਬਲਕਿ ਭਾਜਪਾ 2027 ਦੀਆਂ

# ਅਸੈਂਬਲੀ ਚੋਣਾਂ ਜਿੱਤ ਕੇ ਪੰਜਾਬ ਵਿੱਚ ਸਰਕਾਰ ਬਣਾਏਗੀ - ਤਰਨਜੀਤ ਸਿੰਘ ਸੰਧੂ ਸਮੁੰਦਰੀ




**ਅੰਮ੍ਰਿਤਸਰ 22 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਪਾਰਟੀ ਦਾ ਟੀਚਾ ਸਪਸ਼ਟ ਕਰਦਿਆਂ ਕਿਹਾ ਕਿ ਨਾ ਕੇਵਲ ਅੰਮ੍ਰਿਤਸਰ ਇਸ ਮੌਕੇ ਨੂੰ ਨਹੀਂ ਗਵਾਏਗਾ ਸਗੋਂ ਭਾਜਪਾ 2027 ਦੀਆਂ ਅਸੈਂਬਲੀ ਚੋਣਾਂ ਜਿੱਤ ਕੇ ਪੰਜਾਬ ਵਿੱਚ ਸਰਕਾਰ ਬਣਾਏਗੀ।

ਤਰਨਜੀਤ ਸਿੰਘ ਸੰਧੂ ਅੱਜ ਆਗਾਮੀ ਕਾਰਪੋਰੇਸ਼ਨ ਚੋਣਾਂ ਲੜਨ ਤੇ ਚਾਹਵਾਨਾਂ ਇੱਕ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਹਨਾਂ ਲੋਕ ਸਭਾ ਚੋਣਾਂ ਦੀ ਤਿਆਰੀ ਦਾ ਜਾਇਜ਼ਾ ਲਿਆ ਅਤੇ ਚੋਣ ਰਣਨੀਤੀ 'ਤੇ ਡੂੰਘੀ ਵਿਚਾਰ ਚਰਚਾ ਕੀਤੀ। ਉਹਨਾਂ ਨੇ ਕਾਰਪੋਰੇਸ਼ਨ ਚੋਣਾਂ ਲੜਨ ਦੇ ਚਾਹਵਾਨਾਂ ਨੂੰ ਕਿਹਾ ਕਿ ਇਹ ਉਹਨਾਂ ਲਈ ਇੱਕ ਇਮਤਿਹਾਨ ਦੀ ਘੜੀ ਹੈ ਜੋ ਵੀ ਲੋਕ ਇਸ ਚੋਣ ਵਿੱਚ ਆਪਣੇ ਬੂਥ ਵਿੱਚ ਚੰਗੀ ਕਾਰਗੁਜ਼ਾਰੀ ਦਿਖਾਏਗੀ ਉਹਨਾਂ ਦਾ ਸਨਮਾਨ ਪਾਰਟੀ ਕਰੇਗੀ। ਉਹਨਾਂ ਪਾਰਟੀ ਵਰਕਰਾਂ ਨੂੰ ਡੋਰ ਟੂ ਡੋਰ ਜਾਂ ਘਰ ਘਰ ਜਾ ਕੇ ਲੋਕਾਂ ਨਾਲ ਸੰਪਰਕ ਸਾਧਨ ਅਤੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਸੁਣਨ ਅਤੇ ਸਮਾਧਾਨ ਕਰਨ ਲਈ ਕਿਹਾ। ਉਹਨਾਂ ਕਿਹਾ ਕਿ ਪਾਰਟੀ ਦਾ ਚੋਣ ਮੈਨੀਫੈਸਟੋ ਹਰੇਕ ਵਰਗ ਲਈ ਆਸ ਉਮੀਦ ਹੈ। ਉਹਨਾਂ ਚੋਣ ਪ੍ਰਚਾਰ ਲਈ ਮੀਡੀਆ ਅਤੇ ਸੋਸ਼ਲ ਮੀਡੀਆ ਦੀ ਵੀ ਵਰਤੋਂ ਕਰਨ ਲਈ ਕਿਹਾ। ਉਹਨਾਂ ਵਰਕਰਾਂ ਨੂੰ ਇਕ ਜੂਨ ਨੂੰ ਵੱਧ ਤੋਂ ਵੱਧ ਪੋਲਿੰਗ ਕਰਾਉਣ ਵੱਲ ਵਿਸ਼ੇਸ਼ ਧਿਆਨ ਦੇਣ ਲਈ ਕਿਹਾ ਅਤੇ ਚੋਣ ਪ੍ਰਚਾਰ ਵਿੱਚ ਪਰਿਵਾਰ ਰਿਸ਼ਤੇਦਾਰਾਂ ਅਤੇ ਗੁਆਂਢੀਆਂ ਤੋਂ ਇਲਾਵਾ ਮੁਹੱਲੇ ਨੂੰ ਵੀ ਸ਼ਾਮਿਲ ਕਰਨ ਦੀ ਜ਼ਰੂਰਤ ਤੇ ਜ਼ੋਰ ਦਿੱਤਾ। ਉਹਨਾਂ ਕਿਹਾ ਕਿ ਕੇਂਦਰ ਵਿੱਚ ਤੀਜੀ ਵਾਰ ਚੋਣ ਜਿੱਤ ਕੇ ਲਗਾਤਾਰ ਨਰਿੰਦਰ ਮੋਦੀ ਤੀਜੀ ਵਾਰ ਪ੍ਰਧਾਨ ਮੰਤਰੀ ਬਣਨ ਜਾ ਰਹੇ ਹਨ। ਉਹਨਾਂ ਇਸ ਵਾਰ 400 ਪਾਰ ਦਾ ਨਾਅਰਾ ਵੀ ਦਿੱਤਾ। ਉਹਨਾਂ ਕਿਹਾ ਕਿ ਅੰਮ੍ਰਿਤਸਰ ਲਈ ਅਭੀ ਨਹੀਂ ਤੋਂ ਕਭੀ ਨਹੀਂ। ਉਹਨਾਂ ਵਰਕਰਾਂ ਨੂੰ ਪੂਰੇ ਜੋਸ਼ ਨਾਲ ਚੋਣ ਪ੍ਰਚਾਰ ਵਿੱਚ ਡਟ ਜਾਣ ਦਾ ਸੱਦਾ ਦਿੱਤਾ ਅਤੇ ਕਿਹਾ ਕਿ ਉਹ ਇਹ ਚੋਣ ਜਿੱਤ ਕੇ ਸਹੀ ਸੰਦੇਸ਼ ਭੇਜਣ ਕਿ ਬੀਜੇਪੀ ਪੰਜਾਬ ਵਿੱਚ ਆ ਚੁੱਕੀ ਹੈ। ਉਹਨਾਂ ਸ਼ਹਿਰ ਵਿੱਚ ਅਮਨ ਕਾਨੂੰਨ ਦੀ ਸਥਿਤੀ, ਨਸ਼ਾ, ਪਾਣੀ, ਸੀਵਰੇਜ ਦੀਆਂ ਸਮੱਸਿਆ ਤੋਂ ਇਲਾਵਾ ਨੌਕਰੀਆਂ, ਖੇਤੀਬਾੜੀ, ਸਨਅਤ ਤੇ ਵਪਾਰ ਨੂੰ ਪ੍ਰਫੁਲਿਤ ਕਰਨ ਬਾਰੇ ਬਹੁਪੱਖੀ ਵਿਚਾਰਾਂ ਕੀਤੀਆਂ। ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦਿੱਤਾ ਗਿਆ ਚੋਣ ਮੈਨੀਫੈਸਟੋ ਹਰੇਕ ਵਰਗ ਲਈ ਹਰੇਕ ਵਰਗ ਦੀਆਂ ਜ਼ਰੂਰਤਾਂ 'ਤੇ ਅਧਾਰਿਤ ਹਨ ਅਤੇ ਇਹ ਲੋਕਾਂ ਤੱਕ ਜ਼ਰੂਰ ਪਹੁੰਚਣੀਆਂ ਚਾਹੀਦੀਆਂ ਹਨ। ਇਸ ਮੌਕੇ ਵਰਕਰਾਂ ਵਿਚ ਭਾਰੀ ਜੋਸ਼ ਦੇਖਿਆ ਗਿਆ ਅਤੇ ਭਾਜਪਾ ਦਾ ਇੱਕੋ ਇਕ ਲਕਸ਼ ਕਿ ਸੰਧੂ ਨੂੰ ਵੱਡੀ ਲੀਡ ਨਾਲ ਜਿਤਾ ਕੇ ਪਾਰਲੀਮੈਂਟ ਭੇਜਿਆ ਜਾਵੇਗਾ। ਇਸ ਮੌਕੇ ਭਾਜਪਾ ਦੇ ਪੰਜਾਬ ਜਨਰਲ ਸਕੱਤਰ ਡਾਕਟਰ ਜਗਮੋਹਨ ਸਿੰਘ ਰਾਜੂ ਅਤੇ ਹਰਵਿੰਦਰ ਸਿੰਘ ਸੰਧੂ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਰਜੇਸ਼ ਹਨੀ, ਰਜੀਵ ਭਗਤ, ਡਾਕਟਰ ਰਾਮ ਚਾਵਲਾ, ਸੁਖਮਿੰਦਰ ਪਿੰਟੂ, ਹਰਜਿੰਦਰ ਸਿੰਘ ਠੇਕੇਦਾਰ, ਗੁਰ ਪ੍ਰਤਾਪ ਸਿੰਘ ਟਿੱਕਾ, ਕੁਮਾਰ ਅਮਿਤ, ਮੁਨੀ ਸ਼ਰਮਾ, ਸੰਜੀਵ ਕੁਮਾਰ, ਸਲਿਲ ਕਪੂਰ, ਰਜੀਵ ਅਨੇਜਾ ਤੇ ਪ੍ਰੋਫੈਸਰ ਸਰਚਾਂਦ ਸਿੰਘ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਰਪਵਨਦੀਪ ਸਿੰਘ ਪੰਨੂ ਦੀ ਯੋਗ ਅਗਵਾਈ ਹੇਠ ਰੈਲੀ ਲਈ ਟਰਾਲੀ ਹੋਈ ਰਵਾਨਾ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 22 ਅਪ੍ਰੈਲ ਕੁਲਜੀਤ ਸਿੰਘ ਖੋਖਰ**-ਅਜ ਪਿੰਡ ਖੋਖਰ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਗੁਰਪਵਨਦੀਪ ਸਿੰਘ ਪੰਨੂ ਉਰਫ਼ (ਸਾਬੀ) ਪਿੰਡ ਖੋਖਰਵਾਲ ਦੀ ਯੋਗ ਅਗਵਾਈ ਹੇਠ ਅਤੇ ਹਲਕਾ ਵਿਧਾਇਕ ਐਡਵੋਕੇਟ.ਅਮਰਪਾਲ ਸਿੰਘ ਦੀ ਛਤਰ ਛਾਇਆ ਹੇਠ ਆਮ ਆਦਮੀ ਪਾਰਟੀ ਦੇ ਉਮੀਦਵਾਰ ਰਾਜ ਕੁਮਾਰ ਚੱਬਾ ਦੀ ਰੈਲੀ ਨੂੰ ਭਰਵਾਂ ਹੁੰਗਾਰਾ ਦੇਣ ਲਈ ਇਕ ਵਰਕਰਾਂ ਦੀ ਭਰੀ ਟਰਾਲੀ ਪਿੰਡ ਮਾੜੀ ਪੰਨਵਾਂ ਗੁਰਦੁਆਰਾ ਭਾਈ ਮੰਝ ਸਾਹਿਬ ਜੀ ਦੇ ਲਾਗੇ ਪੰਨੂੰ ਪੈਲੇਸ ਵਿਚ ਹੋਣ ਜਾ ਰਹੀ ਰੈਲੀ ਲਈ ਰਵਾਨਾ ਹੋਈ ਇਸ ਟਰਾਲੀ ਵਿਚ ਪੰਜਾਹ ਤੋਂ ਵੱਧ ਵਰਕਰਾਂ ਨੇ ਰੈਲੀ ਵਿਚ ਸ਼ਾਮਿਲ ਹੋ ਕੇ ਸ਼ਿਰਕਤ ਕੀਤੀ ਰੈਲੀ ਵਿਚ ਜਾਂਦੇ ਸਮੇਂ ਪਤਰਕਾਰਾਂ ਨੇ ਜਦੋਂ ਗੁਰਪਵਨਦੀਪ ਸਿੰਘ ਪੰਨੂ ਪਿੰਡ ਖੋਖਰਵਾਲ ਨਾਲ਼ ਗਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਚੱਬਾ ਨੂੰ ਆਪਣੇ ਪਿੰਡ ਵਿਚੋਂ ਭਾਰੀ ਬਹੁਮਤ ਨਾਲ ਜਿਤਾਇਆ ਜਾਵੇਗਾ ਉਹਨਾਂ ਇਹ ਵੀ ਕਿਹਾ ਕਿ ਆਪਣੇ ਪਿੰਡ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਹਲਕੇ ਦੇ ਪਿੰਡਾਂ ਵਿੱਚ ਜਾ ਕੇ ਵੋਟਰਾਂ ਨੂੰ ਲਾਮਬੰਦ ਕੀਤਾ ਜਾਵੇਗਾ ਅਗੇ ਉਨ੍ਹਾਂ ਕਿਹਾ ਕਿ ਪਾਰਟੀ ਲਈ ਦਿਨ ਰਾਤ ਇੱਕ ਕੀਤਾ ਜਾਵੇਗਾ ਤੇ ਰਾਜ ਕੁਮਾਰ ਚੱਬਾ ਨੂੰ ਵੱਡੀ ਗਿਣਤੀ ਨਾਲ਼ ਜਿਤਾ ਕੇ ਭੇਜਿਆ ਜਾਵੇਗਾ ਇਸ ਮੌਕੇ ਉਨ੍ਹਾਂ ਨਾਲ ਸਲਵਿੰਦਰ ਸਿੰਘ ਖੋਖਰਵਾਲ ਬਲਵਿੰਦਰ ਸਿੰਘ ਖੋਖਰ ਵਾਲ ਅੰਗਰੇਜ਼ ਸਿੰਘ ਨਿਸ਼ਾਨ ਸਿੰਘ ਲਖਵਿੰਦਰ ਸਿੰਘ ਜਸਪਾਲ ਸਿੰਘ ਪਰਗਾਸ ਸਿੰਘ ਬਿੱਟੂ ਅਮਰੀਕ ਸਿੰਘ ਮੱਸੂ ਤੋਂ ਇਲਾਵਾ ਪਿੰਡ ਦੇ ਸਮੂਹਿਕ ਲੋਕ ਹਾਜ਼ਰ ਸਨ

# ਲਹਿੰਦੇ ਪੰਜਾਬ ਦੇ ਮੁੱਖ ਮੰਤਰੀ ਮੈਡਮ ਮਰੀਅਮ ਨਵਾਜ ਸ਼ਰੀ.ਫ ਵੱਲੋਂ ਕਰਤਾਰਪੁਰ ਸਾਹਿਬ ਦੇ ਗੁਰੂਘਰ ਸਰਧਾ ਨਾਲ ਦਰਸ਼ਨ ਕਰਨ ਦਾ ਸਵਾਗਤ : ਮਾਨ



**ਨਵੀਂ ਦਿੱਲੀ, 22 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** "ਲਹਿੰਦੇ ਪੰਜਾਬ ਦੇ ਮੁੱਖ ਮੰਤਰੀ ਬੀਬੀ ਮਰੀਅਮ ਨਵਾਜ ਸ਼ਰੀਫ਼ ਵੱਲੋ ਜੋ ਬੀਤੇ ਦਿਨੀਂ ਪੂਰਨ ਸਤਿਕਾਰ ਤੇ ਸਰਧਾ ਨਾਲ ਸ੍ਰੀ ਕਰਤਾਰਪੁਰ ਸਾਹਿਬ ਗੁਰੂਘਰ ਦੇ ਦਰਸ਼ਨ ਕਰਨ ਆਏ ਹਨ ਅਤੇ ਨਾਲ ਹੀ ਮਰਿਯਾਦਾ ਅਨੁਸਾਰ ਲੰਗਰ ਵਿਚ ਬੈਠਕੇ ਜੋ ਲੰਗਰ ਛਕਦੇ ਹੋਏ ਸਿੱਖੀ ਮਰਿਯਾਦਾਵਾਂ ਦੇ ਸਤਿਕਾਰ ਵਿਚ ਵਾਧਾ ਕੀਤਾ ਹੈ, ਉਸਦੀ ਅਸੀ ਸਮੁੱਚੀ ਸਿੱਖ ਕੌਮ ਅਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਜਥੇਬੰਦੀ ਵੱਲੋ ਭਰਪੂਰ ਸਵਾਗਤ ਕਰਦੇ ਹਾਂ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਐਮ.ਪੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਲਹਿੰਦੇ ਪੰਜਾਬ ਦੇ ਮੁੱਖ ਮੰਤਰੀ ਬੀਬੀ ਮਰੀਅਮ ਨਵਾਜ ਸ਼ਰੀਫ਼ ਵੱਲੋ ਗੁਰੂਘਰ ਵਿਚ ਸਰਧਾ ਸਹਿਤ ਆ ਕੇ ਦਰਸਨ ਕਰਨ ਅਤੇ ਲੰਗਰ ਦੀ ਮਰਿਯਾਦਾ ਦੇ ਮਹੱਤਵ ਵਿਚ ਵਾਧਾ ਕਰਨ ਦੇ ਉੱਦਮਾਂ ਦੀ ਭਰਪੂਰ ਪ੍ਰਸ਼ੰਸ਼ਾਂ ਕਰਦੇ ਹੋਏ ਅਤੇ ਸਿੱਖ ਕੌਮ ਵੱਲੋ ਉਨ੍ਹਾਂ ਦਾ ਸਵਾਗਤ ਕਰਦੇ ਹੋਏ ਜਾਹਰ ਕੀਤੇ । ਉਨ੍ਹਾਂ ਕਿਹਾ ਕਿ ਲਹਿੰਦੇ ਪੰਜਾਬ ਤੇ ਚੜ੍ਹਦੇ ਪੰਜਾਬ ਦੀਆਂ ਪੁਰਾਤਨ ਇਤਿਹਾਸਿਕ, ਸਮਾਜਿਕ, ਧਾਰਮਿਕ ਰਿਤੀ-ਰਿਵਾਜਾਂ ਦੀ ਡੂੰਘੀ ਸਾਂਝ ਹੈ । ਜੋ ਬੀਬੀ ਜੀ ਨੇ ਇਸ ਮਹੱਤਵਪੂਰਨ ਵਿਸੇ ਵੱਲ ਧਿਆਨ ਦਿੰਦੇ ਹੋਏ ਸਿੱਖ ਕੌਮ ਤੇ ਆਪਣੇ ਰਿਸਤਿਆ ਨੂੰ ਮਜਬੂਤ ਕਰਨ ਲਈ ਅਮਲ ਸੁਰੂ ਕੀਤੇ ਹਨ, ਇਹ ਉੱਦਮ ਆਉਣ ਵਾਲੇ ਸਮੇ ਵਿਚ ਲਹਿੰਦੇ ਅਤੇ ਚੜ੍ਹਦੇ ਪੰਜਾਬ ਦੇ ਹਰ ਤਰ੍ਹਾਂ ਦੇ ਸੰਬੰਧਾਂ ਨੂੰ ਹੋਰ ਵਧੇਰੇ ਪ੍ਰਫੁੱਲਿਤ ਕਰਨਗੇ । ਅਸੀ ਇਹ ਵੀ ਉਮੀਦ ਕਰਦੇ ਹਾਂ ਕਿ ਬੀਬੀ ਜੀ ਇਸ ਦਿਸਾ ਵੱਲ ਵੀ ਗੰਭੀਰ ਉੱਦਮ ਕਰਨਗੇ । ਜਿਸ ਨਾਲ ਇਸਲਾਮਿਕ ਪਾਕਿਸਤਾਨ ਅਤੇ ਹਿੰਦੂ ਇੰਡੀਆਂ ਦੇ ਸਿੱਖ ਅਤੇ ਮੁਸਲਿਮ ਆਪੋ ਆਪਣੇ ਧਾਰਮਿਕ ਸਥਾਨਾਂ ਅਤੇ ਆਪਣੇ ਪੁਰਾਤਨ ਸ਼ਹਿਰਾਂ, ਪਿੰਡਾਂ ਦੇ ਪੂਰਨ ਆਜਾਦੀ ਨਾਲ ਬਿਨ੍ਹਾਂ ਪਾਸਪੋਰਟ ਤੋ ਯਾਤਰਾਵਾ ਕਰ ਸਕਣ ਅਤੇ ਦੋਵਾਂ ਮੁਲਕਾਂ ਦੇ ਵਪਾਰ ਅਤੇ ਸੱਭਿਆਚਾਰਕ ਸੰਬੰਧਾਂ ਨੂੰ ਹੋਰ ਤਾਕਤ ਦੇ ਸਕੇ ।

# ਸਠਿਆਲਾ ਕਾਲਜ ਵਿਖੇ ਈਕੋ ਕਲੱਬ ਵੱਲੋਂ ਵਾਤਾਵਰਣ ਚੇਤਨਾ ਸਮਾਗਮ ਕਰਵਾਇਆ

**ਤਰਨ ਤਾਰਨ/ਸਠਿਆਲਾ, 22 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੀ ਗੁਰੂ ਤੇਗ ਬਹਾਦਰ ਕਾਲਜ ਸਠਿਆਲਾ ਵਿਖੇ ਕਾਲਜ ਦੇ ਓਐਸਡੀ ਡਾ.ਤੇਜਿੰਦਰ ਕੌਰ ਸ਼ਾਹੀ ਦੀ ਰਹਿਨੁਮਾਈ ਹੇਠ ਕਾਲਜ ਦੇ ਈਕੋ ਕਲੱਬ ਦੇ ਇੰਚਾਰਜ ਪ੍ਰੋ.ਅਰੁਣ ਗੁਸਾਈਂ ਵੱਲੋਂ 'ਵਾਤਾਵਰਣ ਚੇਤਨਾ' ਸਿਰਲੇਖ ਤਹਿਤ ਇਕ ਵਿਗਿਆਨਕ ਸਮਾਗਮ ਕਾਲਜ ਦੇ ਸੈਮੀਨਾਰ ਹਾਲ 'ਚ ਕਰਵਾਇਆ ਗਿਆ। ਭਾਰਤ ਸਰਕਾਰ ਦੇ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪ੍ਰਵਰਤਨ ਮੰਤਰਾਲੇ ਦੀ ਸਰਪ੍ਰਸਤੀ ਅਤੇ ਪੰਜਾਬ ਰਾਜ ਵਿਗਿਆਨ ਅਤੇ ਤਕਨਾਲੋਜੀ ਕੌਂਸਲ ਦੀਆਂ ਹਦਾਇਤਾਂ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਜਾਰੀ ਅਗਵਾਈ ਲੀਹਾਂ ਤਹਿਤ ਕਰਵਾਏ ਇਸ ਸਮਾਗਮ 'ਚ ਵਿਦਿਆਰਥੀਆਂ ਦੇ ਪੋਸਟਰ ਮੁਕਾਬਲੇ ਕਰਵਾਏ ਗਏ ।ਕਾਲਜ ਓਐਸਡੀ ਡਾ.ਤੇਜਿੰਦਰ ਕੌਰ ਸ਼ਾਹੀ ਨੇ ਵਿਦਿਆਰਥੀਆਂ ਵਿੱਚ ਵਾਤਾਵਰਣ ਪ੍ਰਤੀ ਚੇਤਨਾ ਦੀ ਭਾਵਨਾ ਪੈਦਾ ਕਰਨ ਲਈ ਦਰਪੇਸ਼ ਮੁੱਦਿਆਂ ਬਾਰੇ ਗੰਭੀਰਤਾ ਨਾਲ ਸੋਚਣ ਲਈ ਪ੍ਰੇਰਿਤ ਕੀਤਾ ਅਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਜਨਮ ਦਿਨ ਦੇ ਅਵਸਰ ਤੇ ਇਕ-ਇਕ ਪੌਦਾ ਜ਼ਰੂਰ ਲਗਾਉਣ ਤੇ ਉਸ ਪੌਦੇ ਦੀ ਨਿਰੰਤਰ ਦੇਖ- ਭਾਲ ਕਰਨ। ਏਕੋ ਕਲੱਬ ਦੇ ਪ੍ਰੋ.ਅਰੁਣ ਗੁਸਾਈਂ ਦੀ ਅਗਵਾਈ ਵਿੱਚ ਹਾਜ਼ਰ ਵਿਦਿਆਰਥੀਆਂ ਨੇ ਵਾਤਾਵਰਣ ਨੂੰ ਬਚਾਉਣ ਲਈ ਹਰ ਤਰ੍ਹਾਂ ਦੇ ਸੰਭਵ ਉਪਰਾਲੇ ਕਰਨ ਅਤੇ ਇਸ ਬਾਰੇ ਜਾਗਰੂਕਤਾ ਫੈਲਾਉਣ ਦਾ ਪ੍ਰਣ ਕੀਤਾ।

ਭਾਈ ਸੁਭਾਸ਼ ਸਿੰਘ ਬੱਬਰ ਦੇ ਵੱਡੇ ਭਰਾਤਾ ਜਥੇਦਾਰ ਬਲਵਿੰਦਰ ਸਿੰਘ ਜੇਠੂਵਾਲ ਜੀ ਦੀ ਧਰਮ ਪਤਨੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਸਕਿੰਦਰ ਸਿੰਘ ਜੀ ਦੇ ਮਾਤਾ ਜੀ

# ਬੀਬੀ ਮਨਜੀਤ ਕੌਰ ਨਮਿਤ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ

## ਧਾਰਮਿਕ,ਰਾਜਸੀ, ਕਿਸਾਨ ਜਥੇਬੰਦੀਆਂ ਦੇ ਆਗੂਆਂ ਵਲੋਂ ਤਿਆਗ ਕੁਰਬਾਨੀ ਵਾਲੀ ਸਖਸ਼ੀਅਤ ਮਾਤਾ ਮਨਜੀਤ ਕੌਰ ਜੀ ਦੇ ਜੀਵਨ 'ਤੇ ਝਾਤ ਪਾਈ ਗਈ













**ਅੰਮ੍ਰਿਤਸਰ, 22 ਅਪ੍ਰੈਲ (ਸ਼ਮਸ਼ੇਰ ਸਿੰਘ ਜੇਠੂਵਾਲ)**-ਜੂਨ 1984 ਵਿਚ ਵਾਪਰੇ ਤੀਜੇ ਘੱਲੂਘਾਰੇ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਉਪਰ ਹੋਏ ਹਮਲੇ ਦੇ ਵਿਰੋਧ ਵਿੱਚ ਸਿੱਖ ਸੰਘਰਸ਼ ਦੌਰਾਨ ਸ਼ਹੀਦ ਹੋਏ ਭਾਈ ਸੁਭਾਸ਼ ਸਿੰਘ ਬੱਬਰ ਦੇ ਵੱਡੇ ਭਰਾਤਾ ਜਥੇਦਾਰ ਬਲਵਿੰਦਰ ਸਿੰਘ ਜੇਠੂਵਾਲ ਜੀ ਦੀ ਧਰਮ ਪਤਨੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਸਕਿੰਦਰ ਸਿੰਘ ਜੀ ਦੇ ਮਾਤਾ ਜੀ ਬੀਬੀ ਮਨਜੀਤ ਕੌਰ ਕੁਝ ਦਿਨ ਪਹਿਲਾਂ ਆਪਣੀ ਸੰਸਾਰਕ ਯਾਤਰਾ ਪੂਰੀ ਕਰਦਿਆਂ ਗੁਰਪੁਰੀ ਜਾ ਬਿਰਾਜੇ ਸਨ । ਜਿੰਨਾ ਦੇ ਨਮਿਤ ਅੱਜ ਗੁਰਦੁਆਰਾ ਬਾਬੇ ਸ਼ਹੀਦਾਂ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਹਰਿੰਦਰ ਸਿੰਘ ਜੀ ਦੇ ਰਾਗੀ ਜਥੇ ਵਲੋਂ ਇਲਾਹੀ ਗੁਰਬਾਣੀ ਦੇ ਵੈਰਾਗਮਈ ਕੀਰਤਨ ਦੀ ਸੇਵਾ ਨਿਭਾਈ । ਉਪਰੰਤ ਸਜੇ ਪੰਡਾਲ ਅੰਦਰ ਧਾਰਮਿਕ,ਰਾਜਸੀ, ਕਿਸਾਨ ਜਥੇਬੰਦੀਆਂ ਦੇ ਆਗੂਆਂ ਵਲੋਂ ਤਿਆਗ ਕੁਰਬਾਨੀ ਵਾਲੀ ਸਖਸ਼ੀਅਤ ਮਾਤਾ ਮਨਜੀਤ ਕੌਰ ਜੀ ਦੇ ਜੀਵਨ ਤੇ ਝਾਂਤ ਪਾਈ । ਜਥੇਦਾਰ ਬਲਵਿੰਦਰ ਸਿੰਘ ਵਲੋਂ ਜੂਨ ਚੌਰਾਸੀ ਘੱਲੂਘਾਰੇ ਤੋਂ ਬਾਅਦ ਕਈ ਵਰ੍ਹੇ ਜੋਧਪੁਰ ਜੇਲ੍ਹ ਦੀਆਂ ਸਖਤੀਆਂ ਝੱਲੀਆਂ ਉਥੇ ਪਿਛੋਂ ਬੱਚਿਆਂ ਦੀ ਪ੍ਰਵਰਿਸ਼ ਕਰਦਿਆਂ ਤਿਆਗ ਕੁਰਬਾਨੀ ਦੀ ਮੂਰਤ ਮਾਤਾ ਨੇ ਬਰਾਬਰ ਦੀ ਕੁਰਬਾਨੀ ਕੀਤੀ, ਸ੍ਰੀ ਦਰਬਾਰ ਸਾਹਿਬ ਤੇ ਫੌਜੀ ਹਮਲੇ ਅਤੇ ਨਵੰਬਰ 1984 ਦੇ ਦਿੱਲੀ ਸਿੱਖ ਕਤੁਲੇਆਮ ਤੋਂ ਬਾਅਦ ਪੰਜਾਬ ਵਿਚ ਚੱਲੀ ਖਾੜਕੂ ਲਹਿਰ ਦੌਰਾਨ ਜਥੇਦਾਰ ਸਾਬ ਦਾ ਘਰ ਸੰਘਰਸ਼ਸ਼ੀਲ ਸਿੰਘਾਂ ਦੀਆਂ ਸਰਗਰਮੀਆਂ ਦਾ ਕੇਂਦਰ ਬਣਿਆ ਰਿਹਾ ਜਿਥੇ ਸਿੱਖ ਸੰਘਰਸ਼ ਦੇ ਹੀਰੋ ਕੰਵਲਜੀਤ ਸਿੰਘ ਸੁਲਤਾਨਵਿੰਡ,ਨਿਰਮਲ ਸਿੰਘ ਮੀਆਂਵਿੰਡ, ਸੁਖਦੇਵ ਸਿੰਘ ਚੱਬਾ,ਜੁਗਰਾਜ ਸਿੰਘ ਤੂਫਾਨ,ਕੁਲਦੀਪ ਸਿੰਘ ਸਰਲੀ,ਸੀਤਲ ਸਿੰਘ ਮੱਤੇਵਾਲ,ਹਰਮਿੰਦਰ ਸਿੰਘ ਸੰਧੂ ਆਦਿ ਸਾਰੇ ਸ਼ਹੀਦ ਸਿੰਘ ਭਾਈ ਬਲਵਿੰਦਰ ਸਿੰਘ ਦੇ ਭਰਾਤਾ ਸ਼ਹੀਦ ਸੁਭਾਸ਼ ਸਿੰਘ ਬੱਬਰ ਦੇ ਸੰਗੀ ਹੋਣ ਕਾਰਨ ਆਉਦੇ ਜਾਂਦੇ ਰਹਿੰਦੇ ਸਨ ਜਿਸ ਦੌਰਾਨ ਮਾਤਾ ਮਨਜੀਤ ਕੌਰ ਵਲੋਂ ਸਿੰਘਾਂ ਦੇ ਪ੍ਰਸ਼ਾਦੇ ਪਾਣੀ ਦੀ ਅਥਾਹ ਸੇਵਾ ਕੀਤੀ ਜਿਸ ਦਾ ਜਿਕਰ ਕਰਦਿਆਂ ਪੰਥਕ ਸਖਸ਼ੀਅਤਾਂ ਵਲੋਂ ਸਤਿਗੁਰੂ ਜੀ ਅੱਗੇ ਅਰਦਾਸ ਕੀਤੀ ਮਾਤਾ ਜੀ ਦੀ ਸੇਵਾ ਘਾਲਣਾ ਸਤਿਗੁਰੂ ਜੀ ਥਾਂਇ ਪਾਉਣ । ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਭਿੰਡਰਾਂਵਾਲੇ ਮਹਾਂਪੁਰਸ਼ਾਂ ਵਲੋਂ ਭੇਜੇ ਸਿੰਘ ਜਥੇਦਾਰ ਬੋਹੜ ਸਿੰਘ,ਜਥੇਦਾਰ ਚਮਕੌਰ ਸਿੰਘ ਆਦਿ ਸਿੰਘਾਂ ਵਲੋਂ ਹਾਜਰੀ ਲਵਾਈ ਜਿੰਨਾ ਤੋਂ ਇਲਾਵਾ ਸਰਦਾਰ ਈਮਾਨ ਸਿੰਘ ਮਾਨ,ਉਪਕਾਰ ਸਿੰਘ ਸੰਧੂ,ਸਾਬਕਾ ਮੇਅਰ ਸ੍ਰੀ ਸੁਨੀਲ ਦੱਤੀ,ਸੁਖਚੈਨ ਸਿੰਘ ਅਖੰਡ ਕੀਰਤਨੀ ਜਥਾ,ਸੁਰਿੰਦਰ ਸਿੰਘ ਤਾਲਬਪੁਰਾ,ਜਗਤਾਰ ਸਿੰਘ ਮਾਨ,ਬਲਜੀਤ ਸਿੰਘ ਖਾਸਾ,ਐਡਵੋਕੇਟ ਅਮਨਬੀਰ ਸਿੰਘ ਸਿਆਲੀ,ਬਲਦੇਵ ਸਿੰਘ ਜੋਧਪੁਰੀ, ਵਿਰਸਾ ਸਿੰਘ ਜੋਧਪੁਰੀ,ਭਗਵੰਤ ਸਿੰਘ ਜੋਧਪੁਰੀ,ਹਰਪਾਲ ਸਿੰਘ ਜੋਧਪੁਰੀ,ਭਾਈ ਅਮਤੇਸ਼ਵਰ ਸਿੰਘ,ਭਾਈ ਸ਼ਮਸ਼ੇਰ ਸਿੰਘ ਦਮਦਮੀ ਟਕਸਾਲ,ਭਾਈ ਅੰਗਰੇਜ਼ ਸਿੰਘ ਬਾਬਾ ਬਕਾਲਾ,ਵਜੀਰ ਸਿੰਘ ਮੂਧਲ,ਸੁਖਵਿੰਦਰ ਸਿੰਘ ਅੰਮ੍ਰਿਤਸਰ,ਕੈਪਟਨ ਸੁਰਜੀਤ ਸਿੰਘ ਔਲਖ,ਮਨਮੋਹਨ ਸਿੰਘ ਗਿੱਲ,ਕੁਲਬੀਰ ਸਿੰਘ ਕਿਸਾਨ ਆਗੂ,ਮੁਖਵਿੰਦਰ ਸਿੰਘ ਸੰਧੂ,ਗਗਨਦੀਪ ਸਿੰਘ ਬੁੱਟਰ,ਬਲਜਿੰਦਰ ਸਿੰਘ ਬੁੱਟਰ,ਸੁਖਬੀਰ ਸਿੰਘ,ਗੁਰਮੇਜ਼ ਸਿੰਘ ਸਹੂਰਾ ,ਲਖਬੀਰ ਸਿੰਘ ਕੋਮਲ ,ਗੁਲਜਾਰ ਸਿੰਘ ਖੇੜਾ, ਅਵਤਾਰ ਸਿੰਘ, ਪ੍ਰਿੰਸਪਾਲ ਸਿੰਘ ਜਲੰਧਰ,ਐਡਵੋਕੇਟ ਸਤੀਸ਼ ਸਿੰਘ , ਐਡਵੋਕੇਟ ਰਾਜਿੰਦਰ ਕੁਮਾਰ ਸ਼ਰਮਾ, ਜਸਜੀਤ ਸਿੰਘ ਅਟਵਾਲ , ਐਡਵੋਕੇਟ ਹਰਦੀਪ ਸਿੰਘ ਧਾਲੀਵਾਲ , ਬੰਟੀ ਫ਼ਤਹਿਆਬਾਦ, ਭਗਵੰਤ ਸਿੰਘ ਕੋਟ ਖਾਲਸਾ , ਵਿਰਸਾ ਸਿੰਘ ਪੰਨੂ ਯੋਧਪੁਰੀ ਜਥੇਦਾਰ ਸਾਹਿਬ ਦੇ ਛੋਟੇ ਭਰਾਤਾ ਪ੍ਰਸਿੱਧ ਢਾਡੀ ਭਾਈ ਨਿਰਮਲ ਸਿੰਘ ਜੇਠੂਵਾਲ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੇ ਮਾਤਾ ਜੀ, ਭਾਈ ਨਿੱਝਰ ਦੇ ਸਪੁੱਤਰ ਬਲਰਾਜ ਸਿੰਘ ਅਤੇ ਸ਼ਹੀਦ ਸਤਨਾਮ ਸਿੰਘ ਛੀਨਾ ਦੀ ਧਰਮਪਤਨੀ

# ਬੀਬੀ ਜਸਮੀਤ ਕੌਰ ਗੋਲਡ ਮੈਡਲ ਨਾਲ ਸਨਮਾਨਿਤ




ਨਵੀਂ ਦਿੱਲੀ 22 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-ਕੈਨੇਡਾ ਦੇ ਸਰੀ ਵਿਖੇ ਵਿਸਾਖੀ ਦੇ ਦਿਹਾੜੇ ਦਾ ਜਸ਼ਨ ਮਨਾਉਂਦੇ ਹੋਏ ਸਾਲਾਨਾ ਖਾਲਸਾ ਡੇਅ ਪਰੇਡ ਲਈ ਸ਼ਨੀਵਾਰ ਨੂੰ ਸਰੀ ਦੀਆਂ ਸੜਕਾਂ 'ਤੇ ਲੱਖਾਂ ਲੋਕਾਂ ਨੇ ਸ਼ਿਰਕਤ ਕੀਤੀ ਜਿਸਦਾ ਅੰਦਾਜ਼ਨ ਇਕੱਠ ਸਾਢੇ ਪੰਜ ਲੱਖ ਤੋਂ ਉਪਰ ਦਸਿਆ ਜਾ ਰਿਹਾ ਹੈ । ਇਹ ਆਪਣੀ ਕਿਸਮ ਦਾ ਸਭ ਤੋਂ ਵੱਡਾ ਸਮਾਗਮ ਹੈ ।ਲੋਕਾਂ ਦੇ ਜਸ਼ਨ ਮਨਾਉਣ ਦੇ ਬਾਵਜੂਦ, ਬੇਇਨਸਾਫ਼ੀ ਦੀਆਂ ਭਾਵਨਾਵਾਂ ਦਾ ਇੱਕ ਦੁੱਖ ਸਾਹਮਣੇ ਅਤੇ ਕੇਂਦਰ ਵਿਚ ਨਜ਼ਰ ਆ ਰਿਹਾ ਸੀ। ਇਸ ਮੌਕੇ ਸ਼ਹੀਦ ਦਿਲਾਵਰ ਸਿੰਘ ਬੱਬਰ ਦੇ ਮਾਤਾ ਜੀ, ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਸਪੁੱਤਰ ਬਲਰਾਜ ਸਿੰਘ ਨਿੱਝਰ ਦੇ ਨਾਲ ਸ਼ਹੀਦ ਸਤਨਾਮ ਸਿੰਘ ਛੀਨਾ ਦੀ ਧਰਮਪਤਨੀ ਬੀਬੀ ਜਸਮੀਤ ਕੌਰ ਨੂੰ ਗੁਰਦੁਆਰਾ ਦਸ਼ਮੇਸ਼ ਦਰਬਾਰ ਵੱਲੋਂ ਗੋਲਡ ਮੈਡਲ ਨਾਲ ਸਨਮਾਨਿਤ ਕੀਤਾ ਗਿਆ । ਇਸ ਮੌਕੇ ਬੀ ਸੀ ਗੁਰਦੁਆਰਾ ਦੇ ਬੁਲਾਰੇ ਭਾਈ ਮੋਨਿੰਦਰ ਸਿੰਘ ਨੇ ਕਿਹਾ, ਸਿੱਖ ਪੰਥ ਖੁਸ਼ੀ ਅਤੇ ਜਸ਼ਨ ਦੀਆਂ ਭਾਵਨਾਵਾਂ ਦਾ ਮਿਸ਼ਰਣ ਮਹਿਸੂਸ ਕਰ ਰਹੀ ਹੈ। ਪਰ ਪੰਥ ਇੱਥੇ ਸਿਰਫ਼ ਜਸ਼ਨ ਮਨਾਉਣ ਲਈ ਨਹੀਂ ਹੈ, ਜੋ ਸਾਰਿਆਂ ਲਈ ਪ੍ਰਭੂਸੱਤਾ ਅਤੇ ਮਨੁੱਖੀ ਅਧਿਕਾਰਾਂ ਦਾ ਜਸ਼ਨ ਮਨਾਉਂਦਾ ਹੈ, ਸਗੋਂ ਇੱਕ ਨੇਤਾ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਨੂੰ ਵੀ ਪ੍ਰਤੀਬਿੰਬਤ ਕਰਦਾ ਹੈ ਜਿਸਨੂੰ ਅਸੀਂ ਗੁਆ ਦਿੱਤਾ ਹੈ ਅਤੇ ਮਨੁੱਖੀ ਅਧਿਕਾਰਾਂ ਦੇ ਆਲੇ ਦੁਆਲੇ ਦੇ ਸਿਧਾਂਤਾਂ ਨੂੰ ਦਰਸਾਉਂਦਾ ਹੈ ਜਿਸ ਲਈ ਉਹ ਖੜ੍ਹਾ ਸੀ। ਸਿੱਖ ਯੂਥ ਆਗੂ ਭਾਈ ਨਰਿੰਦਰਜੀਤ ਸਿੰਘ ਖਾਲਸਾ ਨੇ ਦਸਿਆ ਕਿ ਇਹ ਨਗਰ ਕੀਰਤਨ (ਖਾਲਸਾ ਡੇ ਪਰੇਡ) ਸਵੇਰੇ 9 ਵਜੇ ਗੁਰਦੁਆਰਾ ਸਾਹਿਬ ਦਸਮੇਸ਼ ਦਰਬਾਰ 85 ਐਵੀਨਿਊ ਤੋਂ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਯਾ ਹੇਠ ਪੰਜ ਪਿਆਰਿਆਂ ਦੀ ਅਗਵਾਈ ਨਾਲ ਸ਼ੁਰੂ ਹੋ ਕੇ ਵੱਖ ਵੱਖ ਇਲਾਕਿਆ ਵਿੱਚੋਂ ਨਿਕਲਦਾ ਹੋਇਆ ਸ਼ਾਮ 4 ਵਜੇ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

**ਕੈਨੇਡਾ ਦੇ ਸਰੀ ਵਿਖੇ ਨਿਕਾਲੀ ਗਈ ਖਾਲਸਾ ਡੇ ਪਰੇਡ ਅੰਦਰ ਸਾਢੇ ਪੰਜ ਲੱਖ ਤੋਂ ਵੱਧ ਸੰਗਤਾਂ ਨੇ ਭਰੀ ਹਾਜ਼ਿਰੀ**

ਸ਼੍ਰੋਮਣੀ ਕਮੇਟੀ ਨੇ ਧਾਰਮਿਕ ਪ੍ਰੀਖਿਆ ਦਾ ਨਤੀਜਾ ਐਲਾਨਿਆ

# 1549 ਵਿਦਿਆਰਥੀਆਂ ਨੂੰ ਦਿੱਤੀ ਜਾਵੇਗੀ 29 ਲੱਖ 88 ਹਜ਼ਾਰ ਦੀ ਵਜੀਫਾ ਰਾਸ਼ੀ



**ਨਵੀਂ ਦਿੱਲੀ, 22 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਨਵੰਬਰ 2023 ਵਿਚ ਲਈ ਗਈ ਦਰਜਾ ਪਹਿਲਾ ਅਤੇ ਦੂਜਾ ਦੀ ਧਾਰਮਿਕ ਪ੍ਰੀਖਿਆ ਦਾ ਨਤੀਜਾ ਅੱਜ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਬਿਆਸੀ ਅਤੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਜਾਰੀ ਕੀਤਾ।ਐਲਾਨੇ ਗਏ ਨਤੀਜੇ ਅਨੁਸਾਰ 1549 ਵਿਦਿਆਰਥੀਆਂ ਨੂੰ 29 ਲੱਖ 88 ਹਜ਼ਾਰ ਰੁਪਏ ਦੇ ਕਰੀਬ ਵਜੀਫਾ ਰਾਸ਼ੀ ਵਜੋਂ ਦਿੱਤੇ ਜਾਣਗੇ ਅਤੇ ਇਸ ਤੋਂ ਇਲਾਵਾ ਸਨਮਾਨ ਚਿੰਨ੍ਹ ਤੇ ਪ੍ਰਮਾਣ ਪੱਤਰ ਦੇ ਕੇ ਵੀ ਨਿਵਾਜਿਆ ਜਾਵੇਗਾ। ਨਤੀਜਾ ਜਾਰੀ ਕਰਨ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਜਿਥੇ ਗੁਰਦੁਆਰਾ ਸਾਹਿਬਾਨ ਦੀ ਸੇਵਾ ਸੰਭਾਲ ਦਾ ਕਾਰਜ ਕਰਦੀ ਹੈ, ਉਥੇ ਹੀ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਵੀ ਨਿਰੰਤਰ ਕਾਰਜਸ਼ੀਲ ਹੈ।ਉਨ੍ਹਾਂ ਕਿਹਾ ਕਿ ਨੌਜੁਆਨਾਂ ਅਤੇ ਬੱਚਿਆਂ ਨੂੰ ਸਿੱਖ ਇਤਿਹਾਸ, ਰਹਿਤ ਮਰਯਾਦਾ ਅਤੇ ਸਿੱਖ ਸਿਧਾਂਤਾਂ ਨਾਲ ਜੋੜਨ ਲਈ ਧਾਰਮਿਕ ਪ੍ਰੀਖਿਆ ਦਾ ਵੱਡਾ ਮਹੱਤਵ ਹੈ। ਇਸੇ ਦੌਰਾਨ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਲਈ ਜਾਂਦੀ ਧਾਰਮਿਕ ਪ੍ਰੀਖਿਆ ਦੌਰਾਨ ਹਜ਼ਾਰਾਂ ਵਿਦਿਆਰਥੀ ਹਿੱਸਾ ਲੈਂਦੇ ਹਨ, ਜਿਨ੍ਹਾਂ ਵਿੱਚੋਂ ਮੈਰਿਟ ਵਿਚ ਆਉਣ ਵਾਲੇ ਵਿਦਿਆਰਥੀਆਂ ਨੂੰ ਵਜੀਫਾ ਰਾਸ਼ੀ ਦਿੱਤੀ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਇਸ ਸਾਲ ਨਵੰਬਰ 2023 ਵਿਚ ਲਈ ਗਈ ਧਾਰਮਿਕ ਪ੍ਰੀਖਿਆ ਵਿਚ ਦੋ ਦਰਜਿਆਂ ਅੰਦਰ 43803 ਵਿਦਿਆਰਥੀਆਂ ਨੇ ਭਾਗ ਲਿਆ ਸੀ, ਜਿਨ੍ਹਾਂ ਵਿੱਚੋਂ 1549 ਵਿਦਿਆਰਥੀ ਨੇ ਵਜੀਫਾ ਹਾਸਲ ਕੀਤਾ ਹੈ। ਇਸ ਦੇ ਨਾਲ ਹੀ ਹਰ ਦਰਜੇ ਵਿੱਚੋਂ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲਿਆਂ ਨੂੰ ਵੀ ਵਿਸ਼ੇਸ਼ ਰਾਸ਼ੀ ਦਿੱਤੀ ਜਾਵੇਗੀ।ਉਨ੍ਹਾਂ ਅਪੀਲ ਕੀਤੀ ਕਿ ਹਰ ਵਿਦਿਆਰਥੀ ਨੂੰ ਇਸ ਧਾਰਮਿਕ ਪ੍ਰੀਖਿਆ ਦਾ ਹਿੱਸਾ ਬਣਾਉਣ ਲਈ ਸਕੂਲ ਪ੍ਰਬੰਧਕਾਂ ਨੂੰ ਅੱਗੇ ਆਉਣਾ ਚਾਹੀਦਾ ਹੈ, ਤਾਂ ਜੋ ਵੱਧ ਤੋਂ ਵੱਧ ਬੱਚੇ ਅਤੇ ਨੌਜੁਆਨ ਆਪਣੇ ਇਤਿਹਾਸ ਅਤੇ ਵਿਰਸੇ ਤੋਂ ਜਾਣੂ ਹੋ ਸਕਣ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਇੰਚਾਰਜ ਸ. ਜੋਗੇਸ਼ਵਰ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨੇਤਨਯਾਹੂ ਵਿਰੁੱਧ ਜੰਗੀ ਅਪਰਾਧ ਲਈ ਆਈਸੀਜੇ ਨੂੰ ਮੁਕੱਦਮਾ ਚਲਾਉਣਾ ਚਾਹੀਦਾ ਹੈ: ਸੰਯੁਕਤ ਕਿਸਾਨ ਮੋਰਚਾ

## ਗਾਜ਼ਾ ਪੱਟੀ ਵਿੱਚ ਮਾਰੇ ਗਏ ਬੱਚਿਆਂ ਦੀ ਗਿਣਤੀ 14000 ਨੂੰ ਕਰ ਗਈ ਹੈ ਪਾਰ



**ਨਵੀਂ ਦਿੱਲੀ 22 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:-ਐਸਕੇਐਮ ਭਾਰਤ ਭਰ ਦੇ ਕਿਸਾਨਾਂ ਨੂੰ ਫਿਲਸਤੀਨ ਦੇ ਕਿਸਾਨਾਂ ਨੂੰ ਸਮਰਥਨ ਅਤੇ ਏਕਤਾ ਵਧਾਉਣ ਦੀ ਅਪੀਲ ਕਰਦਾ ਹੈ ਜੋ ਇਜ਼ਰਾਈਲੀ ਕਾਬਜ਼ ਫੌਜ ਦੀ ਹਮਾਇਤ ਨਾਲ ਆਬਾਦਕਾਰ ਗਰੋਹਾਂ ਦੁਆਰਾ ਪਿੰਡਾਂ ਵਿੱਚ ਲਗਾਤਾਰ ਅੱਤਵਾਦੀ ਹਮਲਿਆਂ ਦਾ ਸਾਹਮਣਾ ਕਰ ਰਹੇ ਹਨ। ਫੌਜ ਅਤੇ ਗੈਂਗਸਟਰ ਗਾਜ਼ਾ ਵਿੱਚ ਨਸਲਕੁਸ਼ੀ ਦੀ ਲੜਾਈ ਦੇ ਨਾਲ-ਨਾਲ ਖਾਸ ਤੌਰ 'ਤੇ ਪੱਛਮੀ ਕੰਢੇ ਦੇ ਪਿੰਡਾਂ ਵਿੱਚ ਰਿਹਾਇਸ਼ੀ ਖੇਤਰਾਂ ਅਤੇ ਕਿਸਾਨਾਂ ਨੂੰ ਨਿਸ਼ਾਨਾ ਬਣਾ ਰਹੇ ਹਨ ਅਤੇ ਉਨ੍ਹਾਂ ਨੂੰ ਉਜਾੜਨ ਦੀਆਂ ਲਗਾਤਾਰ ਕੋਸ਼ਿਸ਼ਾਂ ਦੇ ਹਿੱਸੇ ਵਜੋਂ ਕਤਲੇਆਮ, ਘਰਾਂ ਅਤੇ ਖੇਤਾਂ ਨੂੰ ਸਾੜਨਾ, ਜਾਇਦਾਦ ਨੂੰ ਜਾਣਬੁੱਝ ਕੇ ਤਬਾਹ ਕਰਨਾ ਸ਼ਾਮਲ ਹਨ। ਇਨ੍ਹਾਂ ਹਮਲਿਆਂ ਵਿੱਚ ਸੈਂਕੜੇ ਕਿਸਾਨ ਜਾਨਾਂ ਗੁਆ ਚੁੱਕੇ ਹਨ ਅਤੇ ਹਜ਼ਾਰਾਂ ਗੰਭੀਰ ਰੂਪ ਵਿੱਚ ਜ਼ਖਮੀ ਹੋਏ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਫਲਸਤੀਨੀ ਕਿਸਾਨ ਯੂਨੀਅਨਾਂ ਨੇ ਫਲਸਤੀਨੀ ਕਿਸਾਨਾਂ ਲਈ ਤੁਰੰਤ ਅੰਤਰਰਾਸ਼ਟਰੀ ਸੁਰੱਖਿਆ ਦੀ ਮੰਗ ਕੀਤੀ ਹੈ।ਐਸਕੇਐਮ ਭਾਰਤ ਦੇ ਸਾਰੇ ਕਿਸਾਨਾਂ ਨੂੰ ਫਲਸਤੀਨੀ ਕਿਸਾਨਾਂ ਨਾਲ ਏਕਤਾ ਵਧਾਉਣ ਅਤੇ ਭਾਰਤ ਦੇ ਰਾਸ਼ਟਰਪਤੀ ਨੂੰ ਪੱਤਰ ਲਿਖ ਕੇ ਅਪੀਲ ਕਰਦਾ ਹੈ ਕਿ ਭਾਰਤ ਸਰਕਾਰ ਨੂੰ ਨਸਲਕੁਸ਼ੀ, ਤੁਰੰਤ ਜੰਗਬੰਦੀ ਅਤੇ ਫੌਜ ਅਤੇ ਬਸਤੀਵਾਦੀ ਗਰੋਹਾਂ ਦੁਆਰਾ ਫਲਸਤੀਨੀਆਂ ਖਾਸ ਕਰਕੇ ਬੱਚਿਆਂ ਅਤੇ ਔਰਤਾਂ ਦੇ ਕਤਲੇਆਮ ਨੂੰ ਖਤਮ ਕਰਨ ਲਈ ਸਭ ਕੁਝ ਕਰਨਾ ਚਾਹੀਦਾ ਹੈ।

ਸੰਯੁਕਤ ਰਾਸ਼ਟਰ ਚਿਲਡਰਨ ਫੰਡ (ਯੂਨੀਸੇਫ) ਦੇ ਅਨੁਸਾਰ, 7 ਅਕਤੂਬਰ, 2023 ਤੋਂ ਘਿਰੇ ਗਾਜ਼ਾ ਪੱਟੀ ਵਿੱਚ ਮਾਰੇ ਗਏ ਬੱਚਿਆਂ ਦੀ ਗਿਣਤੀ 14000 ਨੂੰ ਪਾਰ ਕਰ ਗਈ ਹੈ।ਯੂਨੀਸੇਫ ਨੇ ਪੂਰੀ ਦੁਨੀਆ ਨੂੰ ਜੰਗਬੰਦੀ ਲਈ ਕੁਝ ਕਰਨ ਦੀ ਅਪੀਲ ਕੀਤੀ ਹੈ। ਇਜ਼ਰਾਈਲ ਦਾ ਹਮਲਾ 'ਬੱਚਿਆਂ ਵਿਰੁੱਧ ਜੰਗ' ਬਣ ਗਿਆ ਹੈ ਅਤੇ ਗਾਜ਼ਾ 10 ਲੱਖ ਤੋਂ ਵੱਧ ਬੱਚਿਆਂ ਦਾ ਘਰ ਹੈ। ਗਾਜ਼ਾ ਵਿੱਚ ਹਰ ਦਸ ਮਿੰਟ ਵਿੱਚ ਇੱਕ ਬੱਚਾ ਮਾਰਿਆ ਗਿਆ ਜਾਂ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ। ਗਾਜ਼ਾ ਦੇ ਸਿਹਤ ਮੰਤਰਾਲੇ ਦੇ ਅਨੁਸਾਰ, 7 ਅਕਤੂਬਰ 2023 ਤੋਂ ਗਾਜ਼ਾ ਵਿੱਚ ਇਜ਼ਰਾਈਲ ਦੇ ਚੱਲ ਰਹੇ ਨਸਲਕੁਸ਼ੀ ਵਿੱਚ 34012 ਫਲਸਤੀਨੀ ਮਾਰੇ ਗਏ ਹਨ ਅਤੇ 76833 ਜ਼ਖਮੀ ਹੋਏ ਹਨ। ਇਸ ਤੋਂ ਉੱਪਰ, ਘੱਟੋ-ਘੱਟ 7000 ਲੋਕ ਅਣਪਛਾਤੇ ਹਨ, ਜੋ ਗਾਜ਼ਾ ਪੱਟੀ ਵਿੱਚ ਆਪਣੇ ਘਰਾਂ ਦੇ ਮਲਬੇ ਹੇਠਾਂ ਮਰੇ ਹੋਏ ਹਨ। ਲਗਭਗ 20 ਲੱਖ ਲੋਕਾਂ ਦਾ ਉਜਾੜਾ ਹੋਇਆ - 1948 ਦੇ ਨਕਬਾ ਤੋਂ ਬਾਅਦ ਸਭ ਤੋਂ ਵੱਡਾ ਸਮੂਹਿਕ ਕੂਚ।

ਇਜ਼ਰਾਈਲ ਦੁਆਰਾ ਮਾਰੇ ਗਏ ਜਾਂ ਜ਼ਖਮੀ ਹੋਣ ਵਾਲਿਆਂ ਵਿਚ ਜ਼ਿਆਦਾਤਰ ਔਰਤਾਂ ਅਤੇ ਬੱਚੇ ਹਨ। ਯੁੱਧ ਦੇ ਨਤੀਜੇ ਵਜੋਂ ਉੱਤਰੀ ਗਾਜ਼ਾ ਵਿੱਚ ਭਿਆਨਕ ਕਾਲ ਪੈ ਗਿਆ ਹੈ, ਨਤੀਜੇ ਵਜੋਂ ਬਹੁਤ ਸਾਰੇ ਲੋਕਾਂ ਦੀ ਮੌਤ ਹੋ ਗਈ, ਜ਼ਿਆਦਾਤਰ ਬੱਚੇ। ਪਿਛਲੇ ਛੇ ਮਹੀਨਿਆਂ ਵਿੱਚ, ਆਧੁਨਿਕ ਯੁੱਗ ਦੇ ਕਿਸੇ ਵੀ ਯੁੱਧ ਨਾਲੋਂ ਵੱਧ ਨਾਗਰਿਕ ਇਸ ਸੰਘਰਸ਼ ਵਿੱਚ ਮਾਰੇ ਗਏ ਹਨ। ਅਤੇ ਕਿਸੇ ਵੀ ਯੁੱਧ ਨੇ ਇਹ ਬਹੁਤ ਸਾਰੇ ਮਾਸੂਮ ਬੱਚਿਆਂ ਨੂੰ ਨਹੀਂ ਮਾਰਿਆ ਹੈ. ਬੱਚਿਆਂ ਦੀ ਹੱਤਿਆ ਅਤੇ ਅਪੰਗਤਾ ਨੂੰ ਰੋਕਣ ਲਈ ਹੁਣ ਜੰਗਬੰਦੀ ਹੀ ਇੱਕੋ ਇੱਕ ਰਸਤਾ ਹੈ।ਐਸਕੇਐਮ ਨੇ ਅੰਤਰਰਾਸ਼ਟਰੀ ਅਦਾਲਤ ਤੋਂ ਮੰਗ ਕੀਤੀ ਹੈ ਕਿ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ 'ਤੇ ਬੱਚਿਆਂ ਅਤੇ ਔਰਤਾਂ ਵਿਰੁੱਧ ਭਿਆਨਕ ਬੇਰਹਿਮੀ ਲਈ ਜੰਗੀ ਅਪਰਾਧੀ ਵਜੋਂ ਮੁਕੱਦਮਾ ਚਲਾਇਆ ਜਾਵੇ।ਨਫ਼ਰਤ ਦੀ ਰਾਜਨੀਤੀ 'ਤੇ ਅਧਾਰਤ ਜ਼ਯੋਨਿਸਟ ਸਿਧਾਂਤ ਚੱਲ ਰਹੀ ਨਸਲਕੁਸ਼ੀ ਦਾ ਮੂਲ ਕਾਰਨ ਹੈ। ਅਡੌਲਫ ਹਿਟਲਰ ਦੀ ਅਗਵਾਈ ਵਾਲੇ ਨਾਜ਼ੀ ਜਰਮਨੀ ਦੇ ਅਧੀਨ ਯਹੂਦੀ ਲੋਕਾਂ ਨੂੰ ਇਤਿਹਾਸ ਵਿੱਚ ਸਭ ਤੋਂ ਭੈੜੀ ਨਸਲਕੁਸ਼ੀ ਦਾ ਸ਼ਿਕਾਰ ਬਣਾਇਆ ਗਿਆ ਹੈ। ਯਹੂਦੀ ਲੋਕਾਂ ਦਾ ਬਣਿਆ ਇਜ਼ਰਾਈਲ ਦਾ ਆਧੁਨਿਕ ਰਾਜ ਅੱਜ ਫਲਸਤੀਨੀਆਂ ਵਿਰੁੱਧ ਸਭ ਤੋਂ ਅਣਮਨੁੱਖੀ, ਜ਼ਾਲਮ ਨਸਲਕੁਸ਼ੀ ਨੂੰ ਅੰਜਾਮ ਦੇ ਰਿਹਾ ਹੈ।ਐਸਕੇਐਮ ਮੰਗ ਕਰਦਾ ਹੈ ਕਿ ਭਾਰਤ ਨੂੰ ਵਿਸ਼ਵ ਸ਼ਾਂਤੀ ਲਈ ਵਿਸ਼ਵ ਰਾਏ ਨੂੰ ਲਾਮਬੰਦ ਕਰਨ ਅਤੇ ਅਮਰੀਕਾ ਦੀ ਅਗਵਾਈ ਵਾਲੀ ਸਾਮਰਾਜਵਾਦੀ ਤਾਕਤਾਂ ਦੇ ਵਿਰੁੱਧ ਆਪਣੀ ਰਵਾਇਤੀ ਅਤੇ ਸਭ ਤੋਂ ਮਹੱਤਵਪੂਰਨ ਭੂਮਿਕਾ ਨਿਭਾਉਣੀ ਚਾਹੀਦੀ ਹੈ ਜੋ ਇਜ਼ਰਾਈਲ ਨਾਲ ਖੜ੍ਹੀਆਂ ਹਨ ਅਤੇ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਵਿੱਚ ਜੰਗਬੰਦੀ ਦੀ ਮੰਗ ਕਰਨ ਵਾਲੇ ਮਤਿਆਂ ਨੂੰ ਵੀਟੋ ਕਰਨਾ ਚਾਹੀਦਾ ਹੈ। ਇਸ ਲਈ ਭਾਰਤ ਨੂੰ ਅਮਰੀਕਾ-ਇਜ਼ਰਾਈਲ ਗਠਜੋੜ ਦੇ ਚੁੰਗਲ ਵਿੱਚੋਂ ਬਾਹਰ ਆਉਣਾ ਚਾਹੀਦਾ ਹੈ ਅਤੇ ਵਿਕਾਸਸ਼ੀਲ ਦੇਸ਼ਾਂ ਦੀ ਆਵਾਜ਼ ਵਜੋਂ ਆਪਣਾ ਰੁਤਬਾ ਮੁੜ ਹਾਸਲ ਕਰਨਾ ਚਾਹੀਦਾ ਹੈ।

## ਸਿਹਤ ਵਿਭਾਗ ਵਲੋ ਮਾਈਗ੍ਰੇਂਟ ਆਬਾਦੀ ਦਾ ਫੀਵਰ ਸਰਵੇ ਦਾ ਕੀਤਾ ਨਿਰੀਖਣ



**ਚੌਕ ਮਹਿਤਾ22 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਪੰਜਾਬ ਜੀ ਵੱਲੋਂ ਮਿਲੇ ਆਦੇਸ਼ਾਂ ਅਨੁਸਾਰ ਪੰਜਾਬ ਰਾਜ ਵਿੱਚ ਮਲੇਰੀਆ ਐਲਿਮੀਨੇਸ਼ਨ ਨੂੰ ਮੁੱਖ ਰੱਖਦੇ ਹੋਏ ਮਿਤੀ 22/4/2024 ਤੋਂ 26/4/2024 ਤੱਕ ਐਂਟੀ ਮਲੇਰੀਆ ਵੀਕ ਦੌਰਾਨ ਜ਼ਿਲ੍ਹੇ ਅੰਦਰ ਭੱਠਿਆਂ ਵਿੱਚ ਕੰਮ ਕਰਦੇ ਅਤੇ ਸਲੱਮ ਏਰੀਏ ਵਿੱਚ ਰਹਿ ਰਹੇ ਮਾਈਗ੍ਰੇਂਟ ਆਬਾਦੀ ਦਾ ਫੀਵਰ ਸਰਵੇ ਦੇ ਕੰਮ ਦਾ ਨਿਰੀਖਣ ਲਈ ਸਿਵਲ ਸਰਜਨ ਡਾਕਟਰ ਵਿਜੇ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਡਾਕਟਰ ਹਰਜੋਤ ਕੌਰ ਜ਼ਿਲਾ ਐਪੀਡੀਮਾਲੋਜਿਸਟ ਵੱਲੋਂ ਸੀ ਐਚ ਸੀ ਮਾਨਾਵਾਲਾ ਦੇ ਐਚ ਐਸ ਸੀ ਗਹਿਰੀ ਮੰਡੀ / ਜੰਡਿਆਲਾ ਅਧੀਨ ਆਉਦੇ ਭੱਠਿਆਂ ਅਤੇ ਸਲੱਮ ਏਰੀਏ ਵਿੱਚ ਰਹਿ ਰਹੇ ਮਾਈਗ੍ਰੇਂਟ ਆਬਾਦੀ ਦਾ ਫੀਵਰ ਸਰਵੇ ਦਾ ਨਿਰੀਖਣ ਕੀਤਾ ਗਿਆ।ਸੀਐਚਸੀ ਮਾਨਾਵਾਲਾ ਤੋਂ ਪ੍ਰਿਤਪਾਲ ਸਿੰਘ ਅਤੇ ਹਰਜਿੰਦਰ ਪਾਲ ਸਿੰਘ ਐਸਆਈ ਅਤੇ ਗਹਿਰੀ ਮੰਡੀ ਸੈਂਟਰ ਦੇ ਸਮੂਹ ਮਲਟੀਪਰਪਜ ਵਰਕਰ ਹਾਜ਼ਰ ਸਨ । ਜਿਨਾਂ ਵੱਲੋਂ ਫੀਵਰ ਸਰਵੇ ਕੀਤਾ ਗਿਆ। ਇਸ ਤੋਂ ਇਲਾਵਾ ਦਫਤਰ ਸਿਵਲ ਸਰਜਨ ਤੋਂ ਗੁਰਦੇਵ ਸਿੰਘ ਢਿੱਲੋਂ ,ਸੁਖਦੇਵ ਸਿੰਘ ,ਹਰਵਿੰਦਰ ਸਿੰਘ ,ਹਰਕਮਲ ਸਿੰਘ , ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੇਵਾ ਫਾਊਡੇਸ਼ਨ ਫ਼ਿਰੋਜ਼ਪੁਰ ਨੇ

# ਹੱਡੀਆਂ ਤੇ ਜ਼ੋੜਾਂ ਦੇ ਦਰਦਾਂ ਦਾ ਫ੍ਰੀ ਮੈਡੀਕਲ ਕੈਂਪ






**ਫ਼ਿਰੋਜ਼ਪੁਰ, 22 ਅਪ੍ਰੈਲ (ਮਨੋਹਰ ਲਾਲ) :—** ਸੇਵਾ ਫਾਊਡੇਸ਼ਨ ਫ਼ਿਰੋਜ਼ਪੁਰ ਵੱਲੋਂ ਹੱਡੀਆਂ ਅਤੇ ਜ਼ੋੜਾਂ ਦੇ ਦਰਦਾਂ ਦਾ ਫ੍ਰੀ ਮੈਡੀਕਲ ਕੈਂਪ ਅਕਾਲਗੜ੍ਹ ਗੁਰਦੁਆਰਾ ਫ਼ਿਰੋਜ਼ਪੁਰ ਸ਼ਹਿਰ ਵਿਖੇ ਲਗਾਇਆ ਗਿਆ, ਜਿਸ ਵਿਚ ਲਗਭਗ 300 ਮਰੀਜਾਂ ਦਾ ਇਲਾਜ ਮੁਫਤ ਕੀਤਾ ਗਿਆ। ਇਸ ਕੈਂਪ ਵਿਚ ਡਾਕਟਰ ਏ.ਪੀ.ਐਸ ਆਹਲੂਵਾਲੀਆ ਅਤੇ ਉਨ੍ਹਾਂ ਦੀ ਟੀਮ ਵੱਲੋਂ ਅਲੱਗ—ਅਲੱਗ ਜ਼ਿਲ੍ਹਾ ਫਰੀਦਕੋਟ, ਮਾਨਸਾ, ਸੰਗਰੂਰ, ਬਠਿੰਡਾ, ਲੁਧਿਆਣਾ, ਅੰਮ੍ਰਿਤਸਰ, ਜੰਮੂ ਆਦਿ ਜ਼ਿਲ੍ਹਿਆਂ ਤੋਂ ਆਏ ਲੋਕਾਂ ਦਾ ਇਸ ਕੈਂਪ ਵਿਚ ਫ੍ਰੀ ਇਲਾਜ ਕੀਤਾ ਗਿਆ। ਸੇਵਾ ਫਾਊਡੇਸ਼ਨ ਫ਼ਿਰੋਜ਼ਪੁਰ ਵੱਲੋਂ ਚੇਅਰਮੈਨ ਸੰਦੀਪ ਅਤੇ ਉਨ੍ਹਾਂ ਦੀ ਟੀਮ ਮੈਂਬਰ ਜਿਨ੍ਹਾਂ ਵਿਚ ਰਾਕੇਸ਼ ਕੁਮਾਰ, ਰਾਹੁਲ, ਅਤੁਲ ਪੁਰੀ, ਮੈਡਮ ਸਾਕਸ਼ੀ ਪੁਰੀ, ਮਨੀਸ਼, ਯਾਦਵ ਅਰੋੜਾ, ਸ਼ਿਵਮ ਬਜਾਜ, ਸੌਰਵ ਚਾਵਲਾ, ਆਸਾ ਸਿੰਘ ਵੱਲੋਂ ਕੈਂਪ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਚੇਅਰਮੈਨ ਸੰਦੀਪ ਵੱਲੋਂ ਦੱਸਿਆ ਗਿਆ ਕਿ ਆਉਣ ਵਾਲੇ ਦਿਨਾਂ ਵਿਚ ਇਸ ਤਰ੍ਹਾਂ ਦੇ ਹੋਰ ਵੀ ਕੈਂਪ ਅਲੱਗ—ਅਲੱਗ ਧਾਰਮਿਕ ਸਥਾਨਾਂ ਤੇ ਲਾਏ ਜਾਣਗੇ ਤਾਂ ਜੋ ਲੋਕਾਂ ਨੂੰ ਘੇਰ ਰਹੀਆਂ ਬਿਮਾਰੀਆਂ ਤੋਂ ਮੁਕਤ ਕੀਤਾ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਕਲਾਪੀਠ ਵੱਲੋਂ ਪੁਸਤਕ ਲੋਕ ਅਰਪਣ

ਫ਼ਿਰੋਜ਼ਪੁਰ, 22 ਅਪ੍ਰੈਲ (ਮਨੋਹਰ ਲਾਲ) :— ਸ਼ਬਦ ਸੱਭਿਆਚਾਰ ਦੇ ਪਸਾਰ ਲਈ ਨਿਰੰਤਰ ਯਤਨਸ਼ੀਲ ਸੰਸਥਾ ਕਲਾਪੀਠ (ਰਜਿ:) ਵੱਲੋਂ ਪੰਜਾਬੀ ਦੇ ਮਰਹੂਮ ਸ਼ਾਇਰ ਅਨਿਲ ਆਦਮ ਦੀ ਯਾਦ ਵਿੱਚ ਇੱਕ ਵਿਸ਼ਾਲ ਸਾਹਿਤਕ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਅਨਿਲ ਆਦਮ ਦੀ ਨਵੀਂ ਛਪੀ ਕਾਵਿ ਕਿਤਾਬ 26 ਸਾਲ ਬਾਅਦ ਲੋਕ ਅਰਪਿਤ ਕੀਤੀ ਕੀਤੀ ਗਈ। ਫ਼ਿਰੋਜ਼ਪੁਰ ਦੀ ਜ਼ਿਲ੍ਹਾ ਲਾਇਬ੍ਰੇਰੀ ਵਿੱਚ ਕਰਵਾਏ ਗਏ, ਇਸ ਸਮਾਗਮ ਦੀ ਪ੍ਰਧਾਨਗੀ ਉੱਘੇ ਆਲੋਚਕ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਦੇ ਕੌਮੀ ਪ੍ਰਧਾਨ ਡਾ: ਸੁਖਦੇਵ ਸਿੰਘ ਸਿਰਸਾ ਨੇ ਕੀਤੀ, ਜਦੋਂ ਕਿ ਮੁੱਖ ਮਹਿਮਾਨ ਸਾਹਿਤ ਅਕੈਡਮੀ ਸਨਮਾਨ ਪ੍ਰਾਪਤ ਸ਼ਾਇਰ ਸਵਰਨਜੀਤ ਸਵੀ ਸਨ। ਪ੍ਰਧਾਨਗੀ ਮੰਡਲ ਵਿੱਚ ਪ੍ਰੋ: ਜਸਪਾਲ ਘਈ ਅਤੇ ਪ੍ਰੋ: ਗੁਰਤੇਜ ਕੋਹਾਰਵਾਲਾ ਅਤੇ ਅਨਿਲ ਆਦਮ ਦੀ ਹਮਸਫ਼ਰ ਅੰਜੁਮ ਸ਼ਰਮਾ ਸ਼ਾਮਿਲ ਹੋਏ।



ਸੰਚਾਲਨ ਕਰਦਿਆਂ ਨੌਜਵਾਨ ਆਲੋਚਕ ਅਤੇ ਅਨੁਵਾਦਕ ਸੁਖਜਿੰਦਰ ਨੇ ਇਸ ਭਾਵਪੂਰਤ ਸਮਾਗਮ ਦੇ ਆਰੰਭ ਵਿੱਚ ਮਰਹੂਮ ਅਨਿਲ ਆਦਮ ਦੀ ਕਵਿਤਾ ਅਤੇ ਜ਼ਿੰਦਗੀ ਬਾਰੇ ਜਾਣਕਾਰੀ ਦਿੱਤੀ। ਉਪਰੰਤ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ: ਜਗਦੀਪ ਸਿੰਘ ਸੰਧੂ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਨੂੰ ਕਿਹਾ। ਇਸ ਮੌਕੇ ਅੰਜੁਮ ਸ਼ਰਮਾ ਨੇ ਅਨਿਲ ਆਦਮ ਦੇ ਵਿਅਕਤੀਤਵ ਪਰਿਵਾਰ ਨਾਲ ਸਬੰਧਤ ਅਛੂਤੇ ਪਹਿਲੂਆਂ ਬਾਰੇ ਗੱਲ ਛੇੜੀ, ਮਾਸਟਰ ਉਮ ਪ੍ਰਕਾਸ਼ ਸਰੋਏ ਨੇ ਅਨਿਲ ਨਾਲ ਸਬੰਧਤ ਯਾਦਾਂ ਨੂੰ ਸਰੋਤਿਆਂ ਨਾਲ ਸਾਂਝਾ ਕੀਤਾ। ਪ੍ਰੋ: ਕੁਲਦੀਪ ਨੇ ਅਨਿਲ ਆਦਮ ਬਾਰੇ ਲਿਖੀਆਂ ਕਵਿਤਾਵਾਂ ਦਾ ਪਾਠ ਕਰਕੇ ਆਪਣੀ ਸ਼ਰਧਾਂਜਲੀ ਭੇਂਟ ਕੀਤੀ, ਜਦੋਂ ਕਿ ਅਨਿਲ ਦੀ ਪ੍ਰੇਰਨਾ ਨਾਲ ਸ਼ਾਇਰੀ ਦੇ ਪਿੜ ਵਿੱਚ ਸ਼ਾਮਲ ਹੋਏ ਯੁਵਰੀਤ ਨੇ ਵੀ ਆਪਣੀਆਂ ਕਵਿਤਾਵਾਂ ਸੁਣਾਈਆਂ। ਇਸ ਮੌਕੇ ਅਨਿਲ ਦੇ ਅਧਿਆਪਕ ਪ੍ਰੋ: ਜਸਪਾਲ ਘਈ ਨੇ ਉਸਦੀ ਜ਼ਿੰਦਗੀ ਅਤੇ ਕਵਿਤਾ ਦੇ ਵੱਖ—ਵੱਖ ਪਸਾਰਾਂ ਤੇ ਰੌਸ਼ਨੀ ਪਾਈ, ਸ਼ਾਇਰ ਅਤੇ ਨਾਟਕਕਾਰ ਸ਼ਬਦੀਸ਼ ਨੇ ਅਨਿਲ ਦੀ ਪੁਸਤਕ 26 ਸਾਲ ਬਾਅਦ ਤੋਂ ਪ੍ਰਭਾਵਿਤ ਹੋ ਕੇ ਲਿਖੀ ਨਜ਼ਮ ਅਨਿਲ ਆਦਮ ਦੀ ਕਵਿਤਾ ਪੜ੍ਹਦਿਆਂ ਪੇਸ਼ ਕੀਤੀ।

ਇਸ ਤੋਂ ਬਾਅਦ ਹਰਮੀਤ ਵਿਦਿਆਰਥੀ ਨੇ ਅਨਿਲ ਆਦਮ ਦੇ ਤੁਰ ਜਾਣ ਤੋਂ ਬਾਅਦ ਛਪੀ ਕਿਤਾਬ 26 ਸਾਲ ਬਾਅਦ ਦੀ ਸਿਰਜਣਾ, ਸੰਪਾਦਨਾ ਅਤੇ ਛਪਣ ਦੀ ਪ੍ਰਕਿਰਿਆ ਦੀ ਬਾਤ ਪਾਈ। ਪ੍ਰਧਾਨਗੀ ਮੰਡਲ ਵੱਲੋਂ ਇਸ ਪੁਸਤਕ ਦੇ ਲੋਕ ਅਰਪਣ ਦੀ ਰਸਮ ਅਦਾ ਕੀਤੀ ਗਈ। ਇਸ ਰਸਮ ਵਿੱਚ ਅਨਿਲ ਆਦਮ ਦੀ ਹਮਸਫ਼ਰ ਅੰਜੁਮ ਸ਼ਰਮਾ, ਅਨਿਲ ਦੇ ਅਧਿਆਪਕ, ਦੋਸਤ ਅਤੇ ਜਮਾਤੀ ਵੀ ਸ਼ਾਮਲ ਹੋਏ। ਪ੍ਰੋ: ਗੁਰਤੇਜ ਕੋਹਾਰਵਾਲਾ ਨੇ ਅਨਿਲ ਦੇ ਮੁਹੱਬਤੀ ਸੁਭਾਅ, ਸੂਖ਼ਮਤਾ, ਸੰਵੇਦਨਸ਼ੀਲਤਾ ਅਤੇ ਤਰਲਤਾ ਦੀ ਬਾਤ ਪਾਉਂਦਿਆਂ 26 ਸਾਲ ਬਾਅਦ ਵਿੱਚੋਂ ਕੁਝ ਕਵਿਤਾਵਾਂ ਦਾ ਪਾਠ ਕੀਤਾ ਅਤੇ ਉਸਦੀ ਸ਼ਾਇਰੀ ਨਾਲ ਸਰੋਤਿਆਂ ਦੀ ਸਾਂਝ ਪਵਾਈ। ਇਸ ਪੁਸਤਕ ਬਾਰੇ ਨੌਜਵਾਨ ਚਿੰਤਕ ਮਨਜੀਤ ਪੁਰੀ ਨੇ ਆਪਣਾ ਪੇਪਰ ਮੁਹੱਬਤੀ ਸੰਵੇਦਨਾ ਦਾ ਕਾਵਿ 26 ਸਾਲ ਬਾਅਦ ਪੜ੍ਹਦਿਆਂ ਕਿਹਾ ਕਿ ਅਨਿਲ ਦੀ ਇਹ ਕਿਤਾਬ ਕਈ ਟੁਕੜਿਆਂ ਵਿੱਚ ਲਿਖੀ ਇੱਕੋ ਲੰਬੀ ਕਵਿਤਾ ਹੈ, ਜਿਸ ਰਾਹੀਂ ਅਨਿਲ ਕਵਿਤਾ ਦੇ ਅਸਲੋਂ ਨਵੇਂ ਮੁਹਾਂਦਰੇ ਰਾਹੀਂ ਪਾਠਕਾਂ ਸਨਮੁੱਖ ਹੁੰਦਾ ਹੈ। ਨਾਮਵਰ ਵਿਦਵਾਨ ਹਰਵਿੰਦਰ ਭੰਡਾਲ ਨੇ 26 ਸਾਲ ਬਾਅਦ ਦਾ ਵਿਸ਼ਲੇਸ਼ਣ ਕਰਦਿਆਂ ਕਿਹਾ ਕਿ ਇਹ ਕਵਿਤਾ ਮੁਹੱਬਤ ਦੇ ਰਾਹ ਦਾ ਰੋੜਾ ਬਣਦੀਆਂ ਸਮਾਜਿਕ ਵਰਜਨਾਵਾਂ ਨੂੰ ਮੁਖ਼ਾਤਿਬ ਹੁੰਦੀ ਹੈ ਅਤੇ ਇਸ ਕਵਿਤਾ ਵਿੱਚ ਪੇਸ਼ ਮੁਹੱਬਤ ਦਾ ਤਾਅਲੁੱਕ ਕਵੀ ਦੀ ਵਿਅਕਤੀਗਤ ਮੁਹੱਬਤ ਨਹੀਂ ਹੈ ਸਗੋਂ ਇਹ ਸਮੁੱਚੇ ਸਮਾਜਿਕ ਤਾਣੇ ਬਾਣੇ ਦੀਆਂ ਦੀਵਾਰਾਂ ਨੂੰ ਚੁਣੌਤੀ ਦੇ ਰਹੀ ਹੈ।

ਸਾਹਿਤ ਅਕੈਡਮੀ ਪੁਰਸਕਾਰ ਨਾਲ ਸਨਮਾਨਿਤ ਕਵੀ ਸਵਰਨਜੀਤ ਸਵੀ ਨੇ ਅਨਿਲ ਦੀ ਕਵਿਤਾ ਵਿਚਲੀ ਤਰਲਤਾ ਦੀ ਬਾਤ ਛੋਹੀ ਅਤੇ ਕਿਹਾ ਕਿ ਉਹ ਇੱਕ ਹਰਮਨ ਪਿਆਰਾ ਅਧਿਆਪਕ, ਗੰਭੀਰ ਬਾਲ ਸਾਹਿਤ ਲੇਖਕ, ਅਨੁਵਾਦਕ ਅਤੇ ਬਹੁਪਾਸਾਰੀ ਸਖ਼ਸ਼ੀਅਤ ਸੀ। ਸਮਾਗਮ ਦੀ ਪ੍ਰਧਾਨਗੀ ਕਰ ਰਹੇ ਪ੍ਰਗਤੀਸ਼ੀਲ ਲੇਖਕ ਸੰਘ ਦੇ ਕੌਮੀ ਪ੍ਰਧਾਨ ਅਤੇ ਉੱਘੇ ਚਿੰਤਕ ਡਾ: ਸੁਖਦੇਵ ਸਿੰਘ ਸਿਰਸਾ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਅਨਿਲ ਆਦਮ ਦੇ ਬਹੁਪੱਖੀ ਵਿਅਕਤੀਤਵ ਨੂੰ ਸਲਾਮ ਕਰਦਿਆਂ 26 ਸਾਲ ਬਾਅਦ ਦੀ ਕਵਿਤਾ ਨੂੰ ਅਜੋਕੇ ਕਾਰਪੋਰੇਟੀ ਜਗਤ ਵਿੱਚ ਮਨੁੱਖ ਨੂੰ ਮਸ਼ੀਨ ਵਿੱਚ ਤਬਦੀਲ ਕੀਤੇ ਜਾਣ ਖ਼ਿਲਾਫ਼ ਨਾਬਰੀ ਅਤੇ ਵਿਦਰੋਹ ਦੀ ਕਵਿਤਾ ਦੱਸਿਆ। ਡਾ: ਸਿਰਸਾ ਨੇ ਕਿਹਾ ਕਿ ਜਦੋਂ ਵਕਤ ਅਤੇ ਹਾਲਾਤ ਬੰਦੇ ਦੀ ਹੋਂਦ ਦੇ ਖ਼ਿਲਾਫ਼ ਹੋਣ ਤਾਂ ਮੁਹੱਬਤ ਦੀ ਕਵਿਤਾ ਬੰਦਿਆਈ ਵਿੱਚ ਮਨੁੱਖ ਦਾ ਯਕੀਨ ਦ੍ਰਿੜ੍ਹ ਕਰਵਾਉਂਦੀ ਹੈ। ਇਸੇ ਲਈ ਅਨਿਲ ਦੀ ਕਵਿਤਾ ਮੁਹੱਬਤ ਅਤੇ ਸੱਭਿਆਚਾਰ ਦੀ ਰਾਜਨੀਤੀ ਦੀ ਕਵਿਤਾ ਹੈ। ਕਰੀਬ ਸਾਢੇ ਤਿੰਨ ਘੰਟੇ ਚੱਲੇ ਇਸ ਭਾਵਪੂਰਤ ਸਮਾਗਮ ਤਾਸਮਨ ਦੇ ਸੰਪਾਦਕ ਹਰਮਨਦੀਪ ਸਿੰਘ ਆਸਟ੍ਰੇਲੀਆ, ਬਲਰਾਜ ਧਾਲੀਵਾਲ ਕੈਨੇਡਾ, ਰਾਜੀਵ ਖ਼ਿਆਲ, ਸੰਦੀਪ ਚੌਧਰੀ, ਸੁਰਿੰਦਰ ਕੰਬੋਜ, ਲਾਲ ਸਿੰਘ ਸੁਲਹਾਣੀ, ਸਰਬਜੀਤ ਸਿੰਘ ਭਾਵੜਾ, ਸੁਖਦੇਵ ਸਿੰਘ ਭੱਟੀ, ਰਿਸ਼ੀ ਹਿਰਦੇਪਾਲ, ਸੁਖਦੇਵ ਮਠਾੜੂ, ਗੌਰਵ ਸਾਗਰ ਭਾਸਕਰ, ਮਨਜੀਤ ਸੂਖ਼ਮ, ਡਾ: ਅਜ਼ਾਦਵਿੰਦਰ, ਕਮਲ ਸ਼ਰਮਾ, ਡਾ: ਸਤਿੰਦਰ ਸਿੰਘ, ਡਾ: ਗੁਰਪ੍ਰੀਤ ਕੌਰ, ਉੱਘੇ ਗਾਇਕ ਕਮਲ ਦ੍ਰਾਵਿੜ, ਰਣਦੀਪ ਕੌਰ, ਮਹਿੰਦਰ ਸ਼ੈਲੀ, ਜਬਰ ਮਾਹਲਾ, ਗਾਇਕ ਗਿੱਲ ਗੁਲਾਮੀ ਵਾਲਾ, ਰਾਕੇਸ਼ ਪਾਲ, ਅਵਤਾਰ ਸਿੰਘ ਪੁਰੀ, ਭੁਪਿੰਦਰ ਜੈਤੋ, ਪ੍ਰੀਤ ਜੱਗੀ, ਸੁਖਵਿੰਦਰ ਭੁੱਲਰ, ਦਲੀਪ ਸਿੰਘ ਸੈਣੀ, ਹਰਜੀਤ ਸਿੱਧੂ, ਅਜੀਤਪਾਲ ਜਟਾਣਾ ਜ਼ਿਲ੍ਹਾ ਭਾਸ਼ਾ ਅਫ਼ਸਰ ਮੋਗਾ, ਫ਼ਿਲਮ ਅਭਿਨੇਤਾ ਹਰਿੰਦਰ ਭੁੱਲਰ, ਗੁਰਨਾਮ ਸਿੱਧੂ, ਜਸਵਿੰਦਰ ਧਰਮਕੋਟ, ਗੁਰਮੀਤ ਰੱਖੜਾ ਕੜਿਆਲ, ਗੁਰਦਰਸ਼ਨ ਆਰਿਫ਼ ਕੇ, ਸੰਜੀਵ ਜੈਨ, ਦਲਜੀਤ ਸਿੰਘ ਦੌਧਰ, ਸਪਨ, ਮੰਗਤ ਬਜੀਦਪੁਰੀ, ਪ੍ਰੋ: ਲਕਸ਼ਿਮੰਦਰ, ਇੰਦਰ ਸਿੰਘ ਸਮੇਤ ਬਹੁਤ ਸਾਰੇ ਸਾਹਿਤ ਪ੍ਰੇਮੀਆਂ ਨੇ ਹਿੱਸਾ ਲਿਆ। ਕਲਾਪੀਠ ਫ਼ਿਰੋਜ਼ਪੁਰ ਵੱਲੋਂ ਆਏ ਹੋਏ ਵਿਦਵਾਨ ਮਹਿਮਾਨਾਂ ਦਾ ਸਨਮਾਨ ਕੀਤਾ ਗਿਆ। ਹਰਮੀਤ ਵਿਦਿਆਰਥੀ ਨੇ ਆਏ ਹੋਏ ਮਹਿਮਾਨਾਂ ਦਾ ਸ਼ੁਕਰੀਆ ਅਦਾ ਕਰਦਿਆਂ ਕਲਾਪੀਠ ਦੀਆਂ ਭਵਿੱਖੀ ਯੋਜਨਾਵਾਂ ਦੀ ਜਾਣਕਾਰੀ ਦਿੱਤੀ ਕਿ ਕਲਾਪੀਠ ਵੱਲੋਂ ਅਨਿਲ ਆਦਮ ਯਾਦਗਾਰੀ ਕਵਿਤਾ ਪੁਰਸਕਾਰ ਦੀ ਸਥਾਪਨਾ ਕੀਤੀ ਗਈ ਹੈ ਜੋ ਕਿ ਹਰ ਸਾਲ ਦਸੰਬਰ ਮਹੀਨੇ ਵਿੱਚ ਦਿੱਤਾ ਜਾਵੇਗਾ। ਜਦੋਂ ਕਿ ਪੰਜਾਬੀ ਕਵਿਤਾ ਅਤੇ ਸਮਾਜ ਦੀਆਂ ਵਿਭਿੰਨ ਪਰਤਾਂ ਦਾ ਵਿਸ਼ਲੇਸ਼ਣ ਕਰਨ ਲਈ ਅਨਿਲ ਆਦਮ ਯਾਦਗਾਰੀ ਲੈਕਚਰ ਸੀਰੀਜ਼ ਸ਼ੁਰੂ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜੀ ਦਾ ਜਨਮ ਦਿਹਾੜਾ ਮਨਾਉਣ ਸਬੰਧੀ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ—ਹਰਭਜਨ ਸਿੰਘ ਦੜਿਆਲਾ



ਫ਼ਿਰੋਜ਼ਪੁਰ, 22 ਅਪ੍ਰੈਲ (ਮਨੋਹਰ ਲਾਲ) :— ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜੀ ਦਾ 5 ਮਈ ਨੂੰ ਜਨਮ ਦਿਹਾੜਾ ਮਨਾਉਣ ਸਬੰਧੀ ਮੀਟਿੰਗਾਂ ਦਾ ਅਗਾਜ਼ ਸ਼ੁਰੂ ਹੋ ਗਿਆ ਹੈ। ਇਸੇ ਸਬੰਧੀ ਹਰਭਜਨ ਸਿੰਘ ਦੜਿਆਲਾ ਜ਼ਿਲਾ ਪ੍ਰਧਾਨ ਫਿਰੋਜ਼ਪੁਰ ਦੇ ਦਫ਼ਤਰ ਵਿਖੇ ਮੀਟਿੰਗ ਹੋਈ, ਜਿਸ ਵਿਚ ਜਨਮ ਦਿਹਾੜੇ ਨੂੰ ਮਨਾਉਣ ਸਬੰਧੀ ਵਿਚਾਰ ਚਰਚਾ ਕੀਤੀ ਗਈ ਅਤੇ ਸਰਬਸੰਮਤੀ ਨਾਲ ਮਤੇ ਪਾਸ ਕੀਤੇ ਗਏ। ਇਸ ਮੌਕੇ ਫੈਸਲਾ ਕੀਤਾ ਗਿਆ ਕਿ 5 ਮਈ ਨੂੰ ਗੁਰਦੁਆਰਾ ਬਾਬਾ ਵਿਸ਼ਵਕਰਮਾ ਅਮ੍ਰਿਤਸਰੀ ਗੇਟ ਵਿਖੇ ਮਨਾਇਆ ਜਾਵੇਗਾ ਸੁਸਾਇਟੀ ਆਗੂਆਂ ਨੇ ਦੱਸਿਆ ਕਿ ਇਸ ਸਮਾਗਮ ਵਿਚ ਮੈਡੀਕਲ ਕੈਂਪ ਵੀ ਲਗਾਏ ਜਾਣਗੇ ਅਤੇ ਸੰਗਤਾਂ ਵਾਸਤੇ ਲੰਗਰ ਅਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਜਾਣਗੀਆਂ। ਇਹ ਸਮਾਗਮ ਸਾਰੀਆਂ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾਵੇਗਾ। ਇਸ ਮੌਕੇ ਮਨਜੀਤ ਸਿੰਘ ਔਲਖ ਪੰਜਾਬ ਪ੍ਰਧਾਨ, ਭਗਵਾਨ ਸਿੰਘ ਦੜਿਆਲਾ ਕੌਮੀ ਚੈਅਰਮੈਨ ਪੰਜਾਬ, ਅੰਗਰੇਜ਼ ਸਿੰਘ ਫੌਜੀ ਵਾਈਸ ਚੇਅਰਮੈਨ, ਜਸਬੀਰ ਸਿੰਘ ਕਲਸੀ ਜਰਨਲ ਸਕੱਤਰ ਪੰਜਾਬ, ਸੁਖਮਿੰਦਰ ਸਿੰਘ ਜੱਬਲ ਮੀਤ ਪ੍ਰਧਾਨ, ਸ਼ਮਸ਼ੇਰ ਸਿੰਘ ਕਲਸੀ ਸੂਬਾ ਮੀਤ ਪ੍ਰਧਾਨ, ਅਵਤਾਰ ਸਿੰਘ ਦੜਿਆਲਾ, ਸੁਖਚੈਨ ਸਿੰਘ ਖਾਲਸਾ, ਗੁਰਵਿੰਦਰ ਸਿੰਘ ਨਕਸ਼ਿਆਂ ਵਾਲਿਆਂ ਨੇ ਸਾਰੀਆਂ ਸੰਗਤਾਂ ਨੂੰ 5 ਮਈ ਨੂੰ ਗੁਰਦੁਵਾਰਾ ਸਾਹਿਬ ਵਿਖੇ ਹਾਜ਼ਰੀ ਭਰਨ ਲਈ ਬੇਨਤੀ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਮੁਫਤ ਸ਼ੂਗਰ ਚੈਕਅਪ ਕੈਂਪ ਦਾ ਕੀਤਾ ਆਯੋਜਨ



ਫ਼ਿਰੋਜ਼ਪੁਰ, 22 ਅਪ੍ਰੈਲ (ਮਨੋਹਰ ਲਾਲ) :— ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਵੱਲੋਂ ਅੱਜ ਡਾਕਟਰ ਅਨਿਲ ਬਾਗੀ ਪਾਰਕ ਫ਼ਿਰੋਜ਼ਪੁਰ ਸ਼ਹਿਰ ਵਿਖੇ ਸ੍ਰੀ ਦੀਵਾਨ ਚੰਦ ਸੁਖੀਜਾ ਚੇਅਰਮੈਨ ਅਤੇ ਸ੍ਰੀ ਕਿਸ਼ਨ ਚੰਦ ਜਾਗੋਵਾਲੀਆ ਦੀ ਅਗਵਾਈ ਹੇਠ, ਬਰਮ ਕੁਮਾਰੀਆ ਫ਼ਿਰੋਜ਼ਪੁਰ ਸ਼ਹਿਰ ਦੇ ਸਹਿਯੋਗ ਨਾਲ ਮੁਫਤ ਸ਼ੂਗਰ ਚੈਕਅਪ ਕੈਂਪ ਲਾਇਆ ਗਿਆ। ਇਸ ਮੌਕੇ 50 ਦੇ ਕਰੀਬ ਆਏ ਲੋਕਾਂ ਦੀ ਸ਼ੂਗਰ ਚੈਕ ਕੀਤੀ ਗਈ। ਡਾਕਟਰ ਦੀਵਾਨ ਚੰਦ ਸੁਖੀਜਾ ਅਤੇ ਸ੍ਰੀ ਅਸ਼ੋਕ ਕੁਮਾਰ ਚੁੱਘ ਨੇ ਆਏ ਲੋਕਾਂ ਨੂੰ ਸ਼ੂਗਰ ਹੋਣ ਦੇ ਕਾਰਣ ਅਤੇ ਇਲਾਜ ਬਾਰੇ ਜਾਣਕਾਰੀ ਸਾਂਝੀ ਕੀਤੀ। ਬਰਮਕੁਮਾਰੀ ਦਫਤਰ ਵੱਲੋਂ ਸੁਸਾਇਟੀ ਅਤੇ ਹੋਰ ਆਏ ਲੋਕਾਂ ਨੂੰ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਪੱਤਰਕਾਰ ਕੰਵਰਜੀਤ ਜੈਂਟੀ ਨੂੰ ਸਦਮਾ—ਪਿਤਾ ਦੀ ਮੌਤ



ਫ਼ਿਰੋਜ਼ਪੁਰ, 22 ਅਪ੍ਰੈਲ (ਮਨੋਹਰ ਲਾਲ) :— ਗੁਰਦੁਆਰਾ ਸਿੰਘ ਸਭਾ ਅਕਾਲਗੜ੍ਹ ਸਾਹਿਬ ਦੇ ਸਾਬਕਾ ਪ੍ਰਧਾਨ ਅਤੇ ਮੌਜੂਦਾ ਚੇਅਰਮੈਨ ਕਸ਼ਮੀਰ ਸਿੰਘ ਦੀ ਹਾਰਟ ਅਟੈਕ ਨਾਲ ਮੌਤ ਹੋ ਜਾਣ ਦੀ ਦੁਖਦਾਈ ਖ਼ਬਰ ਹੈ। ਸ੍ਰੀ ਕਸ਼ਮੀਰ ਸਿੰਘ ਪੱਤਰਕਾਰ ਅਤੇ ਏਕਲ ਵਿਦਿਆਲਯ ਦੇ ਪੰਜਾਬ ਪੱਧਰੀ ਆਗੂ ਕੰਵਰਜੀਤ ਸਿੰਘ ਜੈਂਟੀ ਦੇ ਪਿਤਾ ਸਨ। ਕੱਲ੍ਹ ਦੇਰ ਸ਼ਾਮ ਉਨ੍ਹਾਂ ਦੀ ਹਾਰਟ ਅਟੈਕ ਨਾਲ ਮੌਤ ਹੋ ਗਈ, ਉਹ 72 ਸਾਲਾਂ ਦੇ ਸਨ। ਅੱਜ ਜ਼ੀਰਾ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਉਨ੍ਹਾਂ ਦਾ ਅੰਤਿਮ ਸੰਸਕਾਰ ਕੀਤਾ ਗਿਆ, ਜਿਥੇ ਉਨ੍ਹਾਂ ਦੇ ਰਿਸ਼ਤੇਦਾਰਾਂ, ਦੋਸਤਾਂ ਮਿੱਤਰਾਂ ਨੇ ਹੰਝੂਆਂ ਭਰੀ ਸ਼ਰਧਾਂਜਲੀ ਦਿੱਤੀ। ਅੱਜ ਇਥੇ ਸਤਲੁਜ ਪ੍ਰੈੱਸ ਕਲੱਬ ਫ਼ਿਰੋਜ਼ਪੁਰ ਦੇ ਪ੍ਰਧਾਨ ਗੁਰਨਾਮ ਸਿੱਧੂ, ਚੇਅਰਮੈਨ ਵਿਜੇ ਸ਼ਰਮਾ, ਮੀਤ ਪ੍ਰਧਾਨ ਨਰਿੰਦਰ ਕੇਸਰ, ਗੁਰਦਰਸ਼ਨ ਸੰਧੂ, ਕਪਿਲ ਸੇਠੀ, ਮਨੋਹਰ ਲਾਲ, ਸੁਖਵਿੰਦਰ ਸਿੰਘ, ਸਰਬਜੀਤ ਸਿੰਘ, ਮਹਾਂਵੀਰ ਝੋਕ, ਅਮਨ ਅਰੋੜਾ, ਰਾਕੇਸ਼ ਕਪੂਰ, ਮੁਨੀਸ਼ ਬਾਵਾ, ਭਾਜਪਾ ਦੇ ਸਰਬਜੀਤ ਬੌਬੀ, ਅਸ਼ਵਨੀ ਗਰੋਵਰ, ਦਵਿੰਦਰ ਬਜਾਜ, ਲਾਲੋ ਹਾਂਡਾ, ਰਾਜਿੰਦਰ ਹਾਂਡਾ, ਬਲਿਹਾਰ ਸਿੰਘ, ਅਮਰੀਕ ਸਿੰਘ, ਉਪਕਾਰ ਸਿੰਘ, ਅਸ਼ੋਕ ਪੁਰੀ, ਇੰਦਰ ਗੁਪਤਾ, ਵਿਜੇ ਬਹਿਲ ਆਦਿ ਨੇ ਕੰਵਰਜੀਤ ਜੈਂਟੀ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।

### ਸਵੀਪ ਟੀਮ ਨੇ ਵਿਸ਼ਵ ਧਰਤ ਦਿਵਸ ਮੌਕੇ

# ਚੋਣਾਂ ਦੌਰਾਨ ਵਾਤਾਵਰਨ ਸੰਭਾਲ ਦਾ ਦਿੱਤਾ ਸੰਦੇਸ਼






## ਹਾਰਮੋਨੀ ਕਾਲਜ ਵਿੱਚ ਵਾਤਾਵਰਨ ਸੰਭਾਲ ਅਤੇ ਵੋਟਰ ਜਾਗਰੂਕਤਾ ਸਮਾਗਮ ਆਯੋਜਿਤ

ਫ਼ਿਰੋਜ਼ਪੁਰ, 22 ਅਪ੍ਰੈਲ (ਮਨੋਹਰ ਲਾਲ) :— ਡਿਪਟੀ ਕਮਿਸ਼ਨਰ—ਕਮ—ਜ਼ਿਲ੍ਹਾ ਚੋਣ ਅਫ਼ਸਰ ਫਿਰੋਜ਼ਪੁਰ ਸ੍ਰੀ ਰਾਜੇਸ਼ ਧੀਮਾਨ ਆਈ.ਏ.ਐਸ ਦੀ ਅਗਵਾਈ ਵਿਚ ਵੋਟਰ ਜਾਗਰੂਕਤਾ ਲਈ ਚੱਲ ਰਹੀ ਸਵੀਪ ਮੁਹਿੰਮ ਤਹਿਤ ਨਿਵੇਕਲਾ ਉਪਰਾਲਾ ਕਰਦਿਆਂ ਸਥਾਨਕ ਹਾਰਮੋਨੀ ਆਯੁਰਵੈਦਿਕ ਮੈਡੀਕਲ ਕਾਲਜ ਵਿੱਚ ਸਮਾਜ ਸੇਵੀ ਸੰਸਥਾ ਐਗਰੀਡ ਫਾਊਂਡੇਸ਼ਨ ਅਤੇ ਧਰਮਪਾਲ ਬਾਂਸਲ ਚੇਅਰਮੈਨ ਹਾਰਮੋਨੀ ਕਾਲਜ ਦੇ ਸਹਿਯੋਗ ਨਾਲ ਵਿਸ਼ਵ ਧਰਤ ਦਿਵਸ ਮੌਕੇ ਵਾਤਾਵਰਨ ਸੰਭਾਲ ਅਤੇ ਵੋਟਰ ਜਾਗਰੂਕਤਾ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਡਾ: ਚਾਰੂਮਿਤਾ ਐਸ.ਡੀ.ਐਮ ਫਿਰੋਜ਼ਪੁਰ ਬਤੌਰ ਮੁੱਖ ਮਹਿਮਾਨ ਪਹੁੰਚੇ, ਉਨ੍ਹਾਂ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿਚ ਸਵੀਪ ਟੀਮ ਵੱਲੋਂ ਕਰਵਾਈਆਂ ਜਾ ਰਹੀਆਂ ਵੋਟ ਜਾਗਰੂਕਤਾ ਗਤੀਵਿਧੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਵੀਪ ਗਤੀਵਿਧੀਆਂ ਰਾਹੀਂ ਲੋਕਾਂ, ਨੌਜਵਾਨਾਂ ਅਤੇ ਖਾਸ ਕਰਕੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਵੋਟ ਦੇ ਅਧਿਕਾਰ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾ ਰਹੀ ਹੈ ਤਾਂ ਜੋ ਉਹ ਆਪਣੀ ਕੀਮਤੀ ਵੋਟ ਦੀ ਵਰਤੋਂ ਕਰਨ ਤੋਂ ਵਾਂਝੇ ਨਾ ਰਹਿ ਜਾਣ। ਉਨ੍ਹਾਂ ਕਿਹਾ ਕਿ ਮਜ਼ਬੂਤ ਲੋਕਤੰਤਰ ਲਈ ਵੋਟ ਬਹੁਤ ਜ਼ਰੂਰੀ ਹੈ ਅਤੇ ਹਰ ਵੋਟ ਦਾ ਆਪਣਾ ਮਹੱਤਵ ਹੈ ਅਤੇ ਹਰੇਕ ਯੋਗ ਵਿਅਕਤੀ ਨੂੰ ਵੋਟ ਵਾਲੇ ਦਿਨ ਆਪਣੀ ਵੋਟ ਜ਼ਰੂਰ ਪਾਉਣੀ ਚਾਹੀਦੀ, ਉਨ੍ਹਾਂ ਨੇ ਵਾਤਾਵਰਣ ਪ੍ਰਦੂਸ਼ਣ ਕਾਰਨ ਹੋ ਰਹੇ ਨੁਕਸਾਨ ਪ੍ਰਤੀ ਚੇਤੰਨ ਕਰਦਿਆਂ ਕਿਹਾ ਕਿ ਹਰ ਨਾਗਰਿਕ ਦਾ ਫਰਜ਼ ਬਣਦਾ ਹੈ ਕਿ ਉਹ ਵਾਤਾਵਰਨ ਸੰਭਾਲ ਵਿੱਚ ਬਨਦਾ ਸਹਿਯੋਗ ਕਰੇ।ਜਿਲਾ ਸਵੀਪ ਕੋਆਰਡੀਨੇਟਰ ਡਾਕਟਰ ਸਤਿੰਦਰ ਸਿੰਘ ਨੇ ਆਏ ਮਹਿਮਾਨਾਂ ਦਾ ਰਸਮੀ ਤੌਰ ਤੇ ਸਵਾਗਤ ਕੀਤਾ। ਉਨਾਂ ਨੇ ਵਿਸ਼ਵ ਧਰਤ ਦਿਵਸ ਦੀ ਮਹੱਤਤਾ ਉੱਪਰ ਚਾਨਣਾ ਪਾਉਂਦਿਆਂ ਕਿਹਾ ਕਿ ਧਰਤੀ ਮਾਂ ਨੂੰ ਖੁਸ਼ਹਾਲ ਅਤੇ ਸਿਹਤਮੰਦ ਬਣਾਉਣਾ ਸਮੇਂ ਦੀ ਵੱਡੀ ਜਰੂਰਤ ਹੈ, ਇਸੇ ਉਦੇਸ਼ ਨੂੰ ਲੈ ਕੇ ਲੋਕ ਸਭਾ ਚੋਣਾਂ 2024 ਮੌਕੇ ਰਾਜਨੀਤਿਕ ਪਾਰਟੀਆਂ ਨੂੰ ਚੋਣਾਂ ਦੌਰਾਨ ਈਕੋ ਫਰੈਂਡਲੀ ਚੋਣ ਸਮਗਰੀ ਦੀ ਵਰਤੋਂ ਕਰਨ, ਆਵਾਜ਼ ਪ੍ਰਦੂਸ਼ਣ ਰੋਕਣ, ਵਹੀਕਲਸ ਅਤੇ ਪਲਾਸਟਿਕ ਦੇ ਸਮਾਨ ਦੀ ਘੱਟ ਤੋਂ ਘੱਟ ਵਰਤੋਂ ਕਰਨ ਦੀ ਅਪੀਲ ਅਤੇ ਪ੍ਰੇਰਨਾ ਲਈ ਇਹ ਸਮਾਗਮ ਕਰਵਾਇਆ ਗਿਆ ਹੈ।

ਇਸ ਮੌਕੇ ਸ੍ਰੀ ਧਰਮਪਾਲ ਬਾਂਸਲ, ਅਸ਼ੋਕ ਬਹਿਲ, ਪਰਮਿੰਦਰ ਸਿੰਘ ਬਿੰਦ, ਵਿਜੇ ਵਿਕਟਰ, ਬਲਕਾਰ ਸਿੰਘ ਗਿੱਲ, ਯੋਗੇਸ਼ ਤਲਵਾੜ ਅਤੇ ਰਜਨੀ ਜੱਗਾ ਨੇ ਆਪਣੇ ਸੰਬੋਧਨ ਵਿੱਚ ਵਾਤਾਵਰਨ ਸੰਭਾਲ ਅਤੇ ਵੋਟ ਦੀ ਮਹੱਤਤਾ ਸਬੰਧੀ ਵੱਡਮੁੱਲੀ ਜਾਣਕਾਰੀ ਸਰੋਤਿਆਂ ਨਾਲ ਸਾਂਝੀ ਕੀਤੀ।

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੀਰਾ ਘਾਰਾ ਦੀ ਵਿਦਿਆਰਥਨ ਮਨਦੀਪ ਕੌਰ ਨੇ ਕਵਿਤਾ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਅਤੇ ਸਰੋਤਿਆਂ ਨੇ ਖੂਬ ਪ੍ਰਸ਼ੰਸਾ ਪ੍ਰਾਪਤ ਕੀਤੀ।ਪੋਸਟਰ ਮੇਕਿੰਗ ਮੁਕਾਬਲੇ ਅਤੇ ਰੰਗੋਲੀ ਮੁਕਾਬਲਿਆਂ ਰਾਹੀਂ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਫਿਰੋਜ਼ਪੁਰ ਅਤੇ ਹਾਰਮੋਨੀ ਆਯੁਰਵੈਦਿਕ ਮੈਡੀਕਲ ਦੇ ਵਿਦਿਆਰਥੀਆਂ ਨੇ ਖੂਬਸੂਰਤ ਅਤੇ ਦਿਲ ਖਿੱਚਵੇਂ ਤਰੀਕੇ ਨਾਲ ਵਾਤਾਵਰਨ ਬਚਾਉਣ ਅਤੇ ਵੋਟ ਦੀ ਮਹੱਤਤਾ ਦਾ ਸੰਦੇਸ਼ ਦਿੱਤਾ।ਸਵੀਪ ਕੋਆਰਡੀਨੇਟਰ ਕਮਲ ਸ਼ਰਮਾ ਨੇ ਸਵੀਪ ਮੁਹਿੰਮ ਦੀਆਂ ਗਤੀਵਿਧੀਆਂ ਸਬੰਧੀ ਜਾਣਕਾਰੀ ਦਿੱਤੀ ਅਤੇ ਵਾਤਾਵਰਨ ਸੰਭਾਲ ਲਈ ਰਾਜਨੀਤਕ ਪਾਰਟੀਆਂ ਨੂੰ ਕੀਤੀ ਅਪੀਲ ਬਾਰੇ ਜਾਣਕਾਰੀ ਦਿੱਤੀ।ਮੰਚ ਸੰਚਾਲਨ ਦੀ ਭੂਮਿਕਾ ਸਰਬਜੀਤ ਸਿੰਘ ਭਾਵੜਾ ਨੇ ਬਾਖੂਬੀ ਨਿਭਾਈ।

ਇਸ ਮੌਕੇ ਚਾਂਦ ਪ੍ਰਕਾਸ਼ ਚੋਣ ਤਹਿਸੀਲਦਾਰ,ਅਸ਼ੋਕ ਬਹਿਲ ਸਕੱਤਰ ਰੈਡ ਕਰਾਸ, ਯੋਗੇਸ਼ ਬਾਂਸਲ ਡਾਇਰੈਕਟਰ, ਗਗਨ ਦੀਪ ਕੌਰ ਚੋਣ ਕਾਨੂੰਗੋ, ਪ੍ਰਿੰਸੀਪਲ ਡਾ ਸੁਮਨ ਬਾਲਾ, ਡਾਇਟ ਪ੍ਰਿੰਸੀਪਲ ਸੀਮਾ ਪੁੰਛੀ, ਰਜਨੀ ਜੱਗਾ, ਆਰਤੀ ਸਚਦੇਵਾ, ਗੌਰਵ ਮੁੰਜਾਲ, ਰਜਿੰਦਰ ਕੁਮਾਰ ਮੈਂਬਰ ਸਵੀਪ ਟੀਮ, ਬਲਕਾਰ ਸਿੰਘ ਗਿੱਲ, ਸੋਨੂੰ ਕਸ਼ਅਪ, ਸਮੀਰ ਕੁਮਾਰ, ਸ਼ਮਾ ਰਾਣੀ, ਪ੍ਰਵੀਨ ਸੇਠੀ, ਪਿੱਪਲ ਸਿੰਘ, ਵਿਜੇ ਵਿਕਟਰ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਚੋਣ ਤਹਿਸੀਲਦਾਰ ਦਫ਼ਤਰ ਦਾ, ਸਟਾਫ਼, ਸਮੁੱਚੀ ਸਵੀਪ ਟੀਮ ਅਤੇ ਕਾਲਜ ਦਾ ਸਟਾਫ਼ ਵਿਸ਼ੇਸ਼ ਹਾਜ਼ਰ ਸੀ।

### ਹਰ ਸਿੱਖ ਕੇਸਾਧਾਰੀ, ਅੰਮ੍ਰਿਤਧਾਰੀ, ਸ਼ਸਤਰਧਾਰੀ ਹੋਵੇ ਤੇ ਗੁਰੂ ਦੇ ਲੜ ਲੱਗੇ : ਸਿੰਘ ਸਾਹਿਬ ਬਲਵਿੰਦਰ ਸਿੰਘ/ਭਾਈ ਰਣਜੀਤ ਸਿੰਘ

# ਖ਼ਾਲਸੇ ਦੇ ਪ੍ਰਗਟ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ



**ਅੰਮ੍ਰਿਤਸਰ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਖ਼ਾਲਸੇ ਦੇ ਪ੍ਰਗਟ ਦਿਹਾੜੇ ਨੂੰ ਸਮਰਪਿਤ ਤੀਸਰਾ ਮਹਾਨ ਗੁਰਮਤਿ ਸਮਾਗਮ ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਨਿਊ ਜਸਪਾਲ ਨਗਰ 'ਚ ਨਗਰ ਨਿਵਾਸੀ ਸੰਗਤਾਂ ਵੱਲੋਂ ਸ਼ਰਧਾ-ਭਾਵਨਾ ਸਹਿਤ ਕਰਵਾਇਆ ਗਿਆ।ਸਮਾਗਮ 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਜੀ, ਸਿੱਖ ਪ੍ਰਚਾਰਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ (ਪ੍ਰਧਾਨ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ), ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ ਵਾਲੇ, ਬਾਬਾ ਮੇਜਰ ਸਿੰਘ ਸੋਢੀ ਦਸਮੇਸ਼ ਤਰਨਾ ਦਲ, ਗਿਆਨੀ ਤੇਜਬੀਰ ਸਿੰਘ ਦਮਦਮੀ ਟਕਸਾਲ ਅਜਨਾਲਾ, ਭਾਈ ਜਤਿੰਦਰ ਸਿੰਘ ਅਕਾਲੀ ਬੁੱਢਾ ਦਲ ਨਿਹੰਗ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਅਤੇ ਸੰਗਤਾਂ ਨੂੰ ਕੇਸਾਧਾਰੀ, ਅੰਮ੍ਰਿਤਧਾਰੀ ਤੇ ਸ਼ਸਤਰਧਾਰੀ ਹੋਣ ਲਈ ਪ੍ਰੇਰਿਆ। ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਨਰਿੰਦਰ ਸਿੰਘ, ਹਜ਼ੂਰੀ ਰਾਗੀ ਭਾਈ ਜਗਰੂਪ ਸਿੰਘ ਖ਼ਾਲਸਾ, ਪ੍ਰਸਿੱਧ ਰਾਗੀ ਭਾਈ ਜਗਦੀਪ ਸਿੰਘ ਰਾਜੇਵਾਲ, ਭਾਈ ਦਿਲਬਾਗ ਸਿੰਘ, ਭਾਈ ਇੰਦਰਜੀਤ ਸਿੰਘ ਅਤੇ ਨਿਸ਼ਕਾਮ ਕੀਰਤਨੀ ਜਥਾ ਨਾਮ ਸਿਮਰਨ ਸੇਵਕ ਸਭਾ ਨੇ ਹਰ ਜਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਅਤੇ ਫ਼ੈਡਰੇਸ਼ਨ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਦਸਮੇਸ਼ ਪਾਤਸ਼ਾਹ ਜੀ ਨੇ ਗੁਰੂ ਨਾਨਕ ਸਾਹਿਬ ਜੀ ਦੇ ਨਿਰਮਲ ਪੰਥ ਨੂੰ ਖਾਲਸਾ ਪੰਥ ਦਾ ਰੂਪ ਦਿੱਤਾ, ਚਰਨ ਪਾਹੁਲ ਨੂੰ ਖੰਡੇ ਬਾਟੇ ਦੇ ਅੰਮ੍ਰਿਤ 'ਚ ਬਦਲਿਆ, ਰਬਾਬ ਤੋਂ ਕਿਰਪਾਨ ਦਾ ਸਫਰ ਤੈਅ ਕੀਤਾ, ਕਰਤਾਰਪੁਰ ਸਾਹਿਬ ਤੋਂ ਅਨੰਦਪੁਰ ਸਾਹਿਬ ਦਾ ਇਤਿਹਾਸ ਸਿਰਜਿਆ ਅਤੇ ਨਿਮਾਣਿਆ, ਨਿਤਾਣਿਆਂ ਤੇ ਲਤਾੜੇ ਹੋਏ ਲੋਕਾਂ ਨੂੰ ਮਹਾਨ ਯੋਧੇ ਬਣਾਇਆ, ਮੁਗਲ ਹਾਕਮਾਂ ਅਤੇ ਹਿੰਦੂ ਬਾਈਧਾਰ ਦੇ ਰਾਜਿਆਂ ਨਾਲ ਡਟਵੀਂ ਟੱਕਰ ਲਈ।1699 ਦੀ ਵੈਸਾਖੀ ਨੂੰ ਅਜਿਹੀ ਕ੍ਰਾਂਤੀ ਆਈ ਜਿਸ ਨੇ ਖਾਲਸਾ ਰਾਜ ਸਥਾਪਿਤ ਕੀਤਾ। ਉਹਨਾਂ ਕਿਹਾ ਕਿ ਦੇਹਧਾਰੀ ਗੁਰੂਡੰਮ੍ਹ, ਪਖੰਡੀਆਂ, ਮੜੀਆਂ-ਮਸਾਣਾਂ ਦਾ ਖਹਿੜਾ ਛੱਡ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗੀਏ। ਉਹਨਾਂ ਕਿਹਾ ਗੁਰੂ ਨਾਨਕ ਸਾਹਿਬ ਜੀ ਦੇ ਬਚਨ "ਜਉ ਤਉ ਪ੍ਰੇਮ ਖੇਲਣ ਕਾ ਚਾਉ॥ ਸਿਰ ਧਰ ਤਲੀ ਗਲੀ ਮੇਰੀ ਆਉ॥" ਅਨੁਸਾਰ ਹੀ ਦਸਵੇਂ ਪਾਤਸ਼ਾਹ ਜੀ ਨੇ ਪੰਜ ਸਿਰਾਂ ਦੀ ਮੰਗ ਕੀਤੀ ਤੇ ਸਿੱਖ ਪਰਖ ਵਿੱਚ ਪੂਰੇ ਉੱਤਰੇ। ਸਮਾਗਮ ਦੌਰਾਨ ਭਾਈ ਰਾਜਬੀਰ ਸਿੰਘ ਖਾਲਸਾ, ਭਾਈ ਸਿਮਰਨ ਸਿੰਘ ਫੋਟੋ ਗ੍ਰਾਫ਼ਰ ਅਤੇ ਹੋਰ ਪ੍ਰਬੰਧਕਾਂ ਵੱਲੋਂ ਬੁਲਾਰਿਆਂ ਨੂੰ ਸਿਰੋਪਿਆਂ ਤੇ ਸ਼ੀਲਡਾਂ ਨਾਲ ਸਨਮਾਨਿਤ ਕੀਤਾ ਗਿਆ। ਗੁਰੂ ਕੇ ਲੰਗਰ ਅਤੁੱਟ ਵਰਤੇ।

# ਵਾਇਰਲ ਵੀਡੀਓ ਦੇ ਚਲਦਿਆਂ ਲਖਬੀਰ ਸਿੰਘ ਨੇ ਪੁਲਿਸ ਪ੍ਰਸ਼ਾਸਨ ਨੂੰ ਦਿੱਤਾ ਮੰਗ ਪੱਤਰ



**ਫ਼ਿਰੋਜ਼ਪੁਰ, 22 ਅਪ੍ਰੈਲ (ਮਨੋਹਰ ਲਾਲ)** :— ਧਾਰਮਿਕ ਜਥੇਬੰਦੀ ਦੇ ਸਰਗਰਮ ਆਗੂ ਨੇ ਸੀਨੀਅਰ ਕਪਤਾਨ ਪੁਲਿਸ ਫ਼ਿਰੋਜ਼ਪੁਰ ਨੂੰ ਲਿਖਤੀ ਸ਼ਿਕਾਇਤ ਵਿਚ ਮੰਗ ਕੀਤੀ ਕਿ ਆਤਮ ਹੱਤਿਆ ਕਰਨ ਦੀਆਂ ਵੀਡੀਓ ਬਣਾ ਕੇ ਉਸ ਨੂੰ ਗਲਤ ਕੇਸ ਵਿਚ ਫਸਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਗੱਲਬਾਤ ਕਰਦਿਆਂ ਲਖਬੀਰ ਸਿੰਘ ਨੇ ਦੱਸਿਆ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦਾ ਸਰਪ੍ਰਸਤ ਵਜੋਂ ਕੰਮ ਕਰਦਾ ਹੈ ਅਤੇ ਉਕਤ ਵਿਅਕਤੀ ਮੰਗਲ ਸਿੰਘ ਨੇ ਪੰਚਾਇਤੀ ਜਮੀਨ 21 ਮਰਲੇ ਪਰ ਨਜਾਇਜ਼ ਕਬਜ਼ਾ ਕੀਤਾ ਹੋਇਆ ਹੈ, ਜਿਸ ਸਬੰਧੀ ਮੰਗਲ ਸਿੰਘ ਦੇ ਖਿਲਾਫ ਫੌਜਦਾਰੀ ਮੁਕੱਦਮਾ ਥਾਣਾ ਆਰਿਫ ਕੇ ਵਿਖੇ ਦਰਜ ਹੈ। ਉਨ੍ਹਾਂ ਕਿਹਾ ਕਿ ਪੰਚਾਇਤ ਨਾਲ ਮਿਲ ਕੇ ਸਾਡੀ ਜਥੇਬੰਦੀ ਵੱਲੋਂ ਨਜਾਇਜ਼ ਕਬਜਫ ਛੁਡਾਉਣ ਦੀ ਕੋਸ਼ਿਸ਼ ਕੀਤੀ ਗਈ ਸੀ, ਜਿਸ ਕਾਰਨ ਉਕਤ ਮੰਗਲ ਸਿੰਘ ਤੇ ਉਸਦਾ ਲੜਕਾ ਉਸ ਵਿਰੁੱਧ ਝੂਠੀਆਂ ਦਰਖਾਸਤਾਂ ਦਿੰਦੇ ਆ ਰਹੇ ਹਨ। ਸ੍ਰੀ ਲਖਬੀਰ ਸਿੰਘ ਨੇ ਕਿਹਾ ਕਿ ਸੁੱਖਾ ਸਿੰਘ ਪੁੱਤਰ ਕ੍ਰਿਪਾਲ ਸਿੰਘ ਗਲਤ ਸ਼ਿਹ ਦਿੰਦਾ ਹੈ ਅਤੇ ਮਿਤੀ 26 ਜਨਵਰੀ ਨੂੰ ਸੁੱਖਾ ਸਿੰਘ ਨੇ ਮੇਰੇ ਪਰ ਹਮਲਾ ਕਰਨ ਲਈ ਮੇਰਾ ਰਸਤਾ ਰੋਕਿਆ ਸੀ ਤੇ ਹਮਲਾ ਕਰਨ ਦੀ ਕੋਸ਼ਿਸ਼ ਵੀ ਕੀਤੀ ਸੀ, ਜਿਸ ਸਬੰਧੀ ਮੇਰੇ ਬਿਆਨਾਂ ਤੇ ਉਕਤ ਸੁੱਖਾ ਸਿੰਘ ਵਗੈਰਾ ਵਿਰੁੱਧ ਥਾਣਾ ਆਰਿਫਕੇ ਖਿ ਮੁਕੱਦਮਾ ਦਰਜ ਹੈ ਅਤੇ ਇਸੀ ਰੰਜਿਸ਼ ਕਰਕੇ ਉਕਤ ਲੋਕ ਮੇਰਾ ਜਾਨੀ ਮਾਲੀ ਨੁਕਸਾਨ ਕਰਨ ਦੀ ਕੋਸ਼ਿਸ਼ ਵਿਚ ਹਨ ਅਤੇ ਮੈਨੂੰ ਝੂਠੇ ਕੇਸ ਵਿਚ ਫਸਾਉਣ ਦੀ ਤਾਕ ਵਿਚ ਹਨ। ਸ੍ਰੀ ਲਖਬੀਰ ਸਿੰਘ ਨੇ ਕਿਹਾ ਕਿ ਹੁਣ ਸੁੱਖਾ ਸਿੰਘ ਦੀ ਸ਼ਿਹ ਤੇ ਸੁਖਪ੍ਰੀਤ ਸਿੰਘ ਨੇ ਵੀਡੀਓ ਬਣਾ ਕੇ ਵਾਈਰਲ ਕਰ ਦਿੱਤੀ ਹੈ, ਜਿਸ ਵਿਚ ਮੇਰਾ ਅਤੇ ਜ਼ਸਬੀਰ ਸਿੰਘ ਪੁੱਤਰ ਅਮਰ ਸਿੰਘ ਦਾ ਨਾਮ ਲੈ ਕੇ ਗੱਲ ਕਰ ਰਹੇ ਹਨ ਅਤੇ ਸਾਨੂੰ ਨਜਾਇਜ਼ ਤੌਰ ਤੇ ਜਿੰਮੇਵਾਰ ਠਹਿਰਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਅਸੀਂ ਕਦੇ ਵੀ ਉਕਤ ਸੁਖਪ੍ਰੀਤ ਸਿੰਘ ਹੋਰਾਂ ਨੂੰ ਕੋਈ ਧਮਕੀ ਨਹੀਂ ਦਿੱਤੀ। ਉਨ੍ਹਾਂ ਦੋਸ਼ ਲਾਇਆ ਕਿ ਉਕਤ ਸੁਖਪ੍ਰੀਤ ਸਿੰਘ ਨਸ਼ੇ ਦਾ ਆਦੀ ਹੈ ਅਤੇ ਇਸ ਨੇ ਜ਼ੋ ਵੀਡੀਓ ਬਣਾ ਕੇ ਵਾਈਰਲ ਕੀਤੀ ਹੈ, ਉਹ ਵੀ ਇਸ ਨੇ ਨਸ਼ਾ ਕਰਕੇ ਵਾਇਰਲ ਕੀਤੀ ਹੈ, ਜੇਕਰ ਕੱਲ ਨੂੰ ਉਕਤ ਕੋਈ ਵੀ ਗਲਤ ਕਦਮ ਚੁੱਕਦਾ ਹੈ ਜਾਂ ਉਸਦਾ ਕੋਈ ਨੁਕਸਾਨ ਹੁੰਦਾ ਹੈ ਤਾਂ ਇਸ ਵਿਚ ਮੇਰਾ ਕੋਈ ਹੱਥ ਨਹੀਂ ਹੋਵੇਗਾ। ਉਨ੍ਹਾਂ ਕਿਹਾ ਕਿ ਉਕਤ ਸੁਖਪ੍ਰੀਤ ਸਿੰਘ ਵਿਰੁੱਧ ਅਤੇ ਇਸ ਨੂੰ ਸ਼.ਹਿ ਦੇਣ ਵਾਲੇ ਵਿਰੁੱਧ ਬਿਨ੍ਹਾਂ ਦੇਰੀ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਸ. ਸਿਮਰਨਜੀਤ ਸਿੰਘ ਮਾਨ ਵੱਲੋਂ ਲਹਿਰਾ ਵਿਖੇ ਚੋਣ ਦਫ਼ਤਰ ਦਾ ਉਦਘਾਟਨ, ਜੋ ਸਰਕਾਰਾਂ ਨੇ ਵਾਅਦੇ ਮੁਕਰੇ, ਉਹ ਅਸੀਂ ਪੂਰੇ ਕਰਵਾਵਾਂਗੇ: ਸਿਮਰਨਜੀਤ ਸਿੰਘ ਮਾਨ



**ਲਹਿਰਾਗਾਗਾ, 22 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਅਤੇ ਮੈਂਬਰ ਪਾਰਲੀਮੈਂਟ ਸ. ਸਿਮਰਨਜੀਤ ਸਿੰਘ ਮਾਨ ਨੇ ਬੀਤੀ ਦੇਰ ਸ਼ਾਮ ਲਹਿਰਾਗਾਗਾ ਵਿਖੇ ਪਾਰਟੀ ਦੇ ਚੋਣ ਦਫ਼ਤਰ ਦਾ ਉਦਘਾਟਨ ਕੀਤਾ, ਇਸ ਮੌਕੇ ਹਾਜਰੀਨ ਨੂੰ ਸੰਬੋਧਨ ਕਰਦਿਆਂ ਸ. ਮਾਨ ਨੇ ਕਿਹਾ ਕਿ ਭਾਜਪਾ, ਕਾਂਗਰਸ, ਅਕਾਲੀ ਦਲ (ਬਾਦਲ) ਤੇ ਆਮ ਆਦਮੀ ਪਾਰਟੀ ਸਾਰੀਆਂ ਨੇ ਹੁਣ ਤੱਕ ਸੂਬੇ ਦੇ ਲੋਕਾਂ ਨਾਲ ਧੋਖਾ ਹੀ ਕੀਤਾ ਹੈ, ਇਨ੍ਹਾਂ ਰਿਵਾਇਤੀ ਪਾਰਟੀਆਂ ਵੱਲੋਂ ਹਰ ਵਾਰ ਝੂਠੇ ਵਾਅਦੇ ਤੇ ਦਾਅਵੇ ਕਰਕੇ ਵੋਟਾਂ ਤਾਂ ਹਾਸਲ ਕਰ ਲਈਆਂ ਜਾਂਦੀਆਂ ਹਨ ਪਰ ਵਾਅਦੇ ਵਿੱਚ ਲੋਕਾਂ ਦੀ ਕੋਈ ਸੁਣਵਾਈ ਨਹੀਂ ਹੁੰਦੀ, ਪਾਰਲੀਮੈਂਟ ਵਿੱਚ ਲੋਕਾਂ ਦੇ ਹੱਕ ਦਾ ਕੋਈ ਮੁੱਦਾ ਨਹੀਂ ਉਠਾਇਆ ਜਾਂਦਾ, ਇਸ ਲਈ ਅਸੀਂ ਲੋਕਾਂ ਨੂੰ ਅਪੀਲ ਕਰਦੇ ਹਾਂ ਕਿ ਲੋਕ ਹੱਕਾਂ ਦੀ ਰਾਖੀ ਲਈ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਵੱਧ ਤੋਂ ਵੱਧ ਉਮੀਦਵਾਰ ਜਿਤਾਏ ਜਾਣ, ਤਾਂ ਜੋ ਜੋਰ-ਸ਼ੋਰ ਨਾਲ ਪਾਰਲੀਮੈਂਟ ਵਿੱਚ ਲੋਕ ਹੱਕਾਂ ਦੀ ਗੱਲ ਕੀਤੀ ਜਾ ਸਕੇ, ਸਾਡੇ ਲੰਬੇ ਸਮੇਂ ਤੋਂ ਲਟਕ ਰਹੇ ਮਸਲਿਆਂ ਦਾ ਹੱਲ ਕਰਵਾਇਆ ਜਾ ਸਕੇ, ਸ. ਮਾਨ ਨੇ ਕਿਹਾ ਕਿ ਜੋ ਵੀ ਲੋਕਾਂ ਨਾਲ ਵਾਅਦੇ ਇਹ ਸਰਕਾਰਾਂ ਮੁਕਰ ਜਾਂਦੀਆਂ ਹਨ, ਉਹਨਾਂ ਨੂੰ ਅਸੀਂ ਪੂਰਾ ਕਰਵਾਵਾਂਗੇ, ਸ. ਮਾਨ ਨੇ ਕਿਹਾ ਕਿ ਬੇਅਦਬੀਆਂ ਦਾ ਇਨਸਾਫ਼, ਬੰਦੀ ਸਿੰਘਾਂ ਦੀ ਰਿਹਾਈ, ਦੇਸ਼-ਵਿਦੇਸ਼ ਵਿੱਚ ਮਰਵਾਏ ਗਏ ਸਿੱਖ ਆਗੂਆਂ ਦਾ ਇਨਸਾਫ਼, ਦੇਸ਼ ਦੇ ਵੱਖ-ਵੱਖ ਕੋਨਿਆਂ ਵਿੱਚ ਘੱਟ ਗਿਣਤੀਆਂ ਉਪਰ ਹੋਏ ਜੁਲਮ, ਨਸ਼ਿਆਂ ਦੀ ਤਸਕਰੀ, ਬੇਰੁਜਗਾਰੀ, ਕਿਸਾਨਾਂ-ਮਜਦੂਰਾਂ ਦੇ ਬਣਦੇ ਹੱਕ ਨਾ ਦੇਣਾ ਆਦਿ ਅਨੇਕਾਂ ਮੁੱਦੇ ਹਨ, ਜੋ ਲੰਬੇ ਸਮੇਂ ਤੋਂ ਲਟਕ ਰਹੇ ਹਨ, ਇਨ੍ਹਾਂ ਸਾਰਿਆਂ ਮੁੱਦਿਆਂ ਦੇ ਹੱਲ ਲਈ ਸ਼੍ਰੋਮਣੀ ਅਕਾਲੀ ਦਲ (ਅੰਮਿਤਸਰ) ਨੂੰ ਜਿਤਾਉਣਾ ਬੇਹੱਦ ਜਰੂਰੀ ਹੈ, ਕਿਉਂਕਿ ਇਹ ਸਾਰੀਆਂ ਪਾਰਟੀਆਂ ਬਾਹਰੋਂ ਦੇਖਣ ਨੂੰ ਵੱਖ-ਵੱਖ ਹਨ ਪਰ ਇਨ੍ਹਾਂ ਸਾਰਿਆਂ ਦੇ ਮਨਸੂਬੇ ਇੱਕ ਹੀ ਹਨ,

ਇਸ ਮੌਕੇ ਹਲਕਾ ਇੰਚਾਰਜ ਸ. ਬਹਾਦਰ ਸਿੰਘ ਭਸੌੜ,ਜਥੇਦਾਰ ਪ੍ਰਗਟ ਸਿੰਘ ਗਾਗਾ, ਪ੍ਰਕਾਸ਼ ਸਿੰਘ ਲਹਿਰਾ, ਜਸਪਾਲ ਸਿੰਘ ਲਹਿਰਾ, ਗੁਰਪ੍ਰੀਤ ਸਿੰਘ, ਪਾਲ ਸਿੰਘ ਖਾਈ, ਗੁਰਜੀਤ ਸਿੰਘ ਗਾਗਾ, ਗੁਰਜੀਤ ਸਿੰਘ ਲਦਾਲ, ਕਿਰਨਦੀਪ ਸਿੰਘ ਫ਼ਤਹਿਗੜ੍ਹ, ਦਰਸ਼ਨ ਸਿੰਘ ਫੌਜੀ, ਬੀਬੀ ਦਵਿੰਦਰਜੀਤ ਕੌਰ ਕਾਲਬੰਜਾਰਾ, ਬੀਬੀ ਕਰਮਜੀਤ ਕੌਰ ਪਾਪੜਾ, ਅਮਰਜੀਤ ਸਿੰਘ ਸਨੀ ਲਹਿਰਾ, ਗੁਰਦੀਪ ਸਿੰਘ ਭੋਤਨਾ ਖੇਤੀਬਾੜੀ ਸੈਂਟਰ, ਗੋਵਿੰਦ ਸਿੰਘ ਗੋਬਿੰਦਪੁਰਾ ਜਵਾਹਰਵਾਲਾ, ਜਸਕਰਨ ਸਿੰਘ ਫਰੀਦਕੋਟ, ਰਣਜੀਤ ਸਿੰਘ ਪੰਜਗਰਾਈਆਂ, ਸ਼ਿੰਦਾ ਖ ਾਨ ਸਮੇਤ ਵੱਚੀ ਗਿਣਤੀ ਵਿੱਚ ਪਾਰਟੀ ਦੇ ਹੋਰ ਆਗੂ ਅਤੇ ਵਰਕਰ ਹਾਜਰ ਸਨ।

# the inauguration of the UK Sikh Court at the historical Honourable Society of Lincoln's Inn in Central London

On Saturday 21st April we saw the inauguration of the UK Sikh Court at the historical Honourable Society of Lincoln's Inn in Central London. As the first such court anywhere in the world, this indeed was Sikh history in the making and another expression of Sikh sovergnty. Though there have been objections from some quarters, others argue this is a significant forward step for the Panth. It's worth noting that the whole project has the blessing/endorsement Akaal Takht Amritsar.

Chief judge of the Sikh Court, Barriser Baljit Singh in the below video sets out the aims and objectives of the court.

During the ceremony Judges of The UK Sikh Court Sikh Judges from England, Scotland and Wales took an oath to serve Granth and Panth. The Hon. Judge Manpreet Singh of the United States of America officiated the ceremony.

The CJ of the Sikh Court said:

"Today, we honour our fathers and forefathers who sacrificed so much—their own happiness and health—working in factories and foundries to provide us with the education and positions we all now hold. They sowed the seeds, knowing that one day we might be able to do something for the betterment of the Sikh Panth.

Today marks just one initiative that their labours have borne fruit.

The Sikh Court is an alternative dispute resolution (ADR) based on a 'Med-Arb' framework, a forum created by Sikh and non-Sikh lawyers and judges from across the world to resolve disputes within the Sikh community. This has been a labour of love for the past

ਆਵਾਜ਼ਿ ਕੌਮ AWAZE QAUM International Newspaper & WEB TV


year.

An initiative to support the Judicial system and work in tandem in dealing with disputes that currently clog up the every growing burdened judicial system. With lengthy delays in listing, the courts of this country are simply understaffed and under resourced. The Sikh Court is not only an ADR forum for Sikhs but a civic duty to do our part in supporting society."

Judges of The Sikh Court
Baldip Singh MCIArb (CJ)
Gurbani Kaur (CMJ)
Prof. Dr. Satvinder S. Juss, FCIArb (CDL)
Sharan Bhachu (FDL)
Harjap Bhangal (IL)
Andy Hayher KC
Mani Singh Basi
Nisha Bambhra
Brinderpal K. Khara
Davinder Dhaliwal
Paman Singh
Aruna Verma
Gurprit Mattu
Tohmev Singh
Accociate Judges
JUSTICE TALWANT SINGH (Sr. Advocate)
Andy Hayher KC
The Hon. Judge Manpreet Singh

Thank you to all that have contributed to the Rules and formation of The Sikh Court including the Sangat.

JUSTICE TALWANT SINGH (Sr. Advocate) Marion Smith KC Nick Vineall KC Professor Jo Delahunty KC Rajvinder Singh Jagdev Mandeep Kaur Virdee Rupinder K Matharu Paul Millan Talbir Singh KC Sanjay Toora Mani Singh Basi Sharan Bhachu Prof. Dr. Satvinder S. Juss, FCIArb Sehaj Kaur Nijjar Preetam Singh Samra Lovejoyt Singh Samuel Townend KC Hugh Mercer KC Narita Bahra KC Kuljit Bhogal KC Ryan Kohli.



ਸਕੱਤਰੇਤ
ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Secretariat
Sri Akal Takhat Sahib, Sri Amritsar Sahib

ਨੰਬਰ ............ ਮਿਤੀ ੦੧/੦੪/੨੦੨੪

ਸ. ਬਲਦੀਪ ਸਿੰਘ ਜੀ
ਚੇਅਰਮੈਨ ਆਫ ਸਿੱਖਸ ਇੰਨ ਲਾਅ,
ਯੂ.ਕੇ।

ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹਿ ॥

ਗੁਰੂ ਸਵਾਰੇ ਜੀਓ,

ਪਿਛਲੇ ਦਿਨੀਂ ਆਪ ਜੀ ਵੱਲੋਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਨਾਮ ਪੱਤਰ ਭੇਜ ਕੇ ਸਿੱਖ ਅਦਾਲਤ ਕਾਇਮ ਕਰਨ ਲਈ ਪ੍ਰਵਾਨਗੀ ਦੀ ਮੰਗ ਕੀਤੀ ਸੀ। ਆਪ ਜੀ ਦੇ ਪੱਤਰ ਨੂੰ ਵਿਚਾਰ ਕੇ ਸਤਿਕਾਰਯੋਗ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਨੇ ਆਪ ਜੀ ਪਾਸ ਲਿਖਤੀ ਜਵਾਬ ਭੇਜਣ ਦਾ ਆਦੇਸ਼ ਕੀਤਾ ਹੈ।

ਆਪ ਜੀ ਦਾ ਜਥਾ ਸਿੱਖਾਂ ਦੇ ਮਸਲਿਆ ਨੂੰ ਬਹੁਤ ਹੀ ਸੰਜੀਦਗੀ ਨਾਲ ਲੈ ਕੇ ਉਸਦਾ ਹੱਲ ਸਿੱਖ ਰਹੁਰੀਤਾਂ ਅਨੁਸਾਰ ਕਰਨ ਦੇ ਉਪਰਾਲੇ ਕਰ ਰਿਹਾ ਹੈ, ਜੋ ਬਹੁਤ ਹੀ ਸ਼ਲਾਘਾਯੋਗ ਕਾਰਜ ਹੈ। ਗੁਰੂ ਸਾਹਿਬ ਜੀ ਅੱਗੇ ਅਰਦਾਸ ਹੈ ਕਿ ਇਹ ਜਥਾ ਹੋਰ ਵੀ ਵਧੇਰੇ ਕਾਮਯਾਬੀ ਹਾਸਲ ਕਰੇ। ਇਸ ਮਸਲੇ 'ਤੇ ਯੂ.ਕੇ ਦੀਆਂ ਸਿੱਖ ਸੰਗਤਾਂ ਵੱਲੋਂ ਵੀ ਸੁਝਾਅ ਮੰਗੇ ਗਏ ਸਨ, ਜਿਸ ਦੇ ਅਧਾਰ 'ਤੇ ਲਿਖਿਆ ਜਾਂਦਾ ਹੈ ਕਿ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ... ਵੱਲੋਂ ਸਾਜੇ ਅਕਾਲ ਦੇ ਤਖ਼ਤ (ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਬਰਾਬਰੀ ਕੋਈ ਵੀ ਦੁਨਿਆਵੀ ... ਨਹੀਂ ਕਰ ਸਕਦੀ। ਇਸ ਲਈ ਦੁਨਿਆਵੀ ਅਦਾਲਤ ਨੂੰ ਪੱਤਰ ਭੇਜਣਾ ਅਯੋਗ ਹੋਵੇਗਾ। ਤੁਹਾਡੇ ਵੱਲੋਂ ... ਕੌਮ ਦੀ ਚੜ੍ਹਦੀ ਕਲਾ ਲਈ ਕੀਤੇ ਜਾ ਰਹੇ ਉਪਰਾਲਿਆਂ ਲਈ ਤੁਹਾਡਾ ਸਾਰਾ ਜਥਾ ਵਧਾਈ ... ਹੈ। ਅਰਦਾਸ ਹੈ ਕਿ ਤੁਸੀ ਹੋਰ ਵੀ ਚੜ੍ਹਦੀ ਕਲਾ ਨਾਲ ਇਹ ਕਾਰਜ ਕਰਦੇ ਰਹੋ।

Recently, you applied to the Jathedar of the Akal Takhat for permission to establish the Sikh Court. After considering your letter, Sri Singh Sahib, the respected Jathedar of the Akal Takhat has instructed me to write this reply.

Your group is attempting to, with great sincerity, find a solution to issues facing the Sikh Jatha according to Sikh rites, which is a very admirable undertaking, We pray to Guru Ji for the success of this Jatha. The Sikh sangat of the UK was also consulted, after which it is being written that no other court can be considered as being equal to the Sri Akal Takhat Sahib, established by Sri Guru Har Gobind Ji. For this reason, it would be improper to send the letter to any other worldly court. Your striving towards serving humanity and the Chardikala of the Sikh nation is to be commended. Our Ardaas is for you to continue these actions with Chardikala.

ਸ਼ੁਭਚਿੰਤਕ,
(ਜਸਪਾਲ ਸਿੰਘ)
ਨਿੱਜੀ ਸਹਾਇਕ,
ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

Phone/Fax : 0183-2540820 | E-Mail : akaltakhatsahib84@gmail.com

